23-JAN-PAGE-1.qxd 1/22/2024 10:21 PM Page 1

ਮੰਗਲਵਾਰ, 23 ਜਨਵਰੀ, 2024
10 ਮਾਘ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 234

# ਨਵਾਂ ਜ਼ਮਾਨਾ

DAILY NAWAN ZAMANA • TUESDAY, 23 JANUARY, 2024
ਜਲੰਧਰ
nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

## ਚੋਣਾਂ ਮੌਕੇ ਰਾਮ ਲੱਲਾ ਵਿਸ਼ਾਲ ਮੰਦਰ 'ਚ

**ਅਯੁੱਧਿਆ :** ਇੱਥੇ ਰਾਮ ਮੰਦਰ 'ਚ ਸ੍ਰੀ ਰਾਮ ਲੱਲਾ ਦੀ ਨਵੀਂ ਮੂਰਤੀ ਦੀ ਪ੍ਰਾਣ ਪ੍ਰਤਿਸ਼ਠਾ ਰਸਮ ਸੋਮਵਾਰ ਪੂਰੀ ਹੋ ਗਈ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਇਸ ਨਾਲ ਜੁੜੀਆਂ ਰਸਮਾਂ 'ਚ ਹਿੱਸਾ ਲਿਆ। ਸੁਨਹਿਰੀ ਰੰਗ ਦਾ ਕੁੜਤਾ ਤੇ ਕਰੀਮ ਰੰਗ ਦੀ ਧੋਤੀ ਪਹਿਨੇ ਪ੍ਰਧਾਨ ਮੰਤਰੀ ਮੋਦੀ ਨਵੇਂ ਬਣੇ ਰਾਮ ਮੰਦਰ ਦੇ ਮੁੱਖ ਗੇਟ ਤੋਂ ਪੈਦਲ ਸਮਾਗਮ ਵਾਲੀ ਥਾਂ 'ਤੇ ਪਹੁੰਚੇ। ਇਸ ਦੌਰਾਨ ਪ੍ਰਧਾਨ ਮੰਤਰੀ ਲਾਲ ਕੱਪੜੇ 'ਚ ਲਪੇਟਿਆ ਚਾਂਦੀ ਦਾ ਛਤਰ ਵੀ ਲੈ ਕੇ ਆਏ।

ਪਾਵਨ ਅਸਥਾਨ 'ਚ ਮੋਦੀ ਨੇ ਪੰਡਤਾਂ ਵੱਲੋਂ ਮੰਤਰਾਂ ਦੇ ਜਾਪ ਨਾਲ ਰਸਮਾਂ ਦੀ ਸ਼ੁਰੂਆਤ ਕੀਤੀ। ਉਨ੍ਹਾ ਪ੍ਰਾਣ ਪ੍ਰਤਿਸ਼ਠਾ ਲਈ ਸੰਕਲਪ ਲਿਆ। ਰਸਮ 'ਚ ਰਾਸ਼ਟਰੀ ਸੋਇਮ ਸੇਵਕ ਸੰਘ ਦੇ ਮੁਖੀ ਮੋਹਨ ਭਾਗਵਤ ਨੇ ਵੀ ਸ਼ਿਰਕਤ ਕੀਤੀ। ਯੂ ਪੀ ਦੀ ਰਾਜਪਾਲ ਆਨੰਦੀਬੇਨ ਪਟੇਲ ਅਤੇ ਮੁੱਖ ਮੰਤਰੀ ਯੋਗੀ ਆਦਿਤਿਆਨਾਥ ਵੀ ਮੌਜੂਦ ਸਨ। ਸਰਕਾਰੀ ਬੁਲਾਰੇ ਨੇ ਦੱਸਿਆ ਕਿ ਰਾਮ ਲੱਲਾ ਦੀ ਨਵੀਂ ਮੂਰਤੀ ਦੀ ਪ੍ਰਾਣ ਪ੍ਰਤਿਸ਼ਠਾ 12 ਵੱਜ ਕੇ 29 ਮਿੰਟ 'ਤੇ ਕੀਤੀ ਗਈ। ਇਸ ਦੌਰਾਨ ਸੈਨਾ ਦੇ ਹੈਲੀਕਾਪਟਰਾਂ ਨੇ ਮੰਦਰ 'ਤੇ ਫੁੱਲਾਂ ਦੀ ਵਰਖਾ ਕੀਤੀ। ਪ੍ਰਧਾਨ ਮੰਤਰੀ ਮੋਦੀ ਨੇ 'ਐਕਸ' 'ਤੇ ਪੋਸਟ 'ਚ ਕਿਹਾ- ਅਯੁੱਧਿਆ ਧਾਮ 'ਚ ਸ੍ਰੀ ਰਾਮ ਲੱਲਾ ਪ੍ਰਾਣ ਪ੍ਰਤਿਸ਼ਠਾ ਦਾ ਅਲੌਕਿਕ ਪਲ ਸਾਰਿਆਂ ਨੂੰ ਭਾਵੁਕ ਕਰਨ ਵਾਲਾ ਹੈ। ਇਸ ਬ੍ਰਹਮ ਦਾ ਹਿੱਸਾ ਬਣਨਾ ਮੇਰੀ ਖੁਸ਼ਕਿਸਮਤੀ ਹੈ। ਜੈ ਸੀਤਾ ਰਾਮ। ਸ੍ਰੀ ਰਾਮ ਲੱਲਾ ਦੀ ਨਵੀਂ ਮੂਰਤੀ ਦੀ ਸਥਾਪਨਾ ਤੋਂ ਬਾਅਦ 'ਸਿਆਵਰ ਰਾਮਚੰਦਰ ਕੀ ਜੈ' ਅਤੇ 'ਜੈ ਸ੍ਰੀ ਰਾਮ' ਦੇ ਨਾਅਰੇ ਨਾਲ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ-22 ਜਨਵਰੀ 2024 ਦਾ ਇਹ ਦਿਨ ਨਵੇਂ ਯੁੱਗ ਦੀ ਸ਼ੁਰੂਆਤ ਹੈ। ਸਾਡੇ ਰਾਮ ਲੱਲਾ ਹੁਣ ਤੰਬੂ 'ਚ ਨਹੀਂ ਰਹਿਣਗੇ। ਸਾਡੇ ਰਾਮ ਲੱਲਾ ਹੁਣ ਇਸ ਵਿਸ਼ਾਲ ਮੰਦਰ 'ਚ ਰਹਿਣਗੇ। ਅੱਜ ਸਾਡਾ ਰਾਮ ਆਇਆ ਹੈ। ਮੇਰਾ ਪੱਕਾ ਵਿਸ਼ਵਾਸ ਅਤੇ ਅਥਾਹ ਸ਼ਰਧਾ ਹੈ ਕਿ ਜੋ ਕੁਝ ਵੀ ਹੋਇਆ ਹੈ, ਦੇਸ਼ ਅਤੇ ਦੁਨੀਆ ਦੇ ਕੋਨੇ-ਕੋਨੇ 'ਚ ਰਾਮ ਦੇ ਭਗਤ ਜ਼ਰੂਰ ਮਹਿਸੂਸ ਕਰ ਰਹੇ ਹੋਣਗੇ।

ਪ੍ਰਧਾਨ ਮੰਤਰੀ ਨੇ ਕਿਹਾ—ਮੈਂ ਭਗਵਾਨ ਸ੍ਰੀ ਰਾਮ ਤੋਂ ਵੀ ਮੁਆਫੀ ਮੰਗਦਾ ਹਾਂ। ਸਾਡੇ ਯਤਨਾਂ, ਤਿਆਗ ਅਤੇ ਤਪੱਸਿਆ 'ਚ ਜ਼ਰੂਰ ਕੋਈ ਕਮੀ ਰਹੀ ਹੋਵੇਗੀ ਕਿ ਅਸੀਂ ਇਹ ਕੰਮ ਏਨੀਆਂ ਸਦੀਆਂ ਤੱਕ ਨਹੀਂ ਕਰ ਸਕੇ। ਅੱਜ ਉਹ ਕੰਮ ਪੂਰਾ ਹੋ ਗਿਆ ਹੈ। ਮੈਨੂੰ ਵਿਸ਼ਵਾਸ ਹੈ ਕਿ ਭਗਵਾਨ ਸ੍ਰੀ ਰਾਮ ਜ਼ਰੂਰ ਸਾਨੂੰ ਮੁਆਫ ਕਰ ਦੇਣਗੇ।

ਉਨ੍ਹਾ ਅੱਗੇ ਕਿਹਾ—ਇਹ ਰਾਮ ਦੇ ਰੂਪ 'ਚ ਰਾਸ਼ਟਰੀ ਚੇਤਨਾ ਦਾ ਮੰਦਰ ਹੈ। ਰਾਮ ਭਾਰਤ ਦੀ ਆਸਥਾ ਹੈ, ਰਾਮ ਭਾਰਤ ਦੀ ਨੀਂਹ ਹੈ। ਰਾਮ ਭਾਰਤ ਦਾ ਵਿਚਾਰ ਹੈ, ਰਾਮ ਭਾਰਤ ਦਾ ਕਾਨੂੰਨ ਹੈ... ਰਾਮ ਭਾਰਤ ਦੀ ਸ਼ਾਨ ਹੈ। ਰਾਮ ਨੇਤਾ ਹੈ ਅਤੇ ਰਾਮ ਨੀਤੀ ਹੈ। ਰਾਮ ਸਦੀਵੀ ਹੈ। ਜਦੋਂ ਰਾਮ ਦਾ ਸਤਿਕਾਰ ਕੀਤਾ ਜਾਂਦਾ ਹੈ, ਤਾਂ ਇਸ ਦਾ ਪ੍ਰਭਾਵ ਸਾਲਾਂ ਜਾਂ ਸਦੀਆਂ ਤੱਕ ਨਹੀਂ ਰਹਿੰਦਾ, ਇਸ ਦਾ ਪ੍ਰਭਾਵ ਹਜ਼ਾਰਾਂ ਸਾਲਾਂ ਤੱਕ ਰਹਿੰਦਾ ਹੈ।

ਪ੍ਰਧਾਨ ਮੰਤਰੀ ਨੇ 2019 ਦੇ ਫੈਸਲੇ 'ਚ ਨਿਆਂ ਦੇਣ ਲਈ ਸੁਪਰੀਮ ਕੋਰਟ ਦਾ ਧੰਨਵਾਦ ਵੀ ਕੀਤਾ ਅਤੇ ਰਾਮ ਜਨਮ ਭੂਮੀ ਲਈ ਲੜੀ ਗਈ ਲੰਮੀ ਕਾਨੂੰਨੀ ਲੜਾਈ ਨੂੰ ਯਾਦ ਕੀਤਾ। ਉਨ੍ਹਾ ਕਿਹਾ—ਭਾਰਤੀ ਸੰਵਿਧਾਨ ਦੇ ਪਹਿਲੇ ਪੰਨੇ 'ਤੇ ਭਗਵਾਨ ਰਾਮ ਮੌਜੂਦ ਹਨ। ਸੰਵਿਧਾਨ ਲਾਗੂ ਹੋਣ ਤੋਂ ਕਈ ਦਹਾਕਿਆਂ ਬਾਅਦ ਵੀ ਭਗਵਾਨ ਰਾਮ ਦੀ ਹੋਂਦ ਨੂੰ ਲੈ ਕੇ ਕਾਨੂੰਨੀ ਲੜਾਈਆਂ ਲੜੀਆਂ ਗਈਆਂ। ਮੈਂ ਨਿਆਂ ਕਰਨ ਲਈ ਸੁਪਰੀਮ ਕੋਰਟ ਦਾ ਧੰਨਵਾਦ ਕਰਦਾ ਹਾਂ। ਰਾਮ ਮੰਦਰ ਦਾ ਨਿਰਮਾਣ ਕਾਨੂੰਨੀ ਤੌਰ 'ਤੇ ਹੋਇਆ। 22 ਜਨਵਰੀ ਦਾ ਸੂਰਜ ਅਦਭੁਤ ਚਮਕ ਲਿਆਇਆ। 22 ਜਨਵਰੀ 2024 ਕੈਲੰਡਰ 'ਤੇ ਲਿਖੀ ਤਾਰੀਖ ਨਹੀਂ ਹੈ, ਇਹ ਇੱਕ ਨਵੇਂ ਸਮੇਂ ਦੇ ਚੱਕਰ ਦੀ ਉਤਪਤੀ ਹੈ।

ਮੋਹਨ ਭਾਗਵਤ ਨੇ ਕਿਹਾ—ਅੱਜ ਰਾਮ ਲੱਲਾ 500 ਸਾਲ ਬਾਅਦ ਇੱਥੇ ਵਾਪਸ ਆਏ ਹਨ ਅਤੇ ਉਨ੍ਹਾ ਦੇ ਯਤਨਾਂ ਸਦਕਾ ਅੱਜ ਅਸੀਂ ਇਹ ਸੁਨਹਿਰੀ ਦਿਨ ਦੇਖ ਰਹੇ ਹਾਂ। ਇਸ ਯੁੱਗ ਦੇ ਇਤਿਹਾਸ 'ਚ ਏਨੀ ਸ਼ਕਤੀ ਹੈ ਕਿ ਜੋ ਵੀ ਰਾਮ ਲੱਲਾ ਦੀ ਕਥਾ ਸੁਣਦਾ ਹੈ, ਉਸ ਦੇ ਸਾਰੇ ਦੁੱਖ-ਦਰਦ ਮਿਟ ਜਾਂਦੇ ਹਨ।

## ਅਯੁੱਧਿਆ ਦੇ ਪਿੰਡ 'ਚ ਮਸਜਿਦ ਦੀ ਉਸਾਰੀ ਮਈ ਤੋਂ

**ਨਵੀਂ ਦਿੱਲੀ :** ਇੰਡੋ-ਇਸਲਾਮਿਕ ਕਲਚਰਲ ਫਾਊਂਡੇਸ਼ਨ ਇਸ ਸਾਲ ਮਈ ਤੋਂ ਅਯੁੱਧਿਆ 'ਚ ਵਿਸ਼ਾਲ ਮਸਜਿਦ ਦਾ ਨਿਰਮਾਣ ਸ਼ੁਰੂ ਕਰੇਗੀ। ਇਸ ਨੂੰ ਪੂਰਾ ਹੋਣ 'ਚ ਤਿੰਨ-ਚਾਰ ਸਾਲ ਲੱਗਣ ਦੀ ਸੰਭਾਵਨਾ ਹੈ। ਮਸਜਿਦ ਪ੍ਰੋਜੈਕਟ ਦੀ ਨਿਗਰਾਨੀ ਕਰ ਰਹੀ ਇੰਡੋ-ਇਸਲਾਮਿਕ ਕਲਚਰਲ ਫਾਊਂਡੇਸ਼ਨ ਦੀ ਵਿਕਾਸ ਕਮੇਟੀ ਦੇ ਮੁਖੀ ਹਾਜੀ ਅਰਾਫਾਤ ਸ਼ੇਖ ਨੇ ਕਿਹਾ ਕਿ ਮਸਜਿਦ ਲਈ ਫੰਡ ਇਕੱਠਾ ਕਰਨ ਲਈ ਇੱਕ ਪਬਲਿਕ-ਫੰਡਿੰਗ ਵੈੱਬਸਾਈਟ ਸਥਾਪਤ ਕੀਤੇ ਜਾਣ ਦੀ ਸੰਭਾਵਨਾ ਹੈ। ਮਸਜਿਦ ਦਾ ਨਾਂਅ ਪੈਗੰਬਰ ਮੁਹੰਮਦ ਦੇ ਨਾਂਅ 'ਤੇ 'ਮਸਜਿਦ ਮੁਹੰਮਦ ਬਿਨ ਅਬਦੁੱਲਾ' ਰੱਖਿਆ ਜਾਵੇਗਾ, ਜੋ ਕਿ ਅਯੁੱਧਿਆ ਦੇ ਧੰਨੀਪੁਰ ਪਿੰਡ 'ਚ ਉਸਾਰੀ ਜਾਵੇਗੀ। ਸ਼ੇਖ ਨੇ ਕਿਹਾ—ਸਾਡੀ ਕੋਸ਼ਿਸ਼ ਲੋਕਾਂ 'ਚ ਦੁਸ਼ਮਣੀ, ਨਫਰਤ ਨੂੰ ਖਤਮ ਕਰਕੇ ਪਿਆਰ 'ਚ ਬਦਲਣ ਦੀ ਹੈ... ਚਾਹੇ ਤੁਸੀਂ ਸੁਪਰੀਮ ਕੋਰਟ ਦਾ ਫੈਸਲਾ ਮੰਨੋ ਜਾਂ ਨਾ ਮੰਨੋ। ਉਨ੍ਹਾ ਇਹ ਵੀ ਕਿਹਾ ਕਿ ਜੇ ਅਸੀਂ ਆਪਣੇ ਬੱਚਿਆਂ ਅਤੇ ਲੋਕਾਂ ਨੂੰ ਚੰਗੀਆਂ ਗੱਲਾਂ ਸਿਖਾਵਾਂਗੇ ਤਾਂ ਇਹ ਸਾਰੀ ਲੜਾਈ ਰੁਕ ਜਾਵੇਗੀ।

ਸੁਪਰੀਮ ਕੋਰਟ ਨੇ 2019 'ਚ ਕਿਹਾ ਸੀ ਕਿ 1992 'ਚ ਬਾਬਰੀ ਮਸਜਿਦ ਨੂੰ ਢਾਹੁਣਾ ਗੈਰ-ਕਾਨੂੰਨੀ ਸੀ। ਹਾਲਾਂਕਿ ਅਦਾਲਤ ਨੇ ਫੈਸਲਾ ਦਿੱਤਾ ਕਿ ਬਾਬਰੀ ਮਸਜਿਦ ਦੇ ਹੇਠਾਂ ਇੱਕ ਗੈਰ-ਇਸਲਾਮਿਕ ਢਾਂਚਾ ਸੀ। ਅਦਾਲਤ ਨੇ ਫੈਸਲਾ ਦਿੱਤਾ ਸੀ ਕਿ ਵਿਵਾਦਤ ਜ਼ਮੀਨ 'ਤੇ ਮੰਦਰ ਬਣਾਇਆ ਜਾਵੇਗਾ ਅਤੇ ਮਸਜਿਦ ਬਣਾਉਣ ਲਈ ਮੁਸਲਿਮ ਪੱਖ ਨੂੰ ਜ਼ਮੀਨ ਦਾ ਇੱਕ ਟੁਕੜਾ ਮੁਹੱਈਆ ਕਰਵਾਇਆ ਜਾਵੇਗਾ।

## ਗੱਗਲ ਹਵਾਈ ਅੱਡੇ ਦੇ ਵਿਸਥਾਰ ਖਿਲਾਫ ਹੁਕਮ 'ਤੇ ਰੋਕ

**ਨਵੀਂ ਦਿੱਲੀ :** ਸੁਪਰੀਮ ਕੋਰਟ ਨੇ ਸੋਮਵਾਰ ਹਿਮਾਚਲ ਦੇ ਕਾਂਗੜਾ ਜ਼ਿਲ੍ਹੇ 'ਚ ਗੱਗਲ ਹਵਾਈ ਅੱਡੇ ਦੇ ਵਿਸਥਾਰ ਪ੍ਰਾਜੈਕਟ 'ਤੇ ਰੋਕ ਲਾਉਣ ਦੇ ਅਦਾਲਤੀ ਹੁਕਮ 'ਤੇ ਰੋਕ ਲਾ ਦਿੱਤੀ। 9 ਜਨਵਰੀ ਨੂੰ ਹਿਮਾਚਲ ਪ੍ਰਦੇਸ਼ ਹਾਈ ਕੋਰਟ ਨੇ ਗੱਗਲ ਹਵਾਈ ਅੱਡੇ ਦੇ ਵਿਸਥਾਰ 'ਤੇ ਰੋਕ ਲਗਾ ਦਿੱਤੀ ਸੀ। ਚੀਫ ਜਸਟਿਸ ਡੀ ਵਾਈ ਚੰਦਰਚੂੜ, ਜਸਟਿਸ ਜੇ ਬੀ ਪਾਰਦੀਵਾਲਾ ਅਤੇ ਜਸਟਿਸ ਮਨੋਜ ਮਿਸ਼ਰਾ ਦੀ ਬੈਂਚ ਨੇ ਹਾਈ ਕੋਰਟ ਦੇ ਹੁਕਮਾਂ ਨੂੰ ਲਾਗੂ ਕਰਨ 'ਤੇ ਰੋਕ ਲਾਈ।

## ਕੋਹਲੀ ਇੰਗਲੈਂਡ ਖਿਲਾਫ ਪਹਿਲੇ ਦੋ ਟੈਸਟ ਮੈਚ ਨਹੀਂ ਖੇਡੇਗਾ

**ਮੁੰਬਈ :** ਭਾਰਤੀ ਕ੍ਰਿਕਟ ਕੰਟਰੋਲ ਬੋਰਡ ਨੇ ਸੋਮਵਾਰ ਦੱਸਿਆ ਕਿ ਵਿਰਾਟ ਕੋਹਲੀ ਨੇ ਨਿੱਜੀ ਕਾਰਨਾਂ ਕਰਕੇ ਇੰਗਲੈਂਡ ਦੇ ਖਿਲਾਫ ਪਹਿਲੇ ਦੋ ਟੈਸਟ ਮੈਚ ਨਾ ਖੇਡਣ ਦਾ ਫੈਸਲਾ ਕੀਤਾ ਹੈ। ਪਹਿਲਾ ਮੈਚ 25 ਜਨਵਰੀ ਨੂੰ ਹੈਦਰਾਬਾਦ 'ਚ ਹੋਵੇਗਾ। ਦੂਜਾ ਮੈਚ 2 ਫਰਵਰੀ ਨੂੰ ਵਿਜ਼ਾਗ 'ਚ ਖੇਡਿਆ ਜਾਵੇਗਾ। ਪੰਜਵਾਂ ਅਤੇ ਆਖਰੀ ਟੈਸਟ ਧਰਮਸ਼ਾਲਾ 'ਚ ਹੋਵੇਗਾ ਅਤੇ ਸੀਰੀਜ਼ 11 ਮਾਰਚ ਨੂੰ ਸਮਾਪਤ ਹੋਵੇਗੀ।

## ਰਿਜ਼ਾਰਟ 'ਚੋਂ ਦੋ ਲਾਸ਼ਾਂ ਬਰਾਮਦ

**ਸੋਨੀਪਤ :** ਸੋਮਵਾਰ ਸਵੇਰੇ ਸੋਨੀਪਤ ਦੇ ਰਿਜ਼ਾਰਟ 'ਚੋਂ ਪੁਰਸ਼ ਅਤੇ ਔਰਤ ਦੀਆਂ ਅਰਧ ਨਗਨ ਲਾਸ਼ਾਂ ਮਿਲੀਆਂ। ਮ੍ਰਿਤਕਾਂ ਦੀ ਪਛਾਣ ਦਿੱਲੀ ਦੇ ਅਸ਼ੋਕ ਵਿਹਾਰ ਦੇ 26 ਸਾਲਾ ਹਿਮਾਂਸ਼ੂ ਅਤੇ ਉਜ਼ਬੇਕਿਸਤਾਨ ਦੀ 32 ਸਾਲਾ ਅਬਦੁਲੇਵਾ ਵਜੋਂ ਹੋਈ ਹੈ। ਪੁਲਸ ਨੇ ਕੇਸ ਦਰਜ ਕਰ ਲਿਆ ਹੈ। ਦੋਨੋਂ ਐਤਵਾਰ ਰਾਤ ਕਰੀਬ 8.30 ਵਜੇ ਜ਼ਿਲ੍ਹੇ ਦੇ ਕਾਮੀ ਪਿੰਡ 'ਚ ਰਿਜ਼ਾਰਟ 'ਮੇਰਾ ਗਾਓਂ ਮੇਰਾ ਦੇਸ਼' 'ਚ ਆਏ ਸਨ। ਸਵੇਰੇ ਜਦੋਂ ਦੋਵੇਂ ਆਪਣੇ ਕਮਰੇ ਤੋਂ ਬਾਹਰ ਨਹੀਂ ਆਏ ਤਾਂ ਹੋਟਲ ਦੇ ਕਰਮਚਾਰੀਆਂ ਨੇ ਖਿੜਕੀ ਤੋਂ ਕਮਰੇ 'ਚ ਦੇਖਿਆ ਤਾਂ ਉਹ ਬੈੱਡ 'ਤੇ ਪਏ ਨਜ਼ਰ ਆਏ।

## ਅੰਦੋਲਨ ਚਲਾਉਣ ਵਾਲੇ ਅਡਵਾਨੀ ਨਹੀਂ ਪੁੱਜੇ

**ਨਵੀਂ ਦਿੱਲੀ :** ਅਯੁੱਧਿਆ 'ਚ ਰਾਮ ਮੰਦਰ ਲਈ ਦੇਸ਼ ਭਰ 'ਚ ਪ੍ਰਚਾਰ ਕਰਨ ਵਾਲੇ ਭਾਜਪਾ ਦੇ ਸੀਨੀਅਰ ਨੇਤਾ ਲਾਲ ਕ੍ਰਿਸ਼ਨ ਅਡਵਾਨੀ ਪ੍ਰਾਣ ਪ੍ਰਤਿਸ਼ਠਾ ਸਮਾਰੋਹ 'ਚ ਸ਼ਾਮਲ ਨਹੀਂ ਹੋਏ। ਦੱਸਿਆ ਜਾ ਰਿਹਾ ਹੈ ਕਿ ਇਹ ਫੈਸਲਾ 96 ਸਾਲਾ ਅਡਵਾਨੀ ਦੀ ਸਿਹਤ ਅਤੇ ਅੱਤ ਦੀ ਠੰਢ ਕਾਰਨ ਕੀਤਾ ਗਿਆ। ਇਸ ਮਹੀਨੇ ਦੇ ਸ਼ੁਰੂ 'ਚ ਵਿਸ਼ਵ ਹਿੰਦੂ ਪ੍ਰੀਸ਼ਦ ਦੇ ਅੰਤਰਰਾਸ਼ਟਰੀ ਕਾਰਜਕਾਰੀ ਪ੍ਰਧਾਨ ਆਲੋਕ ਕੁਮਾਰ ਦੇ ਨਾਲ ਆਰ ਐੱਸ ਐੱਸ ਦੇ ਨੇਤਾ ਕ੍ਰਿਸ਼ਨ ਗੋਪਾਲ ਤੇ ਰਾਮ ਲਾਲ ਨੇ ਅਡਵਾਨੀ ਦੇ ਘਰ ਜਾ ਕੇ ਉਨ੍ਹਾ ਨੂੰ ਪ੍ਰਾਣ ਪ੍ਰਤਿਸ਼ਠਾ ਸਮਾਰੋਹ ਲਈ ਸੱਦਾ ਦਿੱਤਾ ਸੀ। ਆਲੋਕ ਕੁਮਾਰ ਨੇ ਕਿਹਾ ਸੀ ਕਿ ਅਡਵਾਨੀ ਇਸ ਪ੍ਰੋਗਰਾਮ 'ਚ ਸ਼ਾਮਲ ਹੋਣਗੇ। ਖਰਾਬ ਮੌਸਮ ਕਾਰਨ ਅਡਵਾਨੀ ਨੇ ਆਖਰੀ ਸਮੇਂ 'ਤੇ ਆਪਣਾ ਅਯੁੱਧਿਆ ਦੌਰਾ ਪ੍ਰੋਗਰਾਮ ਰੱਦ ਕਰ ਦਿੱਤਾ।

## ਸ਼ਿੰਦੇ ਧੜੇ ਨੂੰ ਨੋਟਿਸ

**ਨਵੀਂ ਦਿੱਲੀ :** ਸੁਪਰੀਮ ਕੋਰਟ ਨੇ ਸ਼ੁੱਕਰਵਾਰ ਸ਼ਿਵ ਸੈਨਾ (ਊਧਵ ਬਾਲਾਸਾਹਿਬ ਠਾਕਰੇ) ਦੀ ਪਟੀਸ਼ਨ 'ਤੇ ਸ਼ਿਵ ਸੈਨਾ (ਸ਼ਿੰਦੇ) ਨੂੰ ਨੋਟਿਸ ਜਾਰੀ ਕੀਤਾ। ਨੋਟਿਸ ਮਹਾਰਾਸ਼ਟਰ ਅਸੰਬਲੀ ਦੇ ਸਪੀਕਰ ਰਾਹੁਲ ਨਾਰਵੇਕਰ ਦੇ ਉਸ ਆਦੇਸ਼ 'ਤੇ ਦਿੱਤਾ ਗਿਆ ਹੈ, ਜਿਸ ਵਿਚ ਉਨ੍ਹਾ ਮੁੱਖ ਮੰਤਰੀ ਏਕਨਾਥ ਸ਼ਿੰਦੇ ਦੀ ਅਗਵਾਈ ਵਾਲੇ ਧੜੇ ਨੂੰ ਅਸਲੀ ਸ਼ਿਵ ਸੈਨਾ ਐਲਾਨਿਆ ਸੀ। ਚੀਫ ਜਸਟਿਸ ਡੀ ਵਾਈ ਚੰਦਰਚੂੜ ਦੀ ਅਗਵਾਈ ਵਾਲੀ ਬੈਂਚ ਨੇ ਸ਼ਿੰਦੇ ਤੇ ਹੋਰਨਾਂ ਵਿਧਾਇਕਾਂ ਤੋਂ ਦੋ ਹਫਤਿਆਂ ਵਿਚ ਜਵਾਬ ਮੰਗਿਆ ਹੈ। ਦਰਅਸਲ ਸਪੀਕਰ ਨੇ 10 ਜਨਵਰੀ ਨੂੰ ਸ਼ਿੰਦੇ ਸਣੇ ਉਨ੍ਹਾ ਦੇ ਧੜੇ ਦੇ 16 ਵਿਧਾਇਕਾਂ ਨੂੰ ਅਯੋਗ ਕਰਾਰ ਦੇਣ ਦੀ ਊਧਵ ਧੜੇ ਦੀ ਅਪੀਲ ਖਾਰਜ ਕਰ ਦਿੱਤੀ ਸੀ। ਇਸ ਦੇ ਨਾਲ ਹੀ ਸ਼ਿੰਦੇ ਧੜੇ ਨੂੰ ਅਸਲੀ ਸ਼ਿਵ ਸੈਨਾ ਮੰਨਿਆ ਸੀ। ਊਧਵ ਧੜੇ ਨੇ 15 ਜਨਵਰੀ ਨੂੰ ਇਸ ਵਿਰੁੱਧ ਪਟੀਸ਼ਨ ਦਾਇਰ ਕੀਤੀ ਸੀ।

## ਦਲਿਤਾਂ ਨੇ ਭਾਜਪਾ ਸਾਂਸਦ ਭਜਾਇਆ

**ਮੈਸੂਰ :** ਭਾਜਪਾ ਦੇ ਮੈਸੂਰ-ਕੋਡਾਗੂ ਹਲਕੇ ਤੋਂ ਲੋਕ ਸਭਾ ਮੈਂਬਰ ਪ੍ਰਤਾਪ ਸਿਮ੍ਹਾ ਨੂੰ ਕਸੂਤੀ ਸਥਿਤੀ ਦਾ ਸਾਹਮਣਾ ਕਰਨਾ ਪਿਆ ਜਦੋਂ ਸੋਮਵਾਰ ਸਵੇਰੇ ਹਰੋਹੱਲੀ ਦੇ ਮੰਦਰ ਪੂਜਾ ਕਰਨ ਪੁੱਜੇ। ਅਯੁੱਧਿਆ ਵਿਚ ਸਥਾਪਤ ਰਾਮ ਲੱਲਾ ਦੀ ਮੂਰਤੀ ਮੈਸੂਰ ਤਹਿਸੀਲ ਦੇ ਜੈਪੁਰਾ ਹੋਬਲੀ ਤੋਂ ਲਏ ਗਏ ਪੱਥਰ ਨਾਲ ਬਣਾਈ ਗਈ ਸੀ।

ਪ੍ਰਤਾਪ ਸਿਮ੍ਹਾ ਸਵੇਰੇ ਕਰੀਬ 7 ਵਜੇ ਪੂਜਾ ਵਿਚ ਸ਼ਾਮਲ ਹੋਣ ਪੁੱਜੇ। ਪਰ ਦਲਿਤ ਆਗੂਆਂ ਨੇ ਉਨ੍ਹਾ ਨੂੰ ਪੂਜਾ ਵਿਚ ਇਹ ਕਹਿ ਕੇ ਸ਼ਾਮਲ ਨਹੀਂ ਹੋਣ ਦਿੱਤਾ ਕਿ ਤੁਸੀਂ ਦਲਿਤ-ਵਿਰੋਧੀ ਬਿਆਨ ਦਿੱਤੇ। ਤੁਸੀਂ ਇੱਥੇ ਕੀ ਕਰਨ ਆਏ ਹੋ?

ਗੁੱਸੇ ਵਿਚ ਆਏ ਆਗੂਆਂ ਨੇ ਕਿਹਾ-ਤੁਸੀਂ ਦਲਿਤ-ਵਿਰੋਧੀ ਹੋ। ਤੁਸੀਂ ਜਨਤਕ ਮੰਚਾਂ 'ਤੇ ਦਲਿਤਾਂ ਵਿਰੁੱਧ ਬਿਆਨ ਦਿੱਤੇ। ਮਹੀਸ਼ਾ ਦੁਸਹਿਰੇ ਵੇਲੇ ਵੀ ਬਿਆਨ ਦਿੱਤੇ। ਤੁਸੀਂ ਦਲਿਤਾਂ ਦੀ ਜ਼ਮੀਨ 'ਤੇ ਪੂਜਾ ਨਹੀਂ ਕਰ ਸਕਦੇ। ਹਰੋਹੱਲੀ ਦੇ ਲੋਕ ਅਮਨ-ਅਮਾਨ ਨਾਲ ਰਹਿ ਰਹੇ ਹਨ, ਖਲਲ ਨਾ ਪਾਓ। ਇਹ ਸਾਰੀ ਘਟਨਾ ਭਾਜਪਾ ਦੇ ਇਤਿਹਾਦੀ ਜਨਤਾ ਦਲ (ਸੈਕੂਲਰ) ਦੇ ਵਿਧਾਇਕ ਜੀ ਟੀ ਦੇਵੇਗੌੜਾ, ਵਿਧਾਇਕ ਸ੍ਰੀਵਤਸ ਤੇ ਹੋਰਨਾਂ ਆਗੂਆਂ ਦੀ ਮੌਜੂਦਗੀ ਵਿਚ ਵਾਪਰੀ। ਉਨ੍ਹਾਂ ਲੋਕਾਂ ਨੂੰ ਸ਼ਾਂਤ ਕਰਨ ਦੀ ਕੋਸ਼ਿਸ਼ ਕੀਤੀ, ਪਰ ਨਾਕਾਮ ਰਹੇ। ਵੱਡੀ ਗਿਣਤੀ ਵਿਚ ਇਕੱਠੇ ਹੋਏ ਦਲਿਤ ਆਗੂਆਂ ਨੇ ਸਿਮ੍ਹਾ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਆਖਰ ਸਿਮ੍ਹਾ ਨੂੰ ਆਪਣੀ ਕਾਰ ਵਿਚ ਪਰਤਣਾ ਪਿਆ। ਸਿਮ੍ਹਾ ਇਸ ਹਲਕੇ ਤੋਂ ਦੂਜੀ ਵਾਰ ਲੋਕ ਸਭਾ ਲਈ ਚੁਣੇ ਗਏ ਸਨ।

## ਰਾਹੁਲ ਨੂੰ ਮੰਦਰ ਨਾ ਜਾਣ ਦਿੱਤਾ

**ਨੌਗਾਓਂ :** ਆਸਾਮ 'ਚ ਸ੍ਰੀ ਸ੍ਰੀ ਸ਼ੰਕਰ ਦੇਵ ਸਤਰ ਮੰਦਰ ਵਿਚ ਜਾਣ ਦੀ ਇਜਾਜ਼ਤ ਨਾ ਮਿਲਣ ਤੋਂ ਬਾਅਦ ਕਾ

23-JAN-PAGE-1.qxd 1/22/2024 10:22 PM Page 2



## ਲੂਈ ਬਰੇਲ ਦੇ ਜਨਮ ਦਿਨ 'ਤੇ ਵਿਦਿਆਰਥੀਆਂ ਨੇ ਕੀਤਾ ਅੰਧ ਵਿਦਿਆਲਿਆ ਦਾ ਦੌਰਾ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਦਾਸ ਐਂਡ ਬਰਾਊਨ ਵਰਲਡ ਸਕੂਲ ਦੇ ਵਿਦਿਆਰਥੀਆਂ ਵੱਲੋਂ ਲੂਈ ਬਰੇਲ ਦੇ ਜਨਮ ਦਿਨ ਦੇ ਸਬੰਧ ਵਿੱਚ ਮੱਖੂ ਗੇਟ ਚੌਕ ਸਥਿਤ ਅੰਧ ਵਿਦਿਆਲਿਆ ਦਾ ਦੌਰਾ ਕੀਤਾ ਗਿਆ। ਸਮਾਜ ਸੇਵੀ ਵਿਪੁਲ ਨਾਰੰਗ ਨੇ ਵਿਦਿਆਰਥੀਆਂ ਨੂੰ ਨੇਤਰਹੀਣਾਂ ਦੀਆਂ ਸਮੱਸਿਆਵਾਂ ਤੇ ਬਿਨਾਂ ਅੱਖਾਂ ਦੇ ਕੀਤੇ ਕੰਮ ਬਾਰੇ ਚਾਨਣਾ ਪਾਇਆ। ਪ੍ਰਿੰਸੀਪਲ ਡਾ. ਰਾਜੇਸ਼ ਚੰਦੇਲ ਨੇ ਦੱਸਿਆ ਕਿ ਸਕੂਲ ਦੇ 22 ਵਿਦਿਆਰਥੀਆਂ ਨੇ ਨੇਤਰਹੀਣ ਸਕੂਲ 'ਚ ਜਾ ਕੇ ਉਥੇ 100 ਤੋਂ ਵੱਧ ਨੇਤਰਹੀਣਾਂ ਨੂੰ ਤੌਲੀਏ ਤੇ ਹੋਰ ਜ਼ਰੂਰੀ ਸਾਮਾਨ ਵੰਡਿਆ।ਬੱਚਿਆਂ ਨੂੰ ਦੱਸਿਆ ਗਿਆ ਕਿ ਕਿਵੇਂ ਨੇਤਰਹੀਣ ਬ੍ਰੇਲ ਲਿੱਪੀ ਪੜ੍ਹਦੇ ਹਨ ਤੇ ਕਦਮ ਗਿਣਨ ਤੋਂ ਇਲਾਵਾ ਆਪਣੇ ਰੋਜ਼ਾਨਾ ਦੇ ਕੰਮ ਕਿਵੇਂ ਕਰਦੇ ਹਨ।ਵਿਪੁਲ ਨਾਰੰਗ ਨੇ ਵਿਦਿਆਰਥੀਆਂ ਨੂੰ ਕਿਹਾ ਕਿ ਸਾਨੂੰ ਹਮੇਸ਼ਾ ਪ੍ਰਮਾਤਮਾ ਦਾ ਸ਼ੁਕਰਾਨਾ ਕਰਨਾ ਚਾਹੀਦਾ ਹੈ ਕਿ ਪ੍ਰਮਾਤਮਾ ਨੇ ਸਾਨੂੰ ਸਭ ਕੁਝ ਦਿੱਤਾ ਹੈ।ਉਨ੍ਹਾ ਕਿਹਾ ਕਿ ਨੇਤਰਹੀਣ ਵਿਅਕਤੀਆਂ ਦੀਆਂ ਅੱਖਾਂ ਦੀ ਰੌਸ਼ਨੀ ਨਾ ਹੋਣ ਕਾਰਨ ਉਹ ਬ੍ਰਹਿਮੰਡ ਦੀ ਸੁੰਦਰ ਰਚਨਾ ਨੂੰ ਨਹੀਂ ਦੇਖ ਪਾਉਂਦੇ।ਵਿਦਿਆਰਥੀ ਅਯਾਨ ਮੋਂਗਾ, ਕੈਨਾ, ਕ੍ਰਿਸ਼ਨਨੂਰ, ਹਰਸੀਰਤ, ਬੰਸਪ੍ਰੀਤ ਨੇ ਦੱਸਿਆ ਕਿ ਉਹ ਪਹਿਲੀ ਵਾਰ ਨੇਤਰਹੀਣ ਸਕੂਲ ਵਿੱਚ ਆਏ ਹਨ ਤੇ ਇੱਥੋਂ ਦੇ ਲੋਕਾਂ ਦੀ ਜ਼ਿੰਦਗੀ ਦੇਖ ਕੇ ਬਹੁਤ ਪ੍ਰਭਾਵਿਤ ਹੋਏ ਹਨ।ਇਸ ਮੌਕੇ ਅਧਿਆਪਕ ਰੋਜ਼ਾਲੀਨਾ, ਸੁਸ਼ਮਾ, ਕਨਿਕਾ ਆਦਿ ਹਾਜ਼ਰ ਸਨ।

## ਮਾਡਲ ਸਕੂਲ ਕਰੋਦਾ 'ਚ ਮੈਥ ਤੇ ਕੁਇੱਜ਼ ਮੁਕਾਬਲਾ ਕਰਾਇਆ

**ਮੂਨਕ (ਰਾਜਪਾਲ ਸਿੰਗਲਾ)**-ਸ਼ਹੀਦ ਭਗਤ ਸਿੰਘ ਮਾਡਲ ਸਕੂਲ ਕਰੋਦਾ ਵਿੱਚ ਪਹਿਲਾ ਮੈਥ ਤੇ ਕੁਇੱਜ਼ ਮੁਕਾਬਲਾ ਬੜੀ ਹੀ ਧੂਮ ਧਾਮ ਨਾਲ ਅਤੇ ਵਧੀਆ ਤਰੀਕੇ ਨਾਲ ਕਰਵਾਇਆ ਗਿਆ। ਮੁਕਾਬਲੇ ਵਿੱਚ ਇਲਾਕੇ ਦੇ 15 ਸਕੂਲਾਂ ਤੇ 200 ਬੱਚਿਆਂ ਨੇ ਭਾਗ ਲਿਆ। ਸਕੂਲ ਮੁਖੀ ਰਣਧੀਰ ਸਿੰਘ ਨੇ ਮੁਕਾਬਲੇ ਦੀ ਸ਼ੁਰੂਆਤ ਵਿੱਚ ਦੱਸਿਆ ਕਿ ਇਸ ਮੁਕਾਬਲੇ ਦਾ ਉਦੇਸ਼ ਬੱਚਿਆਂ ਵਿੱਚ ਪੜ੍ਹਨ ਦੀ ਰੁਚੀ ਪੈਦਾ ਕਰਨ ਅਤੇ ਬੱਚਿਆਂ ਨੂੰ ਨਕਲ ਤੇ ਨਸ਼ਿਆਂ ਤੋਂ ਦੂਰ ਰੱਖਣਾ ਸੀ। ਸਾਰੇ ਹੀ ਸਕੂਲਾਂ ਦੇ ਬੱਚਿਆਂ ਨੇ ਬਹੁਤ ਵਧੀਆ ਪ੍ਰਦਰਸ਼ਨ ਕੀਤਾ ਤੇ ਸਭ ਤੋਂ ਵੱਧ ਪੁਜ਼ੀਸ਼ਨਾਂ ਹਾਸਲ ਕਰਕੇ ਦਸਮੇਸ਼ ਸਕੂਲ ਤੇ ਸ਼ਹੀਦ ਭਗਤ ਸਿੰਘ ਸਕੂਲ ਕਰੋਦਾ ਨੇ ਲੋਕਾਂ ਦਾ ਦਿਲ ਜੀਤ ਲਿਆ। ਸਾਰਾ ਪ੍ਰੋਗਰਾਮ ਮਨਦੀਪ ਬਨਾਰਸੀ ਤੇ ਅਜੈ ਸਰ ਦੀ ਦੇਖ-ਰੇਖ ਵਿੱਚ ਹੋਇਆ ਅਤੇ ਸਾਰੇ ਸਕੂਲਾਂ ਦੇ ਅਧਿਆਪਕਾਂ ਤੇ ਬੱਚਿਆਂ ਨੇ ਬਹੁਤ ਹੀ ਸ਼ਲਾਘਾ ਕੀਤੀ ਤੇ ਅੱਗੇ ਤੋਂ ਹੋਰ ਵੀ ਜ਼ਿਆਦਾ ਜ਼ੋਰ ਸ਼ੋਰ ਨਾਲ ਭਾਗ ਲੈਣ ਦਾ ਭਰੋਸਾ ਦਿਵਾਇਆ। ਅੰਤ ਵਿੱਚ ਮਨਦੀਪ ਬਨਾਰਸੀ ਵੱਲੋਂ ਸਭ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਦਸਮੇਸ਼ ਸਕੂਲ, ਵਿਸ਼ਵਾਸ ਸਕੂਲ, ਗੋਲਡਨ ਸਕੂਲ, ਸਰਕਾਰੀ ਸਕੂਲ ਅਣਦਾਨਾ ਕਰੋਦਾ ਬਨਾਰਸੀ, ਯੰਗ ਡ੍ਰੀਮ ਸਕੂਲ, ਸ਼ਹੀਦ ਭਗਤ ਸਿੰਘ ਸਕੂਲ ਅੰਨਦਾਨਾ ਕ੍ਰਿਸ਼ਨਾ ਸਕੂਲ ਦੇ ਮੁਖੀ ਮੌਜੂਦ ਸਨ।

## ਬੈਟਰ ਸਕਿੱਲ ਨੇ ਸਟੱਡੀ ਵੀਜ਼ਾ ਲਵਾਇਆ

**ਧਰਮਕੋਟ (ਗੁਰਦੀਪ ਸਿੰਘ ਭੁੱਲਰ)**-ਬੈਟਰ ਸਕਿੱਲ ਇਮੀਗ੍ਰੇਸ਼ਨ ਦੇ ਡਾਇਰੈਕਟਰ ਸਿਮਰਨਜੀਤ ਸਿੰਘ ਗਿੱਲ ਨੇ ਦੱਸਿਆ ਅਸ਼ੀਸ਼ਪ੍ਰੀਤ ਕੌਰ ਨੇ 2020 ਵਿੱਚ ਆਪਣੀ +2 ਪੂਰੀ ਕੀਤੀ ਸੀ, ਜਿਸ ਤੋਂ ਬਾਅਦ ਅਸ਼ੀਸ਼ਪ੍ਰੀਤ ਦਾ 3 ਸਾਲ ਦਾ ਗੈਪ ਸੀ।ਅਸ਼ੀਸ਼ਪ੍ਰੀਤ ਗੈਪ ਕਾਰਨ ਬਹੁਤ ਚਿੰਤਤ ਸੀ।ਅਸ਼ੀਸ਼ਪ੍ਰੀਤ ਨੇ ਸਾਨੂੰ ਦੱਸਿਆ ਕਿ ਉਨ੍ਹਾਂ ਨੇ ਬਹੁਤ ਸਾਰੇ ਏਜੰਟਾਂ ਨਾਲ ਗੱਲਬਾਤ ਕੀਤੀ, ਪਰ ਇੱਕ ਮੋਡੀਊਡ 'ਚੋਂ 5.5 ਹੋਣਾ ਕਾਰਨ ਕੋਈ ਵੀਜ਼ਾ ਲੈ ਕੇ ਦੇਣ ਦੀ ਗਰੰਟੀ ਕੋਈ ਵੀ ਨਹੀਂ ਦੇ ਰਿਹਾ ਸੀ। ਉਸ ਤੋਂ ਬਾਅਦ ਉਨ੍ਹਾਂ ਨੇ ਸੋਸ਼ਲ ਮੀਡੀਆ 'ਤੇ ਆਏ ਹੋਏ ਸਟੱਡੀ ਵੀਜ਼ਾ ਦੇ ਰਿਜ਼ਲਟਾਂ ਨੂੰ ਦੇਖਦਿਆਂ ਬੈਟਰ ਸਕਿੱਲ ਇਮੀਗ੍ਰੇਸ਼ਨ ਦੇ ਡਾਇਰੈਕਟਰ ਸਿਮਰਜੀਤ ਸਿੰਘ ਗਿੱਲ ਨਾਲ ਗੱਲਬਾਤ ਕਰਦੇ ਚੰਗੀ ਸਲਾਹ ਲਈ ਤੇ ਵਾਹਿਗੁਰੂ ਦੀ ਕ੍ਰਿਪਾ ਸਦਕਾ 10 ਦਿਨਾਂ ਵਿੱਚ ਆਪਣਾ ਸਟੱਡੀ ਵੀਜ਼ਾ ਹਾਸਲ ਕੀਤਾ।

## ਕਿਰਤੀ ਕਾਲਜ 'ਚ ਵਿਦਿਆਰਥੀ ਵਰਕਸ਼ਾਪ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸਰਕਾਰੀ ਕਿਰਤੀ ਕਾਲਜ ਨਿਆਲ ਪਾਤੜਾਂ ਵਿਖੇ ਇੰਸਟੀਟਿਊਸ਼ਨਲ ਇਨੋਵੇਸ਼ਨ ਕਾਊਂਸਿਲ ਵੱਲੋਂ ਡਿਪਾਰਟਮੈਂਟ ਆਫ ਹਾਇਰ ਐਜੂਕੇਸ਼ਨ ਪੰਜਾਬ ਦੇ ਆਦੇਸ਼ਾਂ ਮੁਤਾਬਕ ਪ੍ਰਿੰਸੀਪਲ ਅਮਰਜੀਤ ਸਿੰਘ ਦੀ ਅਗਵਾਈ ਹੇਠ ਵਿਦਿਆਰਥੀਆਂ ਲਈ ਆਈਡੀਆ ਜਨਰੇਸ਼ਨ ਐਂਡ ਐਂਟਰਪਰਨਿਊਰਸ਼ਿਪ ਉੱਪਰ ਇਕਰੋਜ਼ਾ ਵਰਕਸ਼ਾਪ ਲਾਈ ਗਈ। ਇਸ ਮੌਕੇ ਕੈਰੀਅਰ ਕੌਂਸਲਿੰਗ ਦੇ ਇੰਚਾਰਜ ਪ੍ਰੋ ਰਮਨਜੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਦੁਆਰਾ ਵਿਦਿਆਰਥੀਆਂ ਨੂੰ ਬਿਜਨਸ ਅਤੇ ਕਿੱਤਾ ਚੁਣਨ ਲਈ ਆਈਡੀਆ ਜਨਰੇਸ਼ਨ ਤਹਿਤ ਵਰਕਸ਼ਾਪ ਲਗਾਈ ਗਈ। ਇਸ ਦੌਰਾਨ ਪ੍ਰੋ ਸੰਜੀਵ ਕੁਮਾਰ ਨੇ ਵਿਦਿਆਰਥੀਆਂ ਨੂੰ ਆਪਣੇ ਤਜਰਬੇ ਸਾਂਝੇ ਕਰਦਿਆਂ ਹੋਏ ਵਿਦਿਆਰਥੀਆਂ ਕਿਹਾ ਕਿ ਪ੍ਰੋਡੈਕਟ ਇਨੋਵੇਸ਼ਨ ਪ੍ਰੋਸੈਸ ਇਨੋਵੇਸ਼ਨ ਮਾਰਕਿਟ ਇਨੋਵੇਸ਼ਨ ਬਿਜਨਸ ਇਨੋਵੇਸ਼ਨ ਤੇ ਸ਼ੋਸ਼ਲ ਇਨਵਾਇਰਮੈਂਟ ਇਨੋਵੇਸ਼ਨ ਬਾਰੇ ਵਿਸਥਾਰ ਸਹਿਤ ਦੱਸਿਆ ਗਿਆ।ਇਸ ਮੌਕੇ ਵਿਦਿਆਰਥੀਆਂ ਨਾਲ ਖੁੱਲ੍ਹੇ ਰੂਪ ਵਿੱਚ ਚਰਚਾ ਕੀਤੀ ਤੇ ਵਿਦਿਆਰਥੀਆਂ ਦੇ ਸਵਾਲਾਂ ਦੇ ਜਵਾਬ ਵੀ ਦਿੱਤੇ ਗਏ।ਪ੍ਰੋ. ਮਨਿੰਦਰ ਸਿੰਘ ਨੇ ਮੁੱਖ ਮਹਿਮਾਨ ਦਾ ਰਸਮੀ ਤੌਰ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਇਸੇ ਲੜੀ ਤਹਿਤ ਵਿਦਿਆਰਥੀਆਂ ਵਿੱਚ 28 ਜਨਵਰੀ ਨੂੰ ਮੁਕਾਬਲਾ ਕਰਾਇਆ ਜਾਣਾ ਹੈ, ਜਿਸ ਵਿੱਚ ਜੇਤੂ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਜਾਵੇਗਾ।

## 351 ਸ੍ਰੀ ਅਖੰਡ ਪਾਠਾਂ ਦੀ ਇਕੋਤਰੀ ਦੀ ਸਮਾਪਤੀ ਦੇ ਭੋਗ ਪਾਏ

**ਮਲੋਟ (ਗੁਰਮੀਤ ਸਿੰਘ ਮੱਕੜ)**-ਮਹਾਂਵੀਰ ਗਊਸ਼ਾਲਾ ਵਿੱਚ ਹਰ ਸਾਲ ਦੀ ਤਰ੍ਹਾਂ ਇਲਾਕੇ ਦੀ ਸੁੱਖ ਸ਼ਾਂਤੀ ਲਈ 25ਵੀਂ 351 ਸ਼੍ਰੀ ਅਖੰਡ ਪਾਠਾਂ ਦੀ ਇਕੋਤਰੀ ਦੀ ਸਮਾਪਤੀ ਦੇ ਭੋਗ ਪਾਏ ਗਏ, ਜਿਸ ਵਿੱਚ ਇਲਾਕੇ ਭਰ ਦੀਆਂ ਸੰਗਤਾਂ ਨੇ ਹਾਜ਼ਰੀ ਭਰੀ, ਉੱਥੇ ਵੱਖ-ਵੱਖ ਰਾਜਨੀਤਕ ਆਗੂਆਂ ਤੋਂ ਇਲਾਵਾ ਕੈਬਿਨਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਤੇ ਡਾ. ਬਲਜੀਤ ਕੌਰ ਨੇ ਹਾਜ਼ਰੀ ਲਵਾਈ। ਇਸ ਮੌਕੇ 'ਤੇ ਰਾਗੀ ਜੱਥਿਆਂ ਵੱਲੋਂ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਅਤੇ ਸੰਗਤਾਂ ਨੂੰ ਗੁਰੂ ਕਾ ਲੰਗਰ ਅਟੁੱਟ ਵਰਤਾਇਆ ਗਿਆ। ਇਸ ਮੌਕੇ 'ਤੇ ਮਹਾਂਵੀਰ ਗਊਸ਼ਾਲਾ ਦੀ ਸੇਵਾਦਾਰ ਵੱਜੋਂ ਸੇਵਾ ਨਿਭਾ ਰਹੇ ਪੰਡਿਤ ਸੰਦੀਪ ਜਿਉਰੀ ਨੇ ਇਸ ਸਮਾਗਮ ਵਿੱਚ ਪਹੁੰਚੀਆਂ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਵਿਧਾਇਕ ਤੇ ਕੈਬਿਨਟ ਮੰਤਰੀ ਡਾ. ਬਲਜੀਤ ਕੌਰ ਨੇ ਇਸ ਸਮਾਗਮ ਦੀਆਂ ਸ਼ਹਿਰ ਵਾਸੀਆਂ ਨੂੰ ਵਧਾਈ ਦਿੰਦੇ ਕਿਹਾ ਕਿ ਪੰਡਿਤ ਗਿਰਧਾਰ ਲਾਲ, ਜਿਨ੍ਹਾਂ ਨੇ ਇਸ ਗਊਸ਼ਾਲਾ ਵਿਚ ਬੇਸਹਾਰਾ ਗਊਆਂ ਦੀ ਸੇਵਾ ਕੀਤੀ, ਉਸ ਤੋਂ ਇੱਕ ਸੇਵਾ ਭਾਵਨਾ ਦਾ ਸੰਦੇਸ਼ ਮਿਲਦਾ ਹੈ। ਪੁੱਛੇ ਜਾਣ 'ਤੇ 4 ਫਰਵਰੀ ਨੂੰ ਆਂਗਣਵਾੜੀ ਵਰਕਰਾ ਨੇ ਘਿਰਾਓ ਕਰਨ ਦੀ ਚਿਤਾਵਨੀ ਦਿੱਤੀ ਹੈ ਤਾਂ ਉਨ੍ਹਾਂ ਕਿਹਾ ਕੇ ਉਨ੍ਹਾਂ ਨੇ ਕੋਈ ਨਵੀਂ ਮੰਗ ਖੜੀ ਕਰਨੀ ਹੁੰਦੀ ਹੈ, ਉਹ ਆਪਣੇ ਮੁਲਾਜ਼ਮਾਂ ਦੇ ਨਾਲ ਹਨ, ਕੋਈ ਗੱਲ ਨਹੀਂ।

## ਚੁਹਾਣਕੇ ਕਲਾਂ 'ਚ ਨਗਰ ਕੀਰਤਨ ਸਜਾਇਆ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਚੁਹਾਣਕੇ ਕਲਾਂ ਵਿਖੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਲੋਕਲ ਗੁਰਦਆਰਾ ਕਮੇਟੀ ਦੀ ਦੇਖ-ਰੇਖ ਹੇਠ ਸਰਬੰਸਦਾਨੀ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਮਹਾਨ ਨਗਰ ਕੀਰਤਨ ਪੰਜ ਪਿਆਰਿਆਂ ਦੀ ਅਗਵਾਈ ਹੇਠ ਸਜਾਇਆ ਗਿਆ। ਇਸ ਮੌਕੇ ਰਾਗੀ ਜਥਿਆਂ ਨੇ ਗੁਰੂ ਸਾਹਿਬਾਨ ਦੇ ਜੀਵਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਸਮੂਹ ਸੰਗਤਾਂ ਨੂੰ ਉਨ੍ਹਾਂ ਦੇ ਦਰਸਾਏ ਮਾਰਗ ਉਪਰ ਚੱਲ ਕੇ ਗੁਰੂ ਗਰੰਥ ਸਾਹਿਬ ਨਾਲ ਜੁੜਣ ਦੀ ਅਪੀਲ ਕੀਤੀ।ਪ੍ਰਸਿੱਧ ਢਾਡੀ ਗਿਆਨੀ ਬਸੰਤ ਸਿੰਘ ਖੜਕਾ ਬਾਦਲ ਗੁਰਮਾਂ ਵਾਲਿਆਂ ਦੇ ਜਥੇ ਬੀਬੀ ਬਲਜੀਤ ਕੌਰ ਸੰਧੂ, ਬੀਬੀ ਦਲਜੀਤ ਕੌਰ ਸੰਧੂ ਤੇ ਸਾਰੰਗੀ ਮਾਸਟਰ ਸੁਰਜੀਤ ਸਿੰਘ ਠੀਕਰੀਵਾਲਾ ਨੇ ਗੁਰਇਤਿਹਾਸ ਸੁਣਾਇਆ।ਇਸ ਮੌਕੇ ਸਰਪੰਚ ਜੋਗਿੰਦਰ ਸਿੰਘ, ਜਗਰਾਜ ਸਿੰਘ ਚਹਿਲ, ਹੈੱਡ ਗਰੰਥੀ ਭਾਈ ਗੁਰਵਿੰਦਰ ਸਿੰਘ, ਗੁਰਤੇਜ ਸਿੰਘ ਕਲੇਰ, ਕਾਮਰੇਡ ਸ਼ਿੰਗਾਰਾ ਸਿੰਘ, ਭਾਈ ਮਨਪ੍ਰੀਤ ਸਿੰਘ ਖਾਲਸਾ, ਨੰਬਰਦਾਰ ਰਾਜਵਿੰਦਰ ਸਿੰਘ, ਸਤਨਾਮ ਸਿੰਘ ਖ਼ਾਲਸਾ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।ਬਾਬਾ ਫਤਹਿ ਸਿੰਘ ਗੱਤਕਾ ਅਖਾੜਾ ਚੁਹਾਣਕੇ ਕਲਾਂ ਦੇ ਨੌਜਵਾਨਾਂ ਨੇ ਗੱਤਕੇ ਦੇ ਜੌਹਰ ਵਿਖਾਏ।

# ਰਾਮ ਰੰਗ 'ਚ ਡੁੱਬਿਆ ਸਮੁੱਚਾ ਸ਼ਹਿਰ

**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**

ਸ੍ਰੀ ਰਾਮ ਲੱਲਾ ਜੀ ਦੀ ਪ੍ਰਾਣ ਪ੍ਰਤਿਸ਼ਠਾ ਮੌਕੇ ਸ਼੍ਰੀ ਰਾਮ ਰੱਥ ਯਾਤਰਾ ਸ੍ਰੀ ਕ੍ਰਿਸ਼ਨਾ ਮੰਦਰ ਤੋਂ ਕੱਢੀ ਗਈ। ਇਸ ਯਾਤਰਾ ਦੀ ਸ਼ੁਰੂਆਤ ਤੋਂ ਪਹਿਲਾਂ ਕ੍ਰਿਸ਼ਨ ਮੰਦਰ ਕਮੇਟੀ ਦੇ ਚੇਅਰਮੈਨ ਸੁਰਿੰਦਰ ਕੁਮਾਰ ਵੋਹਰਾ ਤੇ ਸਮੂਹ ਮੈਂਬਰਾਂ ਵੱਲੋਂ ਪੂਜਾ ਅਰਚਨਾ ਕੀਤੀ ਗਈ ਅਤੇ ਇਹ ਯਾਤਰਾ ਕ੍ਰਿਸ਼ਨਾ ਮੰਦਰ ਤੋਂ ਸ਼ੁਰੂ ਹੋ ਕੇ ਗੁਰੂਹਰਸਹਾਏ ਦੇ ਮੇਨ ਬਾਜ਼ਾਰ, ਸ੍ਰੀ ਮੁਕਤਸਰ ਸਾਹਿਬ ਰੋਡ, ਮੋਹਣ ਕੇ ਰੋਡ ਤੇ ਅਲੱਗ-ਅਲੱਗ ਇਲਾਕਿਆਂ 'ਚੋਂ ਹੁੰਦੀ ਹੋਈ ਸ਼੍ਰੀ ਕ੍ਰਿਸ਼ਨਾ ਮੰਦਰ ਪਹੁੰਚੀ। ਇਸ ਯਾਤਰਾ ਦੌਰਾਨ ਰਾਮ ਭਗਤਾਂ ਵਿੱਚ ਕਾਫੀ ਉਤਸ਼ਾਹ ਵੇਖਣ ਨੂੰ ਮਿਲਿਆ, ਜੋ ਆਤਿਸ਼ਬਾਜ਼ੀ ਕਰਦੇ, ਨੱਚਦੇ ਗਾਉਂਦੇ, ਭੰਗੜੇ ਪਾਉਂਦੇ, ਜੈ ਸ੍ਰੀ ਰਾਮ ਦੇ ਨਾਅਰੇ ਲਾਉਂਦੇ ਹੋਏ ਅਤੇ ਉਨ੍ਹਾਂ ਦਾ ਗੁਣਗਾਣ ਕਰਦੇ ਹੋਏ ਯਾਤਰਾ ਦੀ ਅਗਵਾਈ ਕਰ ਰਹੇ ਸਨ। ਇਸ ਯਾਤਰਾ ਦੀ ਆਓ ਭਗਤ ਲਈ ਇਲਾਕੇ ਦੇ ਦੁਕਾਨਦਾਰਾਂ ਵੱਲੋਂ ਅਲੱਗ-ਅਲੱਗ ਤਰ੍ਹਾਂ ਦੇ ਲੰਗਰ ਵੀ ਲਾਏ ਗਏ। ਸ੍ਰੀ ਰਾਮ ਲੱਲਾ ਦੀ ਪ੍ਰਾਣ ਪ੍ਰਤਿਸ਼ਠਾ ਮੌਕੇ ਸੈਂਕੜਿਆਂ ਦੀ ਗਿਣਤੀ ਵਿੱਚ ਰਾਮ ਭਗਤਾਂ ਨੇ ਹਾਜ਼ਰੀ ਲਵਾਈ ਤੇ ਉਨ੍ਹਾਂ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਇਸ ਯਾਤਰਾ ਦਾ ਬਾਬਾ ਦੂਧਾਧਾਰੀ ਮੰਦਰ ਕਮੇਟੀ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ ਤੇ ਭਗਤਾਂ ਨੂੰ ਲੰਗਰ ਵੀ ਛਕਾਇਆ ਗਿਆ।

ਇਸ ਮੌਕੇ ਬਲਦੇਵ ਸੇਠੀ, ਮਦਨ ਮੋਹਨ ਕੰਧਾਰੀ, ਆਤਮਾ ਰਾਮ, ਸੁਰਿੰਦਰ ਮਾੜੂ, ਟੀਟੂ ਗਿਰਧਰ, ਵਿਜੇ ਕੁਮਾਰ ਨਰੂਲਾ, ਰਾਜਾ ਕੁਮਾਰ, ਲਾਲਾ ਪੰਡਿਤ, ਦੀਪਾ, ਮਾਂਟੂ ਵੋਹਰਾ, ਪ੍ਰੇਮ ਕੁਮਾਰ ਗੋਇਲ, ਅਸ਼ੋਕ ਵੋਹਰਾ, ਡਾਕਟਰ ਗੁਰਦੀਪ ਧਵਨ, ਅਸਵਨੀ ਨਰੂਲਾ, ਪੰਡਿਤ ਬਿੰਦੂ ਭਰਦਵਾਜ, ਰਜਿੰਦਰ ਭਠੇਜਾ, ਡਾਕਟਰ ਸ਼ਾਮ ਸੁੰਦਰ, ਸਤੀਸ਼ ਨਾਰੰਗ, ਆਤਮਜੀਤ ਸਿੰਘ ਡੇਵਿਡ, ਆਦਰਸ਼ ਧਵਨ ਆਦਿ ਰਾਮ ਭਗਤ ਹਾਜ਼ਰ ਸਨ।

## ਸੁਖਾਨੰਦ ਨੇ ਸ੍ਰੀ ਰਾਮ ਚੰਦਰ ਸ਼ੋਭਾ ਯਾਤਰਾ 'ਚ ਕੀਤੀ ਸ਼ਮੂਲੀਅਤ

**ਬਾਘਾ ਪੁਰਾਣਾ (ਮਨੀ ਸਿੰਗਲਾ)**-ਬੀਤੇ ਦਿਨ ਸ਼੍ਰੀ ਰਾਮਲੀਲ੍ਹਾ ਉਤਸਵ ਕਮੇਟੀ, ਸ਼ਿਵ ਮੰਦਰ ਪ੍ਰਬੰਧਕ ਕਮੇਟੀ, ਦੁਰਗਾ ਪ੍ਰਬੰਧਕ ਕਮੇਟੀ, ਬ੍ਰਾਹਮਣ ਸਭਾ, ਸ਼੍ਰੀ ਸਾਲਾਸਰ ਧਾਮ ਕਮੇਟੀ, ਬਾਬਾ ਰੋਡੂ ਮੰਦਿਰ ਕਮੇਟੀ ਤੇ ਹੋਰ ਧਾਰਮਿਕ ਸੰਸਥਾਵਾਂ ਵੱਲੋਂ ਪ੍ਰਭੂ ਸ਼੍ਰੀ ਰਾਮ ਚੰਦਰ ਜੀ ਦੀ ਸ਼ਹਿਰ ਵਿੱਚ ਸ਼ੋਭਾ ਯਾਤਰਾ ਕੱਢੀ ਗਈ, ਜਿਸ ਵਿੱਚ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਤੇ ਹੋਰ ਆਮ ਆਦਮੀ ਪਾਰਟੀ ਦੇ ਵਰਕਰਾਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਸ਼ੋਭਾ ਯਾਤਰਾ ਸ਼ਿਵ ਮੰਦਰ ਤੋਂ ਚੱਲ ਕੇ ਕੋਟਕਪੂਰਾ ਰੋਡ, ਮੁੱਦਕੀ ਰੋਡ, ਨਿਹਾਲ ਸਿੰਘ ਵਾਲਾ ਰੋਡ ਤੇ ਆਖਰ ਰਾਮ ਸ਼ਰਣਮ ਮੰਦਰ ਵਿਖੇ ਸੰਪੰਨ ਹੋਈ। ਸ਼ਹਿਰ ਵਾਸੀਆਂ ਨੇ ਰਸਤੇ ਵਿੱਚ ਕਈ ਥਾਵਾਂ 'ਤੇ ਲੰਗਰ ਲਗਾਏ ਹੋਏ ਸਨ, ਜਿਹੜੇ ਕਿ ਯਾਤਰਾ ਵਿੱਚ ਜਾਣ ਵਾਲੇ ਲੋਕਾਂ ਨੂੰ ਪੂਰੀ ਸ਼ਰਧਾ ਨਾਲ ਦਿੱਤੇ ਗਏ। ਇਸੇ ਦੌਰਾਨ ਸੁਭਾਸ਼ ਮੰਡੀ ਵਿਖੇ ਆੜ੍ਹਤੀਆਂ ਵੱਲੋਂ ਚਾਹ, ਪਾਣੀ ਤੇ ਖਾਣ-ਪੀਣ ਦੇ ਸਾਮਾਨ ਦਾ ਪੂਰਾ ਪ੍ਰਬੰਧ ਕੀਤਾ ਹੋਇਆ ਸੀ। ਇਸ ਮੌਕੇ ਸਾਰੀਆਂ ਧਾਰਮਿਕ ਜਥੇਬੰਦੀਆਂ ਦੇ ਵਰਕਰ ਪ੍ਰਭੂ ਸ਼੍ਰੀ ਰਾਮ ਚੰਦਰ ਜੀ ਦੇ ਜੈਕਾਰੇ ਲਗਾਉਂਦੇ ਹੋਏ ਜਾ ਰਹੇ ਸਨ। ਲੋਕਾਂ ਵੱਲੋਂ ਇਸ ਯਾਤਰਾ ਨੂੰ ਭਰਵਾਂ ਹੁੰਗਾਰਾ ਮ

23-JAN-PAGE-3.qxd 1/22/2024 10:37 PM Page 1



# ਡੀ ਐੱਮ ਐੱਫ ਵੱਲੋਂ ਵਿਧਾਇਕ ਸੋਹਲ ਦੇ ਦਫਤਰ ਅੱਗੇ ਵਿਸ਼ਾਲ ਰੋਸ ਰੈਲੀ

## ਮੁਲਾਜ਼ਮਾਂ ਦੀਆਂ ਚਿਰੋਕਣੀਆਂ ਮੰਗਾਂ ਫੌਰੀ ਮੰਨਣ ਦੀ ਪੰਜਾਬ ਸਰਕਾਰ ਨੂੰ ਕੀਤੀ ਅਪੀਲ

**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਜ਼ਿਲ੍ਹਾ ਤਰਨ ਤਾਰਨ ਵੱਲੋਂ ਗਾਂਧੀ ਪਾਰਕ ਵਿਖੇ ਐਮ. ਐਲ. ਏ. ਤਰਨ ਤਾਰਨ ਕਸ਼ਮੀਰ ਸਿੰਘ ਸੋਹਲ ਦੇ ਦਫ਼ਤਰ ਸਾਹਮਣੇ ਵਿਸ਼ਾਲ ਰੋਸ ਰੈਲੀ ਕੀਤੀ ਗਈ ਜਿਸ ਵਿੱਚ ਜ਼ਿਲ੍ਹੇ ਭਰ ਦੇਂ ਸੈਂਕੜੇ ਆਸ਼ਾ ਵਰਕਰਾਂ, ਮਿਡ ਡੇ ਮੀਲ ਵਰਕਰਾਂ, ਜੰਗਲਾਤ ਵਰਕਰਾਂ, ਸਫਾਈ ਵਰਕਰਾਂ, ਨਹਿਰੀ ਕਾਮਿਆਂ ਅਤੇ ਅਧਿਆਪਕਾਂ ਨੇ ਸ਼ਮੂਲੀਅਤ ਕੀਤੀ।

ਰੈਲੀ ਨੂੰ ਸੰਬੋਧਨ ਕਰਦਿਆਂ ਡੀ. ਐੱਮ. ਐੱਫ. ਦੇ ਜ਼ਿਲ੍ਹਾ ਪ੍ਰਧਾਨ ਕੰਵਰਦੀਪ ਸਿੰਘ ਢਿੱਲੋਂ, ਡੀਟੀਐੱਫ ਦੇ ਜ਼ਿਲ੍ਹਾ ਪ੍ਰਧਾਨ ਪ੍ਰਤਾਪ ਸਿੰਘ ਠੱਠਗੜ੍ਹ, ਜਨਰਲ ਸਕੱਤਰ ਕਸ਼ਮੀਰ ਸਿੰਘ ਚੋਹਲਾ, ਵਿੱਤ ਸਕੱਤਰ ਅਮਰਦੀਪ, ਮੀਤ ਪ੍ਰਧਾਨ ਸਰਬਜੀਤ ਸਿੰਘ, ਜਸਕੀਰਤ ਸਿੰਘ, ਭੁਪਿੰਦਰ ਸਿੰਘ, ਗੁਲਜ਼ਾਰ ਸਿੰਘ, ਸਰਬਜੀਤ ਸਿੰਘ ਜੌੜਾ, ਜ਼ਿਲ੍ਹਾ ਪ੍ਰਧਾਨ ਆਸ਼ਾ ਅਤੇ ਫੈਸਿਲੀਟੇਟਰ ਯੂਨੀਅਨ ਰਜਿੰਦਰ ਕੌਰ, ਮਿਡ ਡੇਅ ਮੀਲ ਵਰਕਰ ਯੂਨੀਅਨ ਦੀ ਪ੍ਰਧਾਨ ਰਜਵੰਤ ਕੌਰ, ਜਨਰਲ ਸਕੱਤਰ ਪਰਮਜੀਤ ਕੌਰ ਵੈਰੋਵਾਲ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਨਛੱਤਰ ਸਿੰਘ, ਕਰਮਜੀਤ ਸਿੰਘ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਪੰਜਾਬ ਦੇ ਕੱਚੇ-ਪੱਕੇ ਮੁਲਾਜ਼ਮਾਂ ਅਤੇ ਵਰਕਰਾਂ ਨਾਲ ਕੀਤੇ ਗਏ ਵਾਅਦਿਆਂ ਤੋਂ ਮੁੱਕਰ ਚੁੱਕੀ ਹੈ।ਉਨ੍ਹਾਂ ਨੇ ਕਿਹਾ ਕਿ ਮਿਡ-ਡੇ-ਮੀਲ ਵਰਕਰਾਂ, ਆਸ਼ਾ ਵਰਕਰਾਂ ਅਤੇ ਫੈਸਿਲੀਟੇਟਰਾਂ ਪਿਛਲੇ ਲੰਬੇ ਸਮੇਂ ਤੋਂ ਅਪਮਾਨਜਨਕ ਭੱਤਿਆਂ 'ਤੇ ਕੰਮ ਕਰਦੀਆਂ ਆ ਰਹੀਆਂ ਹਨ ਅਤੇ ਆਮ ਆਦਮੀ ਪਾਰਟੀ ਵੱਲੋਂ ਮਾਣ-ਭੱਤਾ ਫੌਰੀ ਦੁੱਗਣਾ ਕਰਨ ਦੀ ਗਰੰਟੀ ਦੇਣ ਦੇ ਬਾਵਜੂਦ ਇਨ੍ਹਾਂ ਦੇ ਕਥਿਤ ਭੱਤੇ ਵਿੱਚ ਕੋਈ ਵਾਧਾ ਨਹੀਂ ਕੀਤਾ ਗਿਆ।ਇਸੇ ਤਰ੍ਹਾਂ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਦੀ ਧੂਆਂਧਾਰ ਇਸ਼ਤਿਹਾਰਬਾਜ਼ੀ ਕਰਨ ਦੇ ਬਾਵਜੂਦ ਅਜੇ ਤੱਕ ਕੋਈ ਕੱਚਾ ਮੁਲਾਜ਼ਮ ਪੱਕਾ ਨਹੀਂ ਕੀਤਾ ਗਿਆ ਅਤੇ ਜਨਵਰੀ 2004 ਤੋਂ ਬਾਅਦ ਭਰਤੀ ਕੀਤੇ ਗਏ 2 ਲੱਖ ਮੁਲਾਜ਼ਮਾਂ ਦੀ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਦੇ ਕਥਿਤ ਵਾਅਦੇ ਨੂੰ ਠੰਡੇ ਬਸਤੇ ਵਿੱਚ ਪਾ ਦਿੱਤਾ ਹੈ।ਰੈਲੀ ਵਿੱਚ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਆਸ਼ਾ ਵਰਕਰਾਂ ਅਤੇ ਮਿੱਡ-ਡੇ-ਮੀਲ ਵਰਕਰਾਂ ਨੂੰ ਛੇਵੇਂ ਤਨਖਾਹ ਕਮਿਸ਼ਨ ਦੀ ਮੁੱਢਲੀ ਸਲੈਬ ਅਨੁਸਾਰ 18 ਹਜ਼ਾਰ ਰੁਪਏ ਪ੍ਰਤੀ ਮਹੀਨਾ ਤਨਖਾਹ ਦਿੱਤੀ ਜਾਵੇ ਅਤੇ ਆਸ਼ਾ ਫੈਸਿਲੀਟੇਟਰਾਂ ਲਈ ਇਸ ਤੋਂ ਅਗਲੀ ਸਲੈਬ ਫਿਕਸ ਕੀਤੀ ਜਾਵੇ, ਵੱਖ ਵੱਖ ਵਿਭਾਗਾਂ ਅੰਦਰ ਕੰਮ ਕਰਦੇ ਹਰ ਤਰ੍ਹਾਂ ਦੇ ਕੱਚੇ, ਆਊਟ ਸੋਰਸ ਅਤੇ ਇਨਲਿਸਟਮੈਂਟ ਸਕੀਮਾਂ ਦੇ ਮੁਲਾਜ਼ਮਾਂ ਨੂੰ ਪੱਕਾ ਕੀਤਾ ਜਾਵੇ, ਜਨਵਰੀ 2004 ਤੋਂ ਬਾਅਦ ਭਰਤੀ ਮੁਲਾਜ਼ਮਾਂ 'ਤੇ 1972 ਦੇ ਨਿਯਮਾਂ ਮੁਤਾਬਕ ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ, ਕੰਪਿਊਟਰ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਵਿੱਚ ਸ਼ਾਮਲ ਕੀਤਾ ਜਾਵੇ, ਪਰਖ ਸਮੇਂ ਦੌਰਾਨ ਮੁੱਢਲੀ ਤਨਖਾਹ ਦੇਣ ਸੰਬੰਧੀ 15-01-2015 ਦੇ ਨੋਟੀਫਿਕੇਸ਼ਨ ਨੂੰ ਰੱਦ ਕੀਤਾ ਜਾਵੇ, 17-07-2020 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਤੇ ਕੇਂਦਰ ਦੀ ਬਜਾਏ ਪੰਜਾਬ ਦੇ ਤਨਖਾਹ ਸਕੇਲ ਲਾਗੂ ਕੀਤੇ ਜਾਣ, ਪੇਂਡੂ ਅਤੇ ਬਾਰਡਰ ਏਰੀਏ ਸਮੇਤ ਬੰਦ ਕੀਤੇ ਸਮੂਹ ਭੱਤੇ ਅਤੇ ਏਸੀਪੀ ਸਕੀਮ ਬਹਾਲ ਕੀਤੀ ਜਾਵੇ, ਮਹਿੰਗਾਈ ਭੱਤੇ ਦੀਆਂ ਰਹਿੰਦੀਆਂ ਦੋ ਕਿਸ਼ਤਾਂ (8%) ਅਤੇ ਪਿਛਲੇ ਸਾਰੇ ਬਕਾਏ ਫੌਰੀ ਅਦਾ ਕੀਤੇ ਜਾਣ, ਛੇਵੇਂ ਤਨਖਾਹ ਕਮਿਸ਼ਨ ਦੇ 30-06-2021 ਤੱਕ ਦੇ ਸਮੁੱਚੇ ਬਕਾਏ ਯੱਕ-ਮੁਸ਼ਤ ਅਦਾ ਕੀਤੇ ਜਾਣ, 200 ਰੁਪਏ ਜਜ਼ੀਆ ਬੰਦ ਕੀਤਾ ਜਾਵੇ, ਵੱਖ-ਵੱਖ ਵਿਭਾਗਾਂ ਵਿੱਚ ਅਕਾਰ ਘਟਾਈ ਤਹਿਤ ਖਤਮ ਕੀਤੀਆਂ ਗਈਆਂ ਹਜ਼ਾਰਾਂ ਅਸਾਮੀਆਂ ਨੂੰ ਮੁੜ ਸੁਰਜੀਤ ਕੀਤਾ ਜਾਵੇ ਅਤੇ ਸਮੂਹ ਵਿਭਾਗਾਂ ਅੰਦਰ ਦਰਜਾ-4 ਮੁਲਾਜ਼ਮਾਂ ਦੀ ਬੰਦ ਕੀਤੀ ਗਈ ਭਰਤੀ ਮੁੜ ਸ਼ੁਰੂ ਕੀਤੀ ਜਾਵੇ।ਇਸ ਮੌਕੇ ਹਲਕਾ ਵਿਧਾਇਕ ਸੋਹਲ ਨੂੰ ਮੁੱਖ ਮੰਤਰੀ ਦੇ ਨਾਂ 'ਤੇ ਮੰਗ ਪੱਤਰ ਦਿੱਤਾ ਗਿਆ।ਮੌਕੇ 'ਤੇ ਹੀ ਵਿਧਾਇਕ ਨੇ ਕੁਝ ਜ਼ਿਲ੍ਹਾ ਪੱਧਰ ਦੀਆਂ ਮੰਗਾਂ ਨੂੰ ਪੂਰੀਆਂ ਕਰਨ ਦਾ ਭਰੋਸਾ ਦਿੱਤਾ।

# ਬਾਬਾ ਬਲਬੀਰ ਸਿੰਘ ਦੀ ਜਥੇਦਾਰ ਗਿਆਨੀ ਰਘਬੀਰ ਸਿੰਘ ਨਾਲ ਮੁਲਾਕਾਤ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਅਕਾਲ ਬੁੰਗਾ ਸਾਹਿਬ, ਸੁਲਤਾਨਪੁਰ ਲੋਧੀ ਸਬੰਧੀ ਬਣੀ ਸਬ-ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਦਿੱਤੀ ਗਈ ਰਿਪੋਰਟ ਇਕ ਪਾਸੜ ਤੇ ਤੱਥਾਂ ਤੋਂ ਵਿਹੂਣੀ ਹੈ। ਬੁੱਢਾ ਦਲ ਦੇ ਮੁੱਖੀ ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਸ੍ਰੀ ਅਕਾਲ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੂੰ ਮਿਲ ਕਿ ਮੰਗ ਕੀਤੀ ਹੈ ਕਿ ਸਬ-ਕਮੇਟੀ ਦੀ ਰਿਪੋਰਟ ਵਿਚ ਬੁੱਢਾ ਦਲ ਵੱਲੋਂ ਦਿੱਤੇ ਗਏ ਬਿਆਨਾਂ ਨੂੰ ਕਿਸੇ ਪੱਖ ਤੋਂ ਵੀ ਛੂਹਿਆ ਤੱਕ ਨਹੀਂ ਗਿਆ ਅਤੇ ਨਾ ਹੀ ਸਪੱਸ਼ਟਤਾ ਨਾਲ ਦਰਜ ਕੀਤਾ ਗਿਆ ਹੈ। ਉਨ੍ਹਾਂ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਅਪੀਲ ਕੀਤੀ ਹੈ ਕਿ ਸਬ-ਕਮੇਟੀ ਦਾ ਦੁਬਾਰਾ ਪੁਨਰ ਗਠਨ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ ਮਰਯਾਦਾ, ਧੱਕੇਸ਼ਾਹੀ ਤੇ ਕਾਨੂੰਨ ਦੀ ਉਲੰਘਣਾ ਬਾਰੇ ਜਿਹੜੇ ਦੋਸ਼ੀ ਵਿਅਕਤੀ ਹਨ ਉਨ੍ਹਾਂ ਦੇ ਨਕਾਬ ਵੀ ਉਤਰ ਸਕਣ ਤੇ ਅਸਲੀਅਤ ਸੰਗਤਾਂ ਸਾਹਮਣੇ ਆਉਣੀ ਚਾਹੀਦੀ ਹੈ। ਇਹ ਹਮਲਾ ਅਤੇ ਨਜਾਇਜ਼ ਕਬਜ਼ਾ ਯੋਜਨਾਬੱਧ ਸੀ। ਉਨ੍ਹਾਂ ਕਿਹਾ ਕਿ ਸਾਡੇ ਨਾਲ ਸਾਡੀਆਂ ਛਾਉਣੀਆਂ ਤੇ ਸਰਕਾਰ ਵੱਲੋਂ ਦਫਾ 145 ਲਾ ਕੇ ਧੱਕਾ ਕੀਤਾ ਗਿਆ ਹੈ। ਦੂਜੇ ਪਾਸੇ ਦੋਸ਼ੀਆਂ ਨੂੰ ਬਿਨ੍ਹਾਂ ਕਿਸੇ ਸਜ਼ਾ ਦੇ ਉਥੋਂ ਸ਼ੈਲਟਰ ਦੇ ਕੇ ਕੱਢ ਦਿੱਤਾ ਗਿਆ ਹੈ। ਜਿਨ੍ਹਾਂ ਲੋਕਾਂ ਨੇ ਮਰਯਾਦਾ ਦੀ ਉਲੰਘਣਾ ਕੀਤੀ ਹੈ ਉਨ੍ਹਾਂ ਨੂੰ ਰਾਜਨੀਤਕ ਲੋਕਾਂ ਵੱਲੋਂ ਹੀਰੋ ਬਣਾਉਣ ਦਾ ਯਤਨ ਕੀਤਾ ਜਾ ਰਿਹਾ ਹੈ। ਰਿਪੋਰਟ ਇਕਤਰਫੀ ਤੇ ਉਲਾਰਵਾਦੀ ਹੈ। ਇਸ ਦਾ ਮੁੜ ਰੀਵਿਊ ਕੀਤਾ ਜਾਣਾ ਲਾਜ਼ਮੀ ਹੈ। ਉਪਰੰਤ ਬਾਬਾ ਬਲਬੀਰ ਸਿੰਘ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਗੁਰਬਾਣੀ ਕੀਰਤਨ ਵੀ ਸਰਵਣ ਕੀਤਾ।

# ਸੇਂਟ ਸੋਲਜਰ ਈਲੀਟ ਕਾਨਵੈਂਟ ਸਕੂਲ 'ਚ ਸਾਲਾਨਾ ਸਮਾਰੋਹ ਕਰਵਾਇਆ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**-ਸੇਂਟ ਸੋਲਜਰ ਈਲੀਟ ਕਾਨਵੈਂਟ ਸਕੂਲ, ਜੰਡਿਆਲਾ ਗੁਰੂ ਵਿੱਚ ਸਾਲਾਨਾ ਫੰਕਸ਼ਨ ਕਰਵਾਇਆ ਗਿਆ। ਇਹ ਫੰਕਸ਼ਨ ਸਕੂਲ ਦੇ ਸ਼ਾਨਦਾਰ ਆਡੀਟੋਰੀਅਮ ਵਿੱਚ ਕਰਵਾਇਆ ਗਿਆ ♦ ਇਸ ਫੰਕਸ਼ਨ ਦਾ ਥੀਮ ਯੂਫੋਰੀਆ (ਚਾਹਤ ਖੁਸ਼ੀ ਦੀ) ਰੱਖਿਆ ਗਿਆ। ਇਸ ਫੰਕਸ਼ਨ ਦੀ ਸ਼ੁਰੂਆਤ ਵਿੱਚ ਬੱਚਿਆਂ ਵੱਲੋਂ ਵਾਹਿਗੁਰੂ ਵਾਹਿਗੁਰੂ ਸ਼ਬਦ ਗਾਇਨ ਕੀਤਾ ਗਿਆ। ਉਪਰੰਤ ਬੱਚਿਆਂ ਵੱਲੋਂ ਡਾਂਸ, ਕੋਰੀਓਗਰਾਫੀ, ਨਾਟਕ, ਗੀਤ, ਭੰਗੜਾ, ਗਿੱਧਾ ਦੀਆਂ ਸ਼ਾਨਦਾਰ ਵੰਨਗੀਆਂ ਪੇਸ਼ ਕੀਤੀਆਂ ਗਈਆਂ, ਜੋ ਕਿ ਬਹੁਤ ਸਲਾਹਣਯੋਗ ਸਨ। ਇਸ ਫੰਕਸ਼ਨ ਵਿੱਚ ਮੁੱਖ ਮਹਿਮਾਨ ਦੇ ਤੌਰ ਤੇ ਅੰਮ੍ਰਿਤਸਰ ਨੌਰਥ ਤੋਂ ਵਿਧਾਇਕ ਕੁੰਵਰ ਵਿਜੈ ਪ੍ਰਤਾਪ ਸਿੰਘ ਵਿਸ਼ੇਸ਼ ਰੂਪ ਵਿੱਚ ਸ਼ਾਮਿਲ ਹੋਏ ਅਤੇ ਨਾਲ ਹੀ ਪ੍ਰਮੋਦ ਭਾਟੀਆ ਚੇਅਰਮੈਨ ਸਪੋਰਟਸ ਸੈੱਲ ਪੰਜਾਬ ਵੀ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ।ਇਸ ਪ੍ਰੋਗਰਾਮ ਵਿੱਚ ਡਾਕਟਰ ਆਕਾਸ਼ਦੀਪ ਸਿੰਘ ਚੰਦੀ ਵਾਈਸ ਚੇਅਰਮੈਨ ਗਲੋਬਲ ਗਰੁੱਪ ਆਫ ਇੰਸਟੀਟਿਊਸ਼ਨ ਵੀ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਇਸ ਰੰਗਾਰੰਗ ਪ੍ਰੋਗਰਾਮ ਵਿੱਚ ਸਕੂਲ ਦੇ ਸਾਬਕਾ ਵਿਦਿਆਰਥੀ ਆਸਦੀਪ ਸਿੰਘ ਜੱਜ, ਡਾਕਟਰ ਰਸ਼ਪਾਲ ਸਿੰਘ, ਡਾਕਟਰ ਗੁਰਵੀਰ ਸਿੰਘਅਤੇ ਡਾਕਟਰ ਗੁਰਜੋਤ ਸਿੰਘ, ਅਰਸ਼ਦੀਪ ਸਿੰਘ, ਬੋਬਨਦੀਪ ਸਿੰਘ, ਸੁਖਦੀਪ ਕੌਰ ਲਾਅ ਅਫਸਰ ਨੂੰ ਉਨ੍ਹਾਂ ਦੀ ਵਿਸ਼ੇਸ਼ ਕਾਮਯਾਬੀ ਲਈ ਸਕੂਲ ਵੱਲੋਂ ਸਨਮਾਨਿਤ ਵੀ ਕੀਤਾ ਗਿਆ।ਇਸ ਸਮਾਰੋਹ ਵਿੱਚ ਸਕੂਲ ਦੇ ਬੱਚਿਆਂ ਦੇ ਮਾਤਾ ਪਿਤਾ ਨੇ ਵੀ ਸ਼ਮੂਲੀਅਤ ਕੀਤੀ ਅਤੇ ਫੰਕਸ਼ਨ ਦੀ ਖੂਬ ਸਰਾਹਨਾ ਕੀਤੀ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾਕਟਰ ਮੰਗਲ ਸਿੰਘ ਕਿਸ਼ਨਪੁਰੀ, ਪ੍ਰਿੰ. ਅਮਰਪ੍ਰੀਤ ਕੌਰ ਨੇ ਆਏ ਹੋਏ ਮਹਿਮਾਨਾਂ ਦਾ ਯਾਦਗਾਰੀ ਮੀਮੈਂਟੋ ਨਾਲ ਸਨਮਾਨ ਕੀਤਾ ਗਿਆ। ਪ੍ਰੋਗਰਾਮ ਵਿੱਚ ਪ੍ਰਿੰ. ਅਮਨਦੀਪ ਕੌਰ, ਪ੍ਰਿੰ. ਸੇਂਟ ਸੋਲਜਰ ਸਕੂਲ ਚਵਿੰਡਾ ਦੇਵੀ, ਅਰਵਿੰਦਰ ਸਿੰਘ ਭੱਟੀ, ਡਾ. ਨਿਰਮਲ ਸਿੰਘ, ਐਡਵੋਕੈਟ ਅਮਰੀਕ ਸਿੰਘ, ਕੁਲਵੰਤ ਰਾਏ ਜੈਨ ਐਡਵੋਕੈਟ, ਕਿਰਪਾਲ ਸਿੰਘ ਰਾਮ ਦੀਵਾਲੀ, ਪ੍ਰਮੋਦ ਭਾਟੀਆ ਚੇਅਰਮੈਨ ਸਪੋਰਟਸ ਸੈੱਲ ਪੰਜਾਬ, ਪੰਡਿਤ ਕਿਸ਼ਨ ਦਵੇਸਰ, ਡਾ. ਰੁਪਿੰਦਰ ਸਿੰਘ ਥਿੰਦ, ਬਲਦੇਵ ਸਿੰਘ ਗਾਂਧੀ ਅਤੇ ਸਮੂਹ ਪੱਤਰਕਾਰ ਭਾਈਚਾਰਾ ਅਤੇ ਸਕੂਲ ਦੇ ਵਾਇਸ ਪ੍ਰਿੰ. ਮੈਡਮ ਗੁਰਪ੍ਰੀਤ ਕੌਰ, ਕੋਆਰਡੀਨੇਟਰ ਸ਼ਿਲਪਾ ਸ਼ਰਮਾ, ਨੀਲਾਕਸ਼ੀ ਗੁਪਤਾ, ਰਾਜਵਿੰਦਰ ਕੌਰ ਤੇ ਸਮੂਹ ਸਟਾਫ ਹਾਜ਼ਿਰ ਸਨ।

# ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਤਰਨ ਤਾਰਨ ਦੇ ਪ੍ਰੈੱਸ ਸਕੱਤਰਾਂ ਦੀ ਮੀਟਿੰਗ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਤਰਨਤਾਰਨ ਦੇ ਪ੍ਰੈੱਸ ਸਕੱਤਰਾਂ ਦੀ ਇੱਕ ਮੀਟਿੰਗ ਸੂਬਾ ਆਗੂ ਅਤੇ ਜ਼ਿਲ੍ਹਾ ਪ੍ਰਧਾਨ ਸਤਨਾਮ ਸਿੰਘ ਮਾਣੋਚਾਹਲ ਅਤੇ ਜ਼ਿਲ੍ਹਾ ਪ੍ਰੈੱਸ ਸਕੱਤਰ ਨਵਤੇਜ ਸਿੰਘ ਏਕਲਗੱਡਾ ਦੀ ਪ੍ਰਧਾਨਗੀ ਹੇਠ ਪਿੰਡ ਮਾਣੋਚਾਹਲ ਵਿਖੇ ਹੋਈ। ਮੀਟਿੰਗ ਵਿੱਚ ਜ਼ਿਲ੍ਹਾ ਤਰਨਤਾਰਨ ਦੇ ਵੱਖ-ਵੱਖ ਜ਼ੋਨਾਂ ਦੇ ਪ੍ਰੈੱਸ ਸਕੱਤਰਾਂ ਨੇ ਹਿੱਸਾ ਲਿਆ। ਮੀਟਿੰਗ ਵਿੱਚ 13 ਫ਼ਰਵਰੀ ਨੂੰ ਦਿੱਲੀ ਲੱਗਣ ਜਾ ਰਹੇ ਮੋਰਚੇ ਸਬੰਧੀ ਅਤੇ ਪ੍ਰੈੱਸ ਸਕੱਤਰਾਂ ਨੂੰ ਆ ਰਹੀਆਂ ਮੁਸ਼ਕਲਾਂ ਅਤੇ ਘਾਟਾਂ ਕਮਜ਼ੋਰੀਆਂ ਸਬੰਧੀ ਖੁੱਲ੍ਹ ਕੇ ਵਿਚਾਰ ਚਰਚਾ ਹੋਈ।ਮੀਟਿੰਗ ਵਿੱਚ ਜ਼ੋਨ ਪ੍ਰੈੱਸ ਸਕੱਤਰਾਂ ਨੇ ਆਪਣੇ-ਆਪਣੇ ਵਿਚਾਰ ਪੇਸ਼ ਕੀਤੇ। ਇਸ ਮੌਕੇ ਸਤਨਾਮ ਸਿੰਘ ਮਾਣੋਚਾਹਲ ਨੇ ਕਿਹਾ ਕਿ ਵੱਖ-ਵੱਖ ਮੰਗਾਂ ਨੂੰ ਲੈ ਕੇ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਨਵੇਂ-ਨਵੇਂ ਲਿਆਂਦੇ ਜਾ ਰਹੇ ਕਾਨੂੰਨਾਂ ਅਤੇ ਪਿਛਲੇ ਅੰਦੋਲਨ ਦਰਮਿਆਨ ਜੋ ਕਾਨੂੰਨਾਂ ਨੂੰ ਵਾਪਸ ਨਾ ਕਰਕੇ ਦੇਸ਼ ਦੇ ਕਿਸਾਨਾਂ ਨਾਲ ਵਾਅਦਾ ਖਿਲਾਫੀ ਕੀਤੀ ਹੈ ਉਸ ਦੇ ਸਬੰਧ ਵਿੱਚ ਦਿੱਲੀ ਨੂੰ ਵੱਡੇ ਪੱਧਰ ਜਾਣ ਲਈ 22 ਜਨਵਰੀ ਨੂੰ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਪਿੰਡਾਂ ਦੇ ਲੋਕਾਂ ਨੂੰ ਜਾਗਰੂਕ ਕਰਨ ਲਈ ਪਿੰਡ-ਪਿੰਡ ਵਿਸ਼ਾਲ ਟਰੈਕਟਰ ਮਾਰਚ ਕੱਢੇ ਜਾ ਰਹੇ ਹਨ ਜਿਸ ਵਿੱਚ ਵੱਡੇ ਪੱਧਰ 'ਤੇ ਕਿਸਾਨ ਮਜ਼ਦੂਰ ਆਗੂ ਹਿੱਸਾ ਲੈਣਗੇ। ਉਨ੍ਹਾਂ ਕਿਹਾ ਕਿ 23 ਜਨਵਰੀ ਨੂੰ ਬਿਜਲੀ ਦੇ ਲੱਗ ਰਹੇ ਲੰਮੇ ਕੱਟਾਂ ਅਤੇ ਡੱਲ ਪਿੰਡ ਦਾ ਜੋ ਪਿਛਲੇ 7-8 ਸਾਲ ਤੋਂ ਜੋ ਬਿਜਲੀ ਸਬੰਧੀ ਮਸਲਾ ਲਟਕ ਰਿਹਾ ਹੈ ਉਸ ਦੇ ਸਬੰਧ ਵਿੱਚ ਐੱਸਈ ਦਫ਼ਤਰ ਤਰਨਤਾਰਨ ਵਿਖੇ ਅਣਮਿੱਥੇ ਸਮੇਂ ਲਈ ਧਰਨਾ ਲਗਾਇਆ ਜਾਵੇਗਾ।ਇਸ ਮੌਕੇ ਪ੍ਰੈੱਸ ਸਕੱਤਰ ਭੁਪਿੰਦਰ ਸਿੰਘ ਖਡੂਰ ਸਾਹਿਬ, ਹਰਜਿੰਦਰ ਸਿੰਘ ਘੱਗੇ ਜ਼ੋਨ ਸ੍ਰੀ ਗੁਰੂ ਅੰਗਦ ਦੇਵ ਜੀ, ਗੁਰਸੇਵਕ ਸਿੰਘ ਭਾਈ ਅਦਲੀ, ਕੁਲਜੀਤ ਸਿੰਘ, ਰਣਜੀਤ ਸਿੰਘ ਚੀਮਾ, ਕੁਲਦੀਪ ਸਿੰਘ, ਮਨਜੀਤ ਸਿੰਘ, ਕੁਲਵਿੰਦਰ ਸਿੰਘ ਬਾਣੀਆਂ ਅਤੇ ਸ਼ਮਸ਼ੇਰ ਸਿੰਘ ਤਰਨਤਾਰਨ ਆਦਿ ਆਗੂ ਹਾਜ਼ਰ ਸਨ।

# ਬਿਜਲੀਵਾਲ ਤੋਂ ਅਲੌਕਿਕ ਨਗਰ ਕੀਰਤਨ ਸਜਾਇਆ

**ਨੌਸ਼ਹਿਰਾ ਮੱਝਾ ਸਿੰਘ (ਸਤਨਾਮ ਸਿੰਘ ਕਿਰਤੀ)**-ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਆਗਮਨ ਪੁਰਬ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਬਿਜਲੀਵਾਲ ਤੋਂ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ ਹੇਠ ਪੰਜ ਪਿਆਰੇ ਸਾਹਿਬਾਨ ਦੀ ਅਗਵਾਈ ਹੇਠ ਸਜਾਇਆ ਗਿਆ। ਇਹ ਨਗਰ ਕੀਰਤਨ ਸਵੇਰੇ 9 ਵਜੇ ਦੇ ਕਰੀਬ ਗੁਰਦੁਆਰਾ ਬਾਬਾ ਬੇਲਾ ਸਿੰਘ ਜੀ ਤੋਂ ਆਰੰਭ ਹੋ ਕੇ ਪਿੰਡ ਮਿਲਖੀਵਾਲ, ਭਾਗੋਵਾਲ, ਭੀਖੋਵਾਲੀ, ਮੰਡੇਰ, ਮੁਗਲ, ਨਾਰਵਾਂ, ਪੁਲ ਕੁੰਜਰ, ਘੁੰਮਣ ਕਲਾਂ, ਗੁਰਦੁਆਰਾ ਤਪ ਅਸਥਾਨ ਸੰਤ ਬਾਬਾ ਹਜਾਰਾ ਸਿੰਘ ਜੀ ਨਿੱਕੇ ਘੁੰਮਣ ਪੁੱਜਾ। ਗੁਰਦੁਆਰਾ ਤਪ ਅਸਥਾਨ ਸਾਹਿਬ ਵਿਖੇ ਨਗਰ ਕੀਰਤਨ ਦੇ ਪੁੱਜਣ 'ਤੇ ਬਾਬਾ ਅਮਰੀਕ ਸਿੰਘ ਜੀ ਕਾਰ ਸੇਵਾ ਵਾਲਿਆਂ ਅਤੇ ਬਾਬਾ ਤਰਨਜੀਤ ਸਿੰਘ ਜੀ ਖਾਲਸਾ ਵੱਲੋਂ ਸ

23-jan-PAGE-4-2024.qxd 1/22/2024 10:44 PM Page 1

ਨਵਾਂ ਜ਼ਮਾਨਾ
ਮੰਗਲਵਾਰ, 23 ਜਨਵਰੀ 2024

# ਰਾਹੁਲ ਦੀ ਯਾਤਰਾ ਤੋਂ ਭਾਜਪਾ ਘਬਰਾਈ

*ਜਨਵਰੀ 2024 ਭਾਰਤ ਦੇ ਇਤਿਹਾਸ ਵਿੱਚ ਇੱਕ ਅਹਿਮ ਸਥਾਨ ਹਾਸਲ ਕਰ ਗਿਆ ਹੈ। 22 ਜਨਵਰੀ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਬਾਲ ਰਾਮ ਦੀ ਮੂਰਤੀ ਦੀ ਪ੍ਰਾਣ ਪ੍ਰਤਿਸ਼ਠਾ ਕਰ ਦਿੱਤੀ ਹੈ। ਮੀਡੀਆ ਅਨੁਸਾਰ ਸਾਰਾ ਦੇਸ਼ ਰਾਮ ਦੇ ਜੈਕਾਰਿਆਂ ਨਾਲ ਗੂੰਜਾ ਦਿੱਤਾ ਗਿਆ ਸੀ। ਸੰਘ ਤੇ ਭਾਜਪਾ ਦੇ ਕਾਰਕੁਨ ਘਰ-ਘਰ ਪੁੱਜੇ ਸਨ। ਰਾਮ ਮੰਦਰ ਟਰੱਸਟ ਦੇ ਜਨਰਲ ਸਕੱਤਰ ਦਾ ਦਾਅਵਾ ਹੈ ਕਿ ਨਰਿੰਦਰ ਮੋਦੀ ਵਿਸ਼ਣੂ ਦੇ ਅਵਤਾਰ ਹਨ, ਪਰ ਮੀਡੀਆ ਆਪਣੀ ਰਿਪੋਰਟਿੰਗ ਵਿੱਚ ਇਸ ਤਰ੍ਹਾਂ ਪੇਸ਼ ਕਰ ਰਿਹਾ ਹੈ, ਜਿਵੇਂ ਵਿਸ਼ਣੂ ਖੁਦ ਮੋਦੀ ਦੇ ਅਵਤਾਰ ਹੋਣ।*

*ਜਨਵਰੀ ਇਸ ਲਈ ਵੀ ਅਹਿਮ ਹੈ ਕਿ ਜਦੋਂ ਨਰਿੰਦਰ ਮੋਦੀ ਬਾਲ ਰਾਮ ਦੀ ਮੂਰਤੀ ਅੰਦਰ ਪ੍ਰਾਣਾਂ ਦਾ ਸੰਚਾਰ ਕਰ ਰਹੇ ਸਨ, ਉਤਰ-ਪੂਰਬ ਵਿੱਚ ਰਾਹੁਲ ਗਾਂਧੀ 'ਲੋਕਤੰਤਰ ਦੀ ਆਤਮਾ' ਵਿੱਚ ਪ੍ਰਾਣਾਂ ਦਾ ਸੰਚਾਰ ਕਰਨ ਵਿੱਚ ਲੱਗੇ ਹੋਏ ਸਨ। ਰਾਹੁਲ ਗਾਂਧੀ ਦੀ 'ਭਾਰਤ ਜੋੜੋ ਨਿਆਏ ਯਾਤਰਾ' ਨੇ ਸਿਰਫ਼ ਪਹਿਲੇ ਹਫ਼ਤੇ ਵਿੱਚ ਹੀ ਉਤਰ-ਪੂਰਬ ਵਿੱਚ ਪ੍ਰਾਣਾਂ ਦੀ ਗਰਮੀ ਪੈਦਾ ਕਰ ਦਿੱਤੀ ਹੈ। ਇਹ ਯਾਤਰਾ ਮਨੀਪੁਰ ਤੋਂ ਸ਼ੁਰੂ ਹੋਈ ਸੀ, ਜਿਹੜਾ ਪਿਛਲੇ ਅੱਠ ਮਹੀਨਿਆਂ ਤੋਂ ਅੱਗ ਵਿੱਚ ਸੜ ਰਿਹਾ ਹੈ, ਪਰ ਅਯੁੱਧਿਆ ਵਿੱਚ ਆਪਣੀ ਅਗਲੀ ਸਿਆਸੀ ਪਾਰੀ ਦੀ ਕਾਮਨਾ ਦਾ ਯੱਗ ਕਰ ਰਹੇ ਪ੍ਰਧਾਨ ਮੰਤਰੀ ਨੂੰ ਇਸ ਦੀਆਂ ਲਪਟਾਂ ਦਾ ਜ਼ਰਾ ਵੀ ਸੇਕ ਮਹਿਸੂਸ ਨਹੀਂ ਹੋਇਆ। ਮਨੀਪੁਰ ਵਿੱਚ ਕੁੱਕੀ ਤੇ ਮੈਤੇਈ ਦਾ ਝਗੜਾ ਗ੍ਰਹਿ ਯੁੱਧ ਰੂਪ ਲੈ ਚੁੱਕਾ ਹੈ। ਪੁਲਸ ਤੇ ਅਫ਼ਸਰ ਕਬੀਲਿਆਂ ਦੇ ਪ੍ਰਤੀਨਿਧ ਬਣ ਚੁੱਕੇ ਹਨ। ਉਥੋਂ ਦਾ ਰਾਜਪਾਲ ਜਦੋਂ ਮੈਤੇਈ ਇਲਾਕੇ ਵਿੱਚੋਂ ਕੁੱਕੀ ਇਲਾਕੇ ਵਿੱਚ ਜਾਂਦਾ ਹੈ ਤਾਂ ਉਸ ਦੇ ਮੈਤੇਈ ਡਰਾਈਵਰ ਨੂੰ ਬਦਲ ਕੇ ਕੁੱਕੀ ਡਰਾਈਵਰ ਲਾਇਆ ਜਾਂਦਾ ਹੈ। ਇਹ ਸਥਿਤੀ ਭਾਰਤ ਦੀ ਏਕਤਾ ਤੇ ਅਖੰਡਤਾ ਉੱਤੇ ਇੱਕ ਵੱਡਾ ਹਮਲਾ ਹੈ। ਇਸ ਦੇ ਬਾਵਜੂਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਕੋਈ ਚਿੰਤਾ ਨਹੀਂ। ਸੈਂਕੜੇ ਮੌਤਾਂ, ਬਲਾਤਕਾਰ ਤੇ ਔਰਤਾਂ ਨੂੰ ਨੰਗਿਆਂ ਕਰਕੇ ਘੁੰਮਾਉਣ ਦੀਆਂ ਘਟਨਾਵਾਂ ਵੀ ਉਨ੍ਹਾ ਦਾ ਮੌਨ ਵਰਤ ਨਹੀਂ ਤੋੜ ਸਕੀਆਂ।*

*ਅਜਿਹੇ ਵਿੱਚ ਰਾਹੁਲ ਗਾਂਧੀ ਨੇ ਆਪਣੀ ਯਾਤਰਾ ਮਨੀਪੁਰ ਤੋਂ ਸ਼ੁਰੂ ਕਰਕੇ ਇੱਕ ਜਾਗਰੂਕ ਨਾਗਰਿਕ ਦੀ ਭੂਮਿਕਾ ਨਿਭਾਈ ਹੈ। ਉਨ੍ਹਾ ਦੋਵਾਂ ਭਾਈਚਾਰਿਆਂ ਨੂੰ ਆਪਣੇ ਗਲ ਨਾਲ ਲਾਇਆ। ਰਾਹੁਲ ਗਾਂਧੀ ਦੀ ਯਾਤਰਾ ਨੂੰ ਨਾਗਾਲੈਂਡ, ਅਰੁਣਾਚਲ ਤੇ ਅਸਾਮ ਵਿੱਚ ਵੀ ਭਰਪੂਰ ਸਮਰਥਨ ਮਿਲਿਆ ਹੈ। ਭਾਜਪਾਈਆਂ ਨੂੰ ਆਸ ਸੀ ਕਿ ਇਹ ਯਾਤਰਾ ਸਫਲ ਨਹੀਂ ਹੋਵੇਗੀ, ਕਿਉਂਕਿ ਉਤਰ-ਪੂਰਬੀ ਰਾਜਾਂ ਵਿੱਚ ਕਾਂਗਰਸ ਆਪਣਾ ਜਨਅਧਾਰ ਗੁਆ ਚੁੱਕੀ ਹੈ। ਭਾਜਪਾ ਨੂੰ ਇਹ ਵੀ ਭਰੋਸਾ ਸੀ ਕਿ ਉਸ ਵੱਲੋਂ ਰਾਮ ਮੰਦਰ ਦੇ ਨਾਂਅ ਉੱਤੇ ਸ਼ੁਰੂ ਕੀਤੇ ਗਏ ਦੇਸ਼ਵਿਆਪੀ ਜਨੂੰਨ ਦਾ ਤੂਫਾਨ ਯਾਤਰਾ ਦੇ ਪ੍ਰਭਾਵ ਨੂੰ ਨਸ਼ਟ ਕਰ ਦੇਵੇਗਾ, ਪਰ ਜਦੋਂ ਹੀ ਇਹ ਯਾਤਰਾ ਅਸਾਮ ਵਿੱਚ ਪੁੱਜੀ ਤਾਂ ਇਸ ਨੇ ਭਾਜਪਾ ਦੀਆਂ ਸਾਰੀ ਗਿਣਤੀਆਂ-ਮਿਣਤੀਆਂ ਨੂੰ ਤਹਿਸ-ਨਹਿਸ ਕਰ ਦਿੱਤਾ। ਰਾਹੁਲ ਨੂੰ ਦੇਖਣ ਵਾਲਿਆਂ ਦੀਆਂ ਭੀੜਾਂ ਨੇ ਭਾਜਪਾਈਆਂ ਨੂੰ ਚਿੰਤਾ ਵਿੱਚ ਪਾ ਦਿੱਤਾ। ਪਹਿਲਾਂ ਯਾਤਰਾ ਦੇ ਆਯੋਜਕਾਂ ਉਤੇ ਕੇਸ ਦਰਜ ਕੀਤਾ ਗਿਆ, ਫਿਰ ਦੋ ਵਾਰ ਯਾਤਰਾ ਵਿੱਚ ਸ਼ਾਮਲ ਵਿਅਕਤੀਆਂ ਉੱਤੇ ਭਾਜਪਾਈ ਗੁੰਡਿਆਂ ਵੱਲੋਂ ਹਮਲੇ ਕੀਤੇ ਗਏ। ਯਾਤਰਾ ਦੇ ਪੋਸਟਰ ਪਾੜੇ ਗਏ ਤੇ ਗੱਡੀਆਂ ਉੱਤੇ ਪਥਰਾਅ ਕੀਤਾ ਗਿਆ।*

*ਇੱਥੇ ਬੱਸ ਨਹੀਂ, ਅਸਾਮ ਦੇ ਮੁੱਖ ਮੰਤਰੀ ਹਿਮੰਤ ਬਿਸਵਾ ਸਰਮਾ ਨੇ 21 ਤਰੀਕ ਨੂੰ ਪ੍ਰੈੱਸ ਕਾਨਫ਼ਰੰਸ ਕਰਕੇ ਰਾਹੁਲ ਗਾਂਧੀ ਨੂੰ ਆਪਣੀ ਯਾਤਰਾ ਨੂੰ ਉਦੋਂ ਤੱਕ ਟਾਲ ਦੇਣ ਦਾ ਕਹਿ ਦਿੱਤਾ, ਜਦੋਂ ਤੱਕ ਨਰਿੰਦਰ ਮੋਦੀ ਅਯੁੱਧਿਆ ਵਿੱਚ ਪ੍ਰਾਣ ਪ੍ਰਤਿਸ਼ਠਾ ਪੂਰੀ ਨਹੀਂ ਕਰ ਲੈਂਦਾ। ਰਾਹੁਲ ਗਾਂਧੀ ਨੇ 22 ਜਨਵਰੀ ਨੂੰ ਸਵੇਰੇ 7 ਵਜੇ ਅਸਾਮ ਦੇ 15ਵੀਂ ਸਦੀ ਦੇ ਸੰਤ ਸ਼ੰਕਰ ਦੇਵ ਦੇ ਜਨਮ ਸਥਾਨ ਬੋਰਦੇਵਾ ਵਿੱਚ ਉਨ੍ਹਾ ਨੂੰ ਸ਼ਰਧਾਂਜਲੀ ਭੇਟ ਕਰਨੀ ਸੀ। ਮੁੱਖ ਮੰਤਰੀ ਦੀ ਹਦਾਇਤ ਉੱਤੇ ਅਧਿਕਾਰੀਆਂ ਨੇ ਸਥਾਨਕ ਸੰਸਦਾਂ ਤੇ ਵਿਧਾਇਕਾਂ ਨੂੰ ਤਾਂ ਮੰਦਰ ਵਿੱਚ ਜਾਣ ਦੀ ਆਗਿਆ ਦੇ ਦਿੱਤੀ, ਪਰ ਰਾਹੁਲ ਨੂੰ ਅੰਦਰ ਜਾਣੋਂ ਰੋਕ ਦਿੱਤਾ।*

*ਮੁੱਖ ਮੰਤਰੀ ਨੇ ਪ੍ਰੈੱਸ ਕਾਨਫ਼ਰੰਸ 'ਚ ਇਹ ਡਰ ਵੀ ਪ੍ਰਗਟ ਕਰ ਦਿੱਤਾ ਕਿ ਜਦੋਂ ਟੀ ਵੀ ਚੈਨਲ ਅੱਧੀ ਸਕਰੀਨ 'ਤੇ ਨਰਿੰਦਰ ਮੋਦੀ ਨੂੰ ਦਿਖਾਉਣਗੇ ਤੇ ਅੱਧੀ 'ਤੇ ਰਾਹੁਲ ਨੂੰ ਤਾਂ ਇਹ ਮੁਕਾਬਲੇਬਾਜ਼ੀ ਹੋ ਜਾਵੇਗੀ। ਪ੍ਰਬੰਧਕ ਕਮੇਟੀ ਨੇ ਵੀ ਇਹ ਕਹਿ ਦਿੱਤਾ ਕਿ ਰਾਮ ਪ੍ਰਾਣ ਪ੍ਰਤਿਸ਼ਠਾ ਕਾਰਨ ਮੰਦਰ ਵਿੱਚ ਲੋਕਾਂ ਦੀ ਭੀੜ ਹੋਵੇਗੀ, ਜਦੋਂ ਕਿ ਸੰਤ ਸ਼ੰਕਰ ਦੇਵ ਤਾਂ ਭਗਤੀ ਲਹਿਰ ਦੇ ਆਗੂ ਸਨ, ਜਿਨ੍ਹਾ ਸਨਾਤਨ ਧਰਮ ਤੇ ਮਨੂੰਵਾਦ ਦੀ ਜਾਤੀ ਪ੍ਰਥਾ ਦਾ ਵਿਰੋਧ ਕੀਤਾ ਸੀ। ਰਾਜ ਸਰਕਾਰ ਦੀ ਧੱਕੜਸ਼ਾਹੀ ਵਿਰੁੱਧ ਰਾਹੁਲ ਗਾਂਧੀ ਸਮਰਥਕਾਂ ਸਮੇਤ ਮੰਦਰ ਅੱਗੇ ਧਰਨੇ 'ਤੇ ਬੈਠ ਗਏ ਸਨ। ਰਾਹੁਲ ਗਾਂਧੀ ਨੇ 25 ਜਨਵਰੀ ਤੱਕ ਅਸਾਮ ਵਿੱਚ ਰਹਿਣਾ ਹੈ। ਉਸ ਤੋਂ ਬਾਅਦ ਇਹ ਯਾਤਰਾ ਪੱਛਮੀ ਬੰਗਾਲ ਤੇ ਬਿਹਾਰ ਤੋਂ ਹੋ ਕੇ ਉਤਰ ਪ੍ਰਦੇਸ਼ ਵਿੱਚ ਦਾਖ਼ਲ ਹੋਵੇਗੀ। ਡਰ ਹੈ ਕਿ ਉੱਤਰ ਪ੍ਰਦੇਸ਼ ਵਿੱਚ ਵੀ ਭਾਜਪਾਈ ਵਿਘਨ ਪਾਉਣ। ਇਸ ਲਈ 'ਇੰਡੀਆ' ਗਠਜੋੜ ਨੂੰ ਮੈਦਾਨ ਮੱਲਣਾ ਚਾਹੀਦਾ ਹੈ।*

**-ਚੰਦ ਫਤਿਹਪੁਰੀ**

## ਬੜੇ ਖਿੜਾ ਕੇ ਗੁੱਲ ਜਾਵੋਗੇ !

*ਬਣਾ ਕੇ ਇੱਕ ਚੋਟੀ ਦਾ ਮੰਦਰ, ਭਾਰਤ ਦਾ ਨਿਰਮਾਣ ਕਰਾਂਗੇ।*
*ਜਿਹੜਾ ਪੈੜ 'ਚ ਪੈੜ ਨਾ ਰੱਖੇ, ਰੱਜ ਕੇ ਉਸ ਦਾ ਘਾਣ ਕਰਾਂਗੇ,*
*ਰਾਮ ਰਾਜ ਦੀ ਤਰਜ਼ ਦੇ 'ਤੇ, 'ਸੀਤਾ' ਦਾ ਅਪਮਾਨ ਕਰਾਂਗੇ।*
*ਬਹਿ ਜਾਵਾਂਗੇ ਗੋਦੀ ਅੰਦਰ, ਚੰਗਾ ਪਾਣ ਤੇ ਖਾਣ ਕਰਾਂਗੇ,*
*ਹੱਥਾਂ ਵਿੱਚੋਂ ਖੋਹ ਕੇ ਥਾਲੀ, ਲੋਕਾਂ ਦਾ ਕਲਿਆਣ ਕਰਾਂਗੇ।*
*ਭੂਤਕਾਲ ਵੱਲ ਮੋੜ ਕੇ ਸਭ ਨੂੰ, ਸੱਭਿਅਤਾ 'ਤੇ ਮਾਣ ਕਰਾਂਗੇ,*
*ਵਗਦੀ ਗੰਗਾ ਮੋੜ ਕੇ ਪਹਿਲਾਂ, ਭੋਲੇ ਦਾ ਗੁਣਗਾਣ ਕਰਾਂਗੇ।*
*ਲਹੂ ਪੀਣ ਦਾ ਬੜਾ ਫੈਸਲਾ, ਛਾਨਣੀ ਵਿੱਚੋਂ ਛਾਣ ਕਰਾਂਗੇ,*
*ਐਸਾ ਰਾਜ ਲਿਆਵਾਂਗੇ ਕਿ, ਰਾਮ ਰਾਜ ਨੂੰ ਭੁੱਲ ਜਾਵੋਗੇ।*
*ਜਦੋਂ ਫੁੱਲ ਦਾ ਪਾਸਕ ਪਾਇਆ, ਤੱਕੜੀ ਦੇ ਵਿੱਚ ਤੁਲ ਜਾਵੋਗੇ,*
*ਤੁਹਾਡੀ ਕੋਈ ਹੈਸੀਅਤ ਹੈਨੀ, ਜਿੱਪਾਂ ਬਣ ਕੇ ਖੁੱਲ੍ਹ ਜਾਵੋਗੇ।*
*ਜੇ ਨਾ ਸੋਚ ਸੁਹਾਗਣ ਹੋਈ, ਬੜੇ ਖਿੜਾ ਕੇ ਗੁੱਲ ਜਾਵੋਗੇ,*

**-ਗੁਲਪੁਰ**

# ਦੇਸ਼ ਦੀ ਆਜ਼ਾਦੀ ਦੇ ਅੰਦੋਲਨ ਦਾ ਕ੍ਰਾਂਤੀਕਾਰੀ ਨੇਤਾ ਸੁਭਾਸ਼ ਚੰਦਰ ਬੋਸ

**ਪਿਰਥੀਪਾਲ ਸਿੰਘ ਮਾੜੀਮੇਘਾ**

ਮਹਾਨ ਕ੍ਰਾਂਤੀਕਾਰੀ ਨੇਤਾ ਜੀ ਸੁਭਾਸ਼ ਚੰਦਰ ਬੋਸ ਵਿਅਕਤੀਗਤ ਆਤੰਕਵਾਦੀ ਐਕਸ਼ਨਾਂ ਨੂੰ ਆਜ਼ਾਦੀ ਦੀ ਲੜਾਈ ਵਾਸਤੇ ਬਹੁਤਾ ਚੰਗਾ ਨਹੀਂ ਸੀ ਸਮਝਦੇ, ਪਰ ਸਾਮਰਾਜੀ ਅੰਗਰੇਜ਼ ਹਕੂਮਤ ਵਿਰੁੱਧ ਅਜਿਹੇ ਆਪਾ ਵਾਰੂ ਦ੍ਰਿੜ੍ਹ ਐਕਸ਼ਨਾਂ ਨਾਲ ਪੂਰੀ ਹਮਦਰਦੀ ਰੱਖਦੇ ਸਨ। ਨੇਤਾ ਜੀ ਮਹਾਤਮਾ ਗਾਂਧੀ ਦੀ ਸ਼ਾਂਤਮਈ ਨੀਤੀ ਨਾਲ ਵੀ ਸਹਿਮਤ ਨਹੀਂ ਸਨ। ਇਸ ਨੀਤੀ ਨਾਲ ਨੇਤਾ ਜੀ ਦੇ ਮੱਤਭੇਦ ਇਸ ਕਰਕੇ ਸਨ ਕਿ ਗਾਂਧੀ ਸ਼ਾਂਤਮਈ ਢੰਗ ਨਾਲ ਵਿਦੇਸ਼ੀ ਸਰਮਾਏਦਾਰੀ ਤੋਂ ਹਿੰਦੁਸਤਾਨ ਮੁਕਤ ਕਰਾ ਕੇ ਹਿੰਦ ਦੀ ਸਰਮਾਏਦਾਰੀ ਨੂੰ ਸੌਂਪਣਾ ਚਾਹੁੰਦਾ ਸੀ, ਜਦੋਂ ਕਿ ਨੇਤਾ ਜੀ ਕਿਰਤੀਆਂ ਦਾ ਰਾਜ ਪ੍ਰਬੰਧ ਕਾਇਮ ਕਰਕੇ ਸਮਾਜ ਵਿੱਚ ਮਨੁੱਖੀ ਬਰਾਬਰਤਾ ਲਿਆਉਣਾ ਚਾਹੁੰਦੇ ਸਨ। ਅਖੀਰ ਗਾਂਧੀ ਦੀ ਸੋਚ ਕਾਮਯਾਬ ਹੋ ਗਈ ਤੇ ਆਜ਼ਾਦ ਭਾਰਤ ਵਿੱਚ ਅਮੀਰ ਹੋਰ ਅਮੀਰ ਹੁੰਦਾ ਗਿਆ। ਜਦੋਂ ਕਿ ਦੂਜੇ ਪਾਸੇ ਦੇਸ਼ ਦੀ ਵਡੇਰੀ ਵਸੋਂ ਗ਼ਰੀਬ ਤੋਂ ਗ਼ਰੀਬ ਹੁੰਦੀ ਗਈ, ਅੱਜ ਦੇਸ਼ ਦੀ ਕੁੱਲ ਦੌਲਤ 'ਤੇ 10 ਫੀਸਦੀ ਅਮੀਰਾਂ ਦਾ ਕਬਜ਼ਾ ਹੈ।

ਨੇਤਾ ਜੀ ਸੁਭਾਸ਼ ਚੰਦਰ ਬੋਸ ਦਾ ਜਨਮ 23 ਜਨਵਰੀ 1897 ਨੂੰ ਉੜੀਸਾ ਦੇ ਪ੍ਰਸਿੱਧ ਸ਼ਹਿਰ ਕਟਕ ਵਿੱਚ ਮਾਤਾ ਪ੍ਰਭਾਵਤੀ ਤੇ ਪਿਤਾ ਜਾਨਕੀ ਨਾਥ ਬੋਸ ਦੇ ਘਰ ਹੋਇਆ। ਨੇਤਾ ਜੀ ਆਪਣੇ ਪ੍ਰਵਾਰ ਦੇ ਨੌਵੇਂ ਬੱਚੇ ਸਨ। ਆਪ ਜੀ ਦੇ ਪਿਤਾ ਜਾਨਕੀ ਨਾਥ ਸ਼ਹਿਰ ਦੇ ਪ੍ਰਸਿੱਧ ਵਕੀਲ ਸਨ। ਜਾਨਕੀ ਨਾਥ ਸ਼ਹਿਰ ਦੀਆਂ ਕਈ ਪਬਲਿਕ, ਸਮਾਜਿਕ ਤੇ ਵਿਦਿਅਕ ਸੰਸਥਾਵਾਂ ਨਾਲ ਸੰਬੰਧ ਰੱਖਦੇ ਸਨ। ਉਹ ਬੰਗਾਲ ਐਸੰਬਲੀ ਦੇ ਮੈਂਬਰ ਤੇ ਕੱਟਕ ਦੀ ਮਿਉਂਸਪਲ ਕਮੇਟੀ ਦੇ ਪ੍ਰਧਾਨ ਵੀ ਸਨ। ਉਨ੍ਹਾਂ ਨੂੰ ਅੰਗਰੇਜ਼ਾਂ ਨੇ ਰਾਏ ਬਹਾਦਰ ਦਾ ਖਿਤਾਬ ਦਿੱਤਾ ਹੋਇਆ ਸੀ ਜੋ ਉਨ੍ਹਾਂ ਨੇ ਬਰਤਾਨਵੀ ਹਕੂਮਤ ਦੀ ਜਾਬਰ ਨੀਤੀ ਵਿਰੁੱਧ ਰੋਸ ਵਜੋਂ 1930 ਵਿੱਚ ਵਾਪਸ ਕਰ ਦਿੱਤਾ ਸੀ।

ਨੇਤਾ ਜੀ ਦਾ ਰਾਜਸੀ ਜੀਵਨ 16 ਜੁਲਾਈ 1921 ਨੂੰ ਮਹਾਤਮਾ ਗਾਂਧੀ ਨੂੰ ਮਿਲਣ ਨਾਲ ਸ਼ੁਰੂ ਹੋਇਆ। ਨੇਤਾ ਜੀ ਗਾਂਧੀ ਜੀ ਦਾ ਸਾਦਾ ਪਹਿਰਾਵਾ ਵੇਖ ਕੇ ਉਨ੍ਹਾਂ ਨੂੰ ਕੁੱਝ ਵੱਖਰਾ ਮਹਿਸੂਸ ਕਰਨ ਲੱਗੇ। ਉਨ੍ਹਾਂ ਨਾਲ ਗੱਲਬਾਤ ਦੌਰਾਨ ਨੇਤਾ ਜੀ ਨੇ ਉਨ੍ਹਾਂ ਨੂੰ ਤਿੰਨ ਸਵਾਲ ਕੀਤੇ ਕਿ 'ਟੈਕਸ ਨਾ ਦੇਣ ਜਾਂ ਸਿਵਲ ਨਾ-ਫਰਮਾਨੀ ਨਾਲ ਅੰਗਰੇਜ਼ ਸਾਨੂੰ ਆਜ਼ਾਦ ਕਰ ਦੇਣਗੇ ਅਤੇ ਇੱਕ ਸਾਲ ਅੰਦਰ ਸਵਰਾਜ ਦਾ ਟੀਚਾ ਪੂਰਾ ਕਿਵੇਂ ਹੋਵੇਗਾ।' ਗਾਂਧੀ ਜੀ ਦਾ ਜੁਆਬ ਸੀ, 'ਵਿਦੇਸ਼ੀ ਕੱਪੜੇ ਦਾ ਬਾਈਕਾਟ ਅਤੇ ਆਪਣੇ ਖੱਦਰ ਦੇ ਕੱਪੜੇ ਵਰਤਣ ਕਰਕੇ ਸਰਕਾਰ ਸਾਨੂੰ ਫ਼ੜ ਕੇ ਜੇਲ੍ਹਾਂ ਵਿੱਚ ਡੱਕ ਦੇਵੇਗੀ ਤੇ ਫਿਰ ਅਸੀਂ ਟੈਕਸ ਦੇ ਨਾ ਸਕਾਂਗੇ ਤੇ ਸਾਡਾ ਅੰਦੋਲਨ ਕਾਮਯਾਬ ਹੋਵੇਗਾ। ਨੇਤਾ ਜੀ ਨੇ ਪੁੱਛਿਆ, 'ਕੀ ਵਿਦੇਸ਼ੀ ਕੱਪੜੇ ਦੇ ਬਾਈਕਾਟ ਨਾਲ ਇੰਗਲੈਂਡ ਦੇ ਜੋ ਕੱਪੜੇ ਲੰਕਾ ਸ਼ਹਿਰ ਵਿੱਚ ਵਿਕਦੇ ਹਨ, ਉਨ੍ਹਾਂ ਦੀ ਹਾਲਤ ਇੰਨੀਂ ਖ਼ਰਾਬ ਹੋ ਜਾਵੇਗੀ ਕਿ ਅੰਗਰੇਜ਼ ਤੁਹਾਡੇ ਨਾਲ ਸਮਝੌਤਾ ਕਰਨ ਲਈ ਗਿੜਗੜਾਉਣ ਲੱਗ ਪੈਣਗੇ...। ਗਾਂਧੀ ਜੀ ਦੀ ਇੱਕ ਸਾਲ ਵਿੱਚ ਸਵਰਾਜ ਪ੍ਰਾਪਤ ਕਰਨ ਵਾਲੀ ਗੱਲ ਵੀ ਮੈਨੂੰ ਬੇਅਰਥ ਜਾਪੀ। ਮੈਨੂੰ ਇੰਝ ਲੱਗਾ ਕਿ ਗਾਂਧੀ ਜੀ ਦਾ ਜੁਆਬ ਅਤਾਊਂ-ਬਤਾਊਂ ਹੀ ਸੀ ਜਾਂ ਫਿਰ ਉਹ ਆਪਣਾ ਭੇਤ ਨਹੀਂ ਸੀ ਖੋਲ੍ਹਣਾ ਚਾਹੁੰਦੇ।

ਸੁਭਾਸ਼ ਚੰਦਰ ਬੋਸ ਨੇ 24 ਸਾਲ ਦੀ ਉਮਰ ਵਿੱਚ ਕਾਂਗਰਸ ਦੀ ਵਾਲੰਟੀਅਰ ਕੋਰ ਦੀ ਕਪਤਾਨੀ ਸੰਭਾਲ ਲਈ ਅਤੇ ਜਲਦੀ ਹੀ ਅੰਗਰੇਜ਼ੀ ਹਕੂਮਤ ਨੇ ਵਾਲੰਟੀਅਰ ਕੋਰ ਨੂੰ ਗੈਰ-ਕਾਨੂੰਨੀ ਕਰਾਰ ਦੇ ਦਿੱਤਾ ਤੇ ਨੇਤਾ ਜੀ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਰਿਹਾਈ ਤੋਂ ਬਾਅਦ ਨੇਤਾ ਜੀ ਜਲਦੀ ਹੀ ਬੰਗਾਲ ਕਾਂਗਰਸ ਪਬਲੀਸਿਟੀ ਅਫਸਰ ਨਿਯੁਕਤ ਹੋਏ।

ਸੁਭਾਸ਼ ਚੰਦਰ ਬੋਸ ਨੇ ਟਾਟਾ ਦੀਆਂ ਫੈਕਟਰੀਆਂ ਵਿੱਚ ਏਟਕ ਦੀ ਅਗਵਾਈ ਹੇਠ ਮਜ਼ਦੂਰਾਂ ਨੂੰ ਜਥੇਬੰਦ ਕਰਨਾ ਸ਼ੁਰੂ ਕਰ ਦਿੱਤਾ ਤੇ ਉਹ ਜਲਦੀ ਹੀ ਏਟਕ ਜਥੇਬੰਦੀ ਦੇ ਆਲ ਇੰਡੀਆ ਦੇ ਪ੍ਰਧਾਨ ਬਣ ਗਏ। ਇਸੇ ਸਮੇਂ ਦੌਰਾਨ ਹੀ ਨੇਤਾ ਜੀ ਦੈਨਿਕ ਅਖਬਾਰ 'ਫਾਰਵਰਡ' ਅਦੇ ਸੰਪਾਦਕ ਬਣੇ। ਕਲਕੱਤੇ ਦੀ ਪਹਿਲੀ ਮਿਉਂਸਪਲ ਕਾਰਪੋਰੇਸ਼ਨ ਦੀ ਚੋਣ ਸਵਰਾਜ ਪਾਰਟੀ ਨੇ ਜਿੱਤ ਲਈ ਤੇ ਸੀ ਆਰ ਦਾਸ ਕਾਰਪੋਰੇਸ਼ਨ ਦੇ ਪ੍ਰਧਾਨ ਬਣ ਗਏ ਤੇ ਸੁਭਾਸ਼ ਚੰਦਰ ਬੋਸ ਨੂੰ ਕਾਰਪੋਰੇਸ਼ਨ ਦਾ ਮੁੱਖ ਕਾਰਜਕਾਰੀ ਅਫ਼ਸਰ ਨਿਯੁਕਤ ਕੀਤਾ ਗਿਆ।

ਕਮਿਊਨਿਸਟ ਕੌਮਾਂਤਰੀ ਦੀ ਚੌਥੀ ਕਾਂਗਰਸ 1922 ਵਿੱਚ ਮਾਸਕੋ ਵਿਖੇ ਆਉਣ ਦਾ ਸੱਦਾ ਪੰਜ ਭਾਰਤੀਆਂ ਨੂੰ ਮਿਲਿਆ, ਜਿਨ੍ਹਾਂ ਵਿੱਚ ਸੁਭਾਸ਼ ਚੰਦਰ ਬੋਸ ਵੀ ਸੀ, ਪਰ ਬੋਸ 'ਤੇ ਅੰਗਰੇਜ਼ੀ ਹਕੂਮਤ ਨੇ ਇੰਨੀਆਂ ਜ਼ਿਆਦਾ ਪਾਬੰਦੀਆਂ ਲਾਈਆਂ ਹੋਈਆਂ ਸਨ ਕਿ ਉਹ ਮਾਸਕੋ ਜਾ ਨਾ ਸਕੇ। ਨੇਤਾ ਜੀ 'ਤੇ ਪਾਬੰਦੀਆਂ ਇਸ ਕਰਕੇ ਵਧੇਰੇ ਲੱਗੀਆਂ ਹੋਈਆਂ ਸਨ ਕਿ ਉਨ੍ਹਾਂ ਦੀ ਸਾਮਰਾਜ ਵਿਰੋਧੀ ਤੇ ਅਗਾਂਹਵਧੂ ਵਿਚਾਰਾਂ ਦੀ ਧੁੰਮ ਵਿਦੇਸ਼ਾਂ ਤੱਕ ਪੁੱਜੀ ਹੋਈ ਸੀ।

ਅੰਗਰੇਜ਼ਾਂ ਨੇ ਨੇਤਾ ਜੀ ਨੂੰ ਅਕਤੂਬਰ 1924 ਵਿੱਚ ਸ਼ੱਕੀ ਅੱਤਵਾਦੀਆਂ ਦੇ ਨਾਲ਼ ਹੀ ਗ੍ਰਿਫ਼ਤਾਰ ਕਰਕੇ ਬਰਮਾ ਦੇ ਮਾਂਡਲੇ ਕਿਲ੍ਹੇ ਵਿੱਚ ਬੰਦ ਕਰ ਦਿੱਤਾ। ਇਥੇ ਕਾਂਗਰਸ ਦੇ ਵੱਡੇ ਆਗੂ ਤਿਲਕ ਤੇ ਲਾਲਾ ਲਾਜਪਤ ਰਾਏ ਵੀ ਸਨ। ਉਨ੍ਹਾਂ ਨਾਲ ਆਮ ਹੀ ਨੇਤਾ ਜੀ ਦੀਆਂ ਵਿਚਾਰਾਂ ਹੁੰਦੀਆਂ। ਇਨ੍ਹਾਂ ਵਿਚਾਰਾਂ ਤੋਂ ਨੇਤਾ ਜੀ ਨੂੰ ਹੋਰ ਗਹਿਰਾਈ ਨਾਲ ਪੜ੍ਹਨ ਦਾ ਮਹਿਸੂਸ ਹੋਇਆ ਤੇ ਉਹ ਜੇਲ੍ਹ ਵਿੱਚ ਖੂਬ ਪੜ੍ਹੇ। ਸੁਭਾਸ਼ ਚੰਦਰ ਜੇਲ੍ਹ ਵਿੱਚ ਕਾਫੀ ਬਿਮਾਰ ਹੋ ਗਏ। ਅੰਦੋਲਨਕਾਰੀਆਂ ਨੇ ਸਰਕਾਰ 'ਤੇ ਜ਼ੋਰ ਪਾਇਆ ਕਿ ਨੇਤਾ ਜੀ ਨੂੰ ਸਿਹਤ ਦਾ ਇਲਾਜ ਕਰਾਉਣ ਵਾਸਤੇ ਰਿਹਾ ਕੀਤਾ ਜਾਵੇ। ਸਰਕਾਰ ਨੇ ਸ਼ਰਤ ਰੱਖ ਦਿੱਤੀ ਕਿ ਇਸ ਨੂੰ ਰਿਹਾਅ ਕਰ ਦਿੱਤਾ ਜਾਵੇਗਾ ਪਰ ਇਹ ਹਿੰਦੁਸਤਾਨ ਤੋਂ ਬਾਹਰ ਨਾ ਜਾਵੇ, ਪਰ ਸੁਭਾਸ਼ ਚੰਦਰ ਦਾ ਜੁਆਬ ਸੀ, 'ਮੈਂ ਸੌਦਾ ਕਰਨ ਵਾਲਾ ਦੁਕਾਨਦਾਰ ਨਹੀਂ।' ਅੰਤ ਅੰਗਰੇਜ਼ਾਂ ਨੇ ਉਨ੍ਹਾਂ ਨ

23-JAN-PAGE-5.qxd 1/22/2024 10:28 PM Page 1



# ਏ ਆਈ ਐੱਸ ਐੱਫ ਤੇ ਏ ਆਈ ਵਾਈ ਐੱਫ ਨੇ ਡੀ ਸੀ ਦਾ ਪੁਤਲਾ ਫੂਕਿਆ

## ■ ਮੰਗਾਂ ਨਾ ਮੰਨੇ ਜਾਣ ਤੱਕ ਅਰਥੀ ਫੂਕ ਮੁਜ਼ਾਹਰੇ ਜਾਰੀ ਰੱਖਣ ਦਾ ਐਲਾਨ

**ਫਾਜ਼ਿਲਕਾ (ਰਣਬੀਰ ਕੌਰ ਢਾਬਾਂ)**

ਸਰਬ ਭਾਰਤ ਨੌਜਵਾਨ ਸਭਾ (ਏ ਆਈ ਵਾਈ ਐੱਫ) ਅਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ (ਏ ਆਈ ਐੱਸ ਐੱਫ) ਵੱਲੋਂ ਸਰਹੱਦੀ ਖੇਤਰ ਦੀਆਂ ਬੁਨਿਆਦੀ ਮੰਗਾਂ ਨੂੰ ਲੈ ਕੇ ਬਾਰਡਰ ਪੱਟੀ ਦੇ ਪਿੰਡ ਝੰਗੜ ਭੈਣੀ ਵਿਖੇ ਡਿਪਟੀ ਕਮਿਸ਼ਨਰ ਫਾਜ਼ਿਲਕਾ ਸੇਨੂ ਦੁੱਗਲ ਦਾ ਪੁਤਲਾ ਫੂਕ ਕੇ ਪ੍ਰਦਰਸ਼ਨ ਕੀਤਾ ਗਿਆ।ਇਸ ਪੁਤਲਾ ਫੂਕ ਪ੍ਰਦਰਸ਼ਨ ਦੀ ਅਗਵਾਈ ਨੌਜਵਾਨ ਸਭਾ ਦੇ ਜ਼ਿਲ੍ਹਾ ਸਕੱਤਰ ਸ਼ੁਬੇਗ ਝੰਗੜ ਭੈਣੀ, ਗੁਰਦਿਆਲ ਸਿੰਘ, ਏ ਆਈ ਐੱਸ ਐੱਫ ਦੀ ਜ਼ਿਲ੍ਹਾ ਆਗੂ ਹਰਮਨਜੋਤ ਕੌਰ, ਸੁਰਿੰਦਰ ਬਾਹਮਣੀ ਤੇ ਕੁੱਲ ਹਿੰਦ ਕਿਸਾਨ ਸਭਾ ਦੇ ਬਲਾਕ ਪ੍ਰਧਾਨ ਕੁਲਦੀਪ ਬੱਧੂਸਾਹ ਨੇ ਕੀਤੀ।

ਇਸ ਮੌਕੇ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਬਾਰਡਰ ਪੱਟੀ ਦੇ ਲੋਕਾਂ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਤੇ ਪੰਜਾਬ ਸਰਕਾਰ ਨੂੰ ਮੁਢਲੀਆਂ ਬੁਨਿਆਦੀ ਸਹੂਲਤਾਂ ਦੇਣ ਦੀ ਮੰਗ ਨੂੰ ਲੈ ਕੇ ਜਥੇਬੰਦੀਆਂ ਵੱਲੋਂ ਦੋ ਵਾਰ ਮੰਗ ਪੱਤਰ ਤੇ ਚੇਤਾਵਨੀ ਪੱਤਰ ਦਿੱਤਾ ਜਾ ਚੁੱਕਿਆ ਹੈ।ਇਸ ਸਭ ਦੇ ਬਾਵਜੂਦ ਜ਼ਿਲ੍ਹਾ ਪ੍ਰਸ਼ਾਸਨ ਹਰਕਤ ਵਿੱਚ ਨਹੀਂ ਆਇਆ, ਜਿਸ ਕਾਰਨ ਅੱਜ ਰੋਸ ਵਜੋਂ ਡੀ ਸੀ ਫਾਜ਼ਿਲਕਾ ਦਾ ਪੁਤਲਾ ਪਿੰਡ ਝੰਗੜ ਭੈਣੀ ਵਿਖੇ ਫੂਕਿਆ ਗਿਆ ਹੈ।ਸਰਹੱਦੀ ਖੇਤਰ ਦੀਆਂ ਬੁਨਿਆਦੀ ਮੰਗਾਂ ਸਬੰਧੀ ਜਾਣਕਾਰੀ ਦਿੰਦਿਆਂ ਆਗੂਆਂ ਨੇ ਦੱਸਿਆ ਕਿ ਸਰਹੱਦੀ ਇਲਾਕੇ ਦੇ 10-12 ਪਿੰਡਾਂ ਦੇ ਵਿਦਿਆਰਥੀਆਂ ਕੋਲ ਇੱਕੋ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਝੰਗੜ ਭੈਣੀ ਹੋਣ ਕਰਕੇ ਵੱਡੀ ਗਿਣਤੀ ਵਿੱਚ ਇਥੇ ਹੀ ਵਿਦਿਆਰਥੀ ਪੜ੍ਹਦੇ ਹਨ।ਇਸ ਇਲਾਕੇ ਨੂੰ ਕੁੱਝ ਮਹੀਨੇ ਪਹਿਲਾਂ ਹੜ੍ਹਾਂ ਦੀ ਕਰੋਪੀ ਕਾਰਨ ਇਲਾਕੇ ਦੇ ਸਾਰੇ ਸਕੂਲ ਬੰਦ ਕਰਨੇ ਪਏ ਸਨ।ਉਸ ਸਮੇਂ ਤੇ ਅੱਜ ਵੀ ਸੀਨੀਅਰ ਸੈਕੰਡਰੀ ਸਕੂਲ ਝੰਗੜ ਭੈਣੀ ਵਿੱਚ ਪੜ੍ਹਦੇ ਗਿਆਰਵੀਂ ਤੇ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਪੜ੍ਹਾਉਣ ਵਾਲੇ ਸਿਰਫ ਦੋ ਲੈਕਚਰਾਰ ਹੀ ਹਨ, ਜਦੋਂ ਕਿ ਇੱਕ ਪ੍ਰਿੰਸੀਪਲ ਤੇ ਸੱਤ ਲੈਕਚਰਾਰ ਦੀਆਂ ਅਸਾਮੀਆਂ ਖਾਲੀ ਹੋਣ ਕਰਕੇ ਵਿਦਿਆਰਥੀਆਂ ਦੀ ਸਿੱਖਿਆ ਦਾ ਗ੍ਰਾਫ ਦਿਨੋਂ ਦਿਨ ਹੇਠਲੇ ਪੱਧਰ ਵੱਲ ਜਾ ਰਿਹਾ ਹੈ।ਸਕੂਲ ਦੀ ਦੂਜੀ ਮੰਗ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਇਸ ਸਕੂਲ ਵਿੱਚ ਇੱਕ ਪੁਰਾਣੀ ਇਮਾਰਤ 2020 ਵਿੱਚ ਪ੍ਰਸ਼ਾਸਨ ਦੁਆਰਾ ਨਕਾਰਾ ਘੋਸ਼ਿਤ ਕੀਤੀ ਗਈ ਸੀ, ਜਿਸ ਨੂੰ ਅਜੇ ਤੱਕ ਹਟਾਇਆ ਨਹੀਂ ਜਾ ਰਿਹਾ।

ਉਨ੍ਹਾਂ ਕਿਹਾ ਕਿ ਪਿੰਡਾਂ ਨੂੰ ਆਉਣ-ਜਾਣ ਵਾਲ਼ੀਆਂ ਟੁੱਟ ਕੇ ਖ਼ਰਾਬ ਹੋ ਚੁੱਕੀਆਂ ਸਾਰੀਆਂ ਲਿੰਕ ਸੜਕਾਂ ਨੂੰ ਬਣਵਾਉਣ ਲਈ ਨਾ ਤਾਂ ਜ਼ਿਲ੍ਹਾ ਪ੍ਰਸ਼ਾਸਨ ਤੇ ਨਾ ਹਲਕੇ ਦਾ ਵਿਧਾਇਕ ਗੰਭੀਰਤਾ ਨਾਲ ਲੈ ਰਿਹਾ ਹੈ, ਜਿਸ ਕਰਕੇ ਉਨ੍ਹਾਂ ਵਿੱਚ ਭਾਰੀ ਰੋਸ ਹੈ।ਇਲਾਕੇ ਦੇ ਲੋਕਾਂ ਲਈ ਦੇਸ਼ ਦੀ ਆਜ਼ਾਦੀ ਤੋਂ ਬਾਅਦ ਅੱਜ ਤੱਕ ਸਰਕਾਰੀ ਬੱਸ ਸੇਵਾ ਨਹੀਂ ਦਿੱਤੀ ਗਈ, ਜਿਸ ਕਰਕੇ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਨੂੰ ਉੱਚ ਵਿੱਦਿਆ ਤੋਂ ਵਾਂਝਿਆਂ ਰਹਿਣਾ ਪੈਂਦਾ ਹੈ।ਆਗੂਆਂ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜਦੋਂ ਤੱਕ ਉਨ੍ਹਾਂ ਦੀਆਂ ਮੰਗਾਂ ਨੂੰ ਪੂਰਾ ਨਹੀਂ ਕੀਤਾ ਜਾਂਦਾ, ਡੀ ਸੀ ਦੇ ਅਰਥੀ ਫੂਕ ਮੁਜ਼ਾਹਰੇ ਜਾਰੀ ਰਹਿਣਗੇ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਹੁਸ਼ਿਆਰ ਸਿੰਘ ਕੁੱਲ ਹਿੰਦ ਕਿਸਾਨ ਸਭਾ ਬਲਾਕ ਪ੍ਰਧਾਨ, ਗੁਰਮੀਤ ਸਿੰਘ ਸਕੂਲ ਕਮੇਟੀ ਚੇਅਰਮੈਨ ਝੰਗੜ ਭੈਣੀ, ਰਾਜਵਿੰਦਰ ਪ੍ਰਧਾਨ ਨਿਉਲਾ, ਕੁਲਦੀਪ ਮਹਾਤਮ ਨਗਰ, ਸੀਤਾ ਤੇਜਾ ਰੁਹੇਲਾ, ਸੁਨੀਲ ਝੰਗੜ ਭੈਣੀ, ਪੂਜਾ, ਨੀਲਮ, ਪਰਮਜੀਤ ਕੌਰ, ਰਾਜਵੀਰ ਸਿੰਘ, ਹਰਮਨ ਸਿੰਘ, ਲਵਪ੍ਰੀਤ ਆਦਿ ਹਾਜ਼ਰ ਸਨ।

# ਮਨਚਲਿਆਂ ਵੱਲੋਂ ਗ੍ਰੰਥੀ ਦੀ ਧੀ ਨੂੰ ਅਗਵਾ ਕਰਨ ਦੀ ਕੋਸ਼ਿਸ਼

## ਬਾਬਾ ਬੁੱਢਾ ਜੀ ਗ੍ਰੰਥੀ ਰਾਗੀ ਸਭਾ ਟਰੱਸਟ ਵੱਲੋਂ ਘਟਨਾ ਦੀ ਸਖਤ ਨਿੰਦਾ

**ਕਾਲਾਂਵਾਲੀ (ਸੁਰਿੰਦਰ ਪਾਲ ਸਿੰਘ)**-ਬਾਬਾ ਬੁੱਢਾ ਜੀ ਗ੍ਰੰਥੀ ਰਾਗੀ ਸਭਾ ਟਰੱਸਟ ਡੱਬਵਾਲੀ ਸਭਾ ਦੇ ਸੰਸਥਾਪਕ ਗਿਆਨੀ ਗਿਆਨ ਸਿੰਘ ਨੇ ਦੱਸਿਆ ਕਿ ਡੱਬਵਾਲੀ ਦੇ ਕਲਗੀਧਰ ਸਿੰਘ ਸਭਾ ਗੁਰਦੁਆਰਾ ਸਾਹਿਬ ਵਿਖੇ ਹੋਈ ਵਿਸ਼ੇਸ਼ ਮੀਟਿੰਗ ਵਿੱਚ ਪਿੰਡ ਖੇਮਾਖੇੜਾ ਦੇ ਗ੍ਰੰਥੀ ਭਾਈ ਭੁਪਿੰਦਰ ਸਿੰਘ ਤੇ ਉਨ੍ਹਾਂ ਦੀ ਧੀ ਅਤੇ ਪਰਿਵਾਰਕ ਮੈਂਬਰਾਂ 'ਤੇ ਕੁੱਟਮਾਰ ਦੀ ਘਟਨਾ ਦੀ ਸਖ਼ਤ ਨਿਖੇਧੀ ਕੀਤੀ ਗਈ।ਗਿਆਨੀ ਗਿਆਨ ਸਿੰਘ ਨੇ ਦੱਸਿਆ ਕਿ ਗ੍ਰੰਥੀ ਭਾਈ ਭੁਪਿੰਦਰ ਸਿੰਘ ਵਾਸੀ ਤਰਮਾਲਾ ਇਸ ਸਮੇਂ ਪਿੰਡ ਖੇਮਾਖੇੜਾ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਗੁਰਦੁਆਰਾ ਸਾਹਿਬ ਵਿਖੇ ਸੇਵਾ ਨਿਭਾਅ ਰਿਹਾ ਹੈ। ਉਨ੍ਹਾ ਕਿਹਾ ਕਿ ਭਾਈ ਭੁਪਿੰਦਰ ਸਿੰਘ ਦੀ ਬੇਟੀ ਪੜ੍ਹਨ ਲਈ ਬੱਸ ਰਾਹੀਂ ਸਕੂਲ ਜਾ ਰਹੀ ਸੀ ਤਾਂ ਪਿੰਡ ਦੇ ਕੁਝ ਲੜਕਿਆਂ ਨੇ ਉਸ ਨਾਲ ਦੁਰਵਿਹਾਰ ਕੀਤਾ ਅਤੇ ਉਸ ਨੂੰ ਅਗਵਾ ਕਰਨ ਦੀ ਕੋਸ਼ਿਸ਼ ਕੀਤੀ। ਪਤਾ ਲੱਗਣ 'ਤੇ ਲੜਕੀ ਦੇ ਪਿਤਾ ਤੇ ਭਰਾ ਨੇ ਬੱਸ ਦਾ ਪਿੱਛਾ ਕਰਕੇ ਉਸ ਨੂੰ ਛੁਡਵਾਇਆ।ਇਸ ਦੌਰਾਨ ਲੜਕਿਆਂ ਨੇ ਲੜਕੀ ਦੇ ਪਿਤਾ ਤੇ ਭਰਾ ਨੂੰ ਤੇਜ਼ਧਾਰ ਹਥਿਆਰਾਂ ਨਾਲ ਜ਼ਖਮੀ ਕਰ ਦਿੱਤਾ।ਉਨ੍ਹਾਂ ਕਿਹਾ ਕਿ ਇਸ ਮੀਟਿੰਗ ਵਿੱਚ ਸਭਾ ਦੇ ਸਮੂਹ ਮੈਂਬਰਾਂ ਨੇ ਇਸ ਘਟਨਾ ਦੀ ਸਖ਼ਤ ਨਿਖੇਧੀ ਕੀਤੀ। ਸਭਾ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ, ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਕੁਰੂਕਸ਼ੇਤਰ, ਸਮੂਹ ਨਿਹੰਗ ਸਿੰਘ ਜਥੇਬੰਦੀਆਂ, ਸੰਤ ਸਮਾਜ, ਸਮਾਜਿਕ ਜਥੇਬੰਦੀਆਂ ਨੂੰ ਇਸ ਸਬੰਧੀ ਯੋਗ ਕਦਮ ਚੁੱਕਣ ਦੀ ਅਪੀਲ ਕੀਤੀ ਤਾਂ ਕਿ ਪੀੜਤ ਗ੍ਰੰਥੀ ਸਿੰਘ ਦੇ ਪਰਿਵਾਰ ਨੂੰ ਇਨਸਾਫ਼ ਮਿਲ ਸਕੇ। ਗਿਆਨੀ ਗਿਆਨ ਸਿੰਘ ਨੇ ਦੱਸਿਆ ਕਿ ਪੁਲਸ ਯੋਗ ਕਾਰਵਾਈ ਕਰ ਰਹੀ ਹੈ। ਇਸ ਮੀਟਿੰਗ ਵਿੱਚ ਸਭਾ ਦੇ ਪ੍ਰਧਾਨ ਦਲਜੀਤ ਸਿੰਘ, ਸਕੱਤਰ ਰਾਮ ਸਿੰਘ, ਮਲਕੀਤ ਸਿੰਘ ਖਾਲਸਾ, ਬਿੱਕਰ ਸਿੰਘ, ਮਨਪ੍ਰੀਤ ਸਿੰਘ, ਮਾਲਵਿੰਦਰ ਸਿੰਘ, ਨੀਰਜ ਸਿੰਘ ਤੇ ਨਰਪੱਤ ਸਿੰਘ ਹਾਜ਼ਰ ਰਹੇ।

# ਮੁਲਾਜ਼ਮਾਂ ਨੂੰ ਤੰਗ ਕਰਕੇ ਭਗਵੰਤ ਮਾਨ ਸਰਕਾਰ ਦੀ ਚੋਣ ਬੇੜੀ ਪਾਰ ਨਹੀਂ ਲੱਗਣੀ : ਆਗੂ

## ਮੁਲਾਜ਼ਮ ਤੇ ਪੈਨਸ਼ਨਰ ਸਾਂਝੇ ਫਰੰਟ ਵੱਲੋਂ ਹਲਕਾ ਵਿਧਾਇਕ ਦੀ ਕੋਠੀ ਮੂਹਰੇ ਰੋਸ ਧਰਨਾ

**ਫਰੀਦਕੋਟ (ਐਲਿਗਜੈਂਡਰ ਡਿਸੂਜਾ)**

ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਫਰੰਟ ਵੱਲੋਂ ਉਲੀਕੇ ਪ੍ਰੋਗਰਾਮ ਅਨੁਸਾਰ ਅੱਜ ਸਖ਼ਤ ਠੰਡ ਦੇ ਬਾਵਜੂਦ ਸੈਂਕੜੇ ਮੁਲਾਜ਼ਮ ਤੇ ਪੈਨਸ਼ਨਰਾਂ ਨੇ ਹਲਕਾ ਫਰੀਦਕੋਟ ਦੇ ਵਿਧਾਇਕ ਸ੍ਰ. ਗੁਰਦਿੱਤ ਸਿੰਘ ਸੇਖੋਂ ਦੀ ਰਿਹਾਇਸ਼ ਅੱਗੇ ਰੋਸ ਧਰਨਾ ਦਿੱਤਾ। ਧਰਨੇ ਨੂੰ ਅਸ਼ੋਕ ਕੌਸ਼ਲ, ਸੁਖਵਿੰਦਰ ਸਿੰਘ ਸੁੱਖੀ, ਜਤਿੰਦਰ ਕੁਮਾਰ, ਬਲਬੀਰ ਸਿੰਘ ਸਿਵੀਆ, ਪ੍ਰਿੰਸੀਪਲ ਕ੍ਰਿਸ਼ਨ ਲਾਲ, ਸੁਖਮੰਦਰ ਸਿੰਘ ਪੀਆਰਟੀਸੀ, ਹਰਵਿੰਦਰ ਸ਼ਰਮਾ ਆਊਟਸੋਰਸ ਮੁਲਾਜ਼ਮ ਆਗੂ, ਰਮੇਸ਼ ਕੌਸ਼ਲ ਨੇ ਸੰਬੋਧਨ ਕਰਦੇ ਹੋਏ ਪੰਜਾਬ ਸਰਕਾਰ ਦੀ ਮੁਲਾਜ਼ਮ ਵਿਰੋਧੀ ਨੀਤੀ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦੇ ਹੋਏ ਕਿਹਾ ਕਿ ਭਗਵੰਤ ਮਾਨ ਸਰਕਾਰ ਚੋਣਾਂ ਸਮੇਂ ਮੁਲਾਜ਼ਮਾਂ ਨਾਲ ਕੀਤੇ ਸਾਰੇ ਵਾਅਦੇ ਭੁੱਲ ਗਈ ਹੈ। ਅੱਜ ਵੱਖ-ਵੱਖ ਵਿਭਾਗਾਂ ਵਿੱਚ ਕੰਮ ਕਰਦੇ ਹਜ਼ਾਰਾਂ ਠੇਕਾ ਤੇ ਆਊਟਸੋਰਸ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਦੀ ਬਜਾਏ ਨਿਗੂਣੀਆਂ ਤਨਖ਼ਾਹਾਂ 'ਤੇ ਉਨ੍ਹਾਂ ਦਾ ਸ਼ੋਸ਼ਣ ਕੀਤਾ ਜਾ ਰਿਹਾ ਹੈ। ਪੁਰਾਣੀ ਪੈਨਸ਼ਨ ਬਹਾਲ ਕਰਨ ਤੋਂ ਸਰਕਾਰ ਟਾਲ ਮਟੋਲ ਕਰਕੇ ਮੋਦੀ ਸਰਕਾਰ ਦੇ ਰਸਤੇ 'ਤੇ ਚੱਲ ਰਹੀ ਹੈ, ਜਦਕਿ ਗੁਆਂਢੀ ਰਾਜ ਹਿਮਾਚਲ ਪ੍ਰਦੇਸ ਤੇ ਰਾਜਸਥਾਨ ਵਿੱਚ ਪੁਰਾਣੀ ਪੈਨਸ਼ਨ ਬਹਾਲ ਕਰ ਦਿੱਤੀ ਗਈ ਹੈ। ਮਾਣ ਭੱਤੇ ਜਾਂ ਮਾਮੂਲੀ ਇੰਸੈਂਟਿਵ 'ਤੇ ਕੰਮ ਕਰ ਰਹੀਆਂ ਹਜ਼ਾਰਾਂ ਆਸ਼ਾ, ਆਂਗਨਵਾੜੀ ਤੇ ਮਿੱਡ ਡੇਅ ਮੀਲ ਕੁੱਕ ਬੀਬੀਆਂ ਨੂੰ 'ਘੱਟ ਤੋਂ ਘੱਟ ਉਜ਼ਰਤਾਂ ਕਾਨੂੰਨ' ਤਹਿਤ 26,000 ਰੁਪਏ ਮਹੀਨਾ ਦੇਣ ਤੋਂ ਇਨਕਾਰ ਕੀਤਾ ਜਾ ਰਿਹਾ ਹੈ। ਪੰਜਾਬ ਦੇ ਦੋ ਲੱਖ ਰੈਗੂਲਰ ਮੁਲਾਜ਼ਮਾਂ ਤੇ ਤਿੰਨ ਲੱਖ ਪੈਨਸ਼ਨਰਜ਼ ਦਾ ਮਿਤੀ 1-1-2016 ਤੋਂ 30-6-2021 ਤੱਕ ਸਾਢੇ ਪੰਜ ਸਾਲ ਦਾ ਬਕਾਇਆ ਤੇ ਮਹਿੰਗਾਈ ਭੱਤੇ ਦੀਆਂ ਰਹਿੰਦੀਆਂ ਕਿਸ਼ਤਾਂ ਤੇ ਬਕਾਏ ਦੇ ਰੂਪ ਵਿੱਚ ਕਰੋੜਾਂ ਰੁਪਏ ਸਰਕਾਰ ਦਬਾਅ ਕੇ ਬੈਠੀ ਹੈ।

ਇਸ ਮੌਕੇ ਹਲਕਾ ਵਿਧਾਇਕ ਨੇ ਮੁਲਾਜ਼ਮਾਂ ਦੇ ਧਰਨੇ ਵਿੱਚ ਆ ਕੇ ਸਰਕਾਰ ਤੱਕ ਮੁਲਾਜ਼ਮਾਂ ਦੀ ਅਵਾਜ਼ ਪਹੁੰਚਾਉਣ ਦਾ ਭਰੋਸਾ ਦਿੱਤਾ। ਇਸ ਮੌਕੇ ਪੈਨਸ਼ਨਰ ਆਗੂ ਇੰਦਰਜੀਤ ਸਿੰਘ ਖੀਵਾ, ਕੁਲਵੰਤ ਸਿੰਘ ਚਾਨੀ, ਜਸਵੀਰ ਸਿੰਘ ਬਿਜਲੀ ਨਿਗਮ, ਸੁਖਮੰਦਰ ਸਿੰਘ ਢਿੱਲਵਾਂ, ਬੀਬੀ ਲਖਵਿੰਦਰ ਕੌਰ, ਬਲਕਾਰ ਸਿੰਘ ਤੇ ਇਕਬਾਲ ਸਿੰਘ ਕਲਾਸ ਫੋਰ ਮੁਲਾਜ਼ਮ ਆਗੂ, ਹਰਪਾਲ ਸਿੰਘ ਮਚਾਕੀ ਤੇ ਇੰਦਰਜੀਤ ਸਿੰਘ ਗਿੱਲ ਵੀ ਹਾਜ਼ਰ ਸਨ। ਇਕ ਮਤਾ ਪਾਸ ਕਰਕੇ 26 ਜਨਵਰੀ ਨੂੰ ਸੰਯੁਕਤ ਕਿਸਾਨ ਮੋਰਚਾ ਤੇ 10 ਕੇਂਦਰੀ ਟਰੇਡ ਯੂਨੀਅਨਾਂ ਵੱਲੋਂ ਉੱਤਰੀ ਭਾਰਤ ਦੇ 500 ਜ਼ਿਲ੍ਹਿਆਂ ਵਿੱਚ ਕੀਤੇ ਜਾ ਰਹੇ ਟਰੈਕਟਰ ਮਾਰਚ ਦਾ ਸਮਰਥਨ ਕਰਦੇ ਹੋਏ 11:00 ਵਜੇ ਨਵੀਂ ਦਾਣਾ ਮੰਡੀ ਵਿੱਚ ਪਹੁੰਚਣ ਦਾ ਐਲਾਨ ਕੀਤਾ।

## ਕਾਤਰਾਂ

### ਕੈਨੇਡਾ ਦਾ ਸਟੱਡੀ ਵੀਜ਼ਾ ਲਵਾਇਆ

**ਧੂਰੀ (ਬਿੰਨੀ ਗਰਗ, ਮੋਹਿਤ ਗਰਗ)**-ਏ.ਪੀ ਇਨਕਲੇਵ ਵਿਖੇ ਸਥਿਤ ਦਿ ਐੱਜ ਓਵਰਸੀਜ ਕੰਸਲਟੈਂਟ ਨੇ ਪਿੰਡ ਫ਼ਰਵਾਹੀ ਦੇ ਉਂਕਾਰ ਸਿੰਘ ਦਾ ਕੈਨੇਡਾ ਦਾ ਸਟੱਡੀ ਵੀਜ਼ਾ ਲਵਾਇਆ ਹੈ। ਵਿਦਿਆਰਥੀ ਤੇ ਉਸਦੇ ਪਿਤਾ ਹਰਪਾਲ ਸਿੰਘ ਨੇ ਕੰਪਨੀ ਦੇ ਮੈਨੇਜਿੰਗ ਡਾਇਰੈਕਟਰ ਜਗਸੀਰ ਸਿੰਘ ਜੱਗੀ ਢੀਂਡਸਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਆਪਣੇ ਸਾਫ਼ ਸੁਥਰੇ ਕੰਮ ਕਾਰਨ ਜਗਸੀਰ ਸਿੰਘ ਜੱਗੀ ਢੀਂਡਸਾ ਦੀ ਅਗਵਾਈ ਹੇਠ ਚੱਲ ਰਹੀ ਦਿ ਐੱਜ ਓਵਰਸੀਜ ਕੰਸਲਟੈਂਟ ਨੇ ਮੇਰੇ ਸੁਪਨੇ ਨੂੰ ਸਾਕਾਰ ਕੀਤਾ ਹੈ।

### ਦੁਕਾਨਦਾਰਾਂ ਲਗਾਇਆ ਲੰਗਰ

**ਬਾਘਾ ਪੁਰਾਣਾ (ਮਨੀ ਸਿੰਗਲਾ)**-ਅਯੁੱਧਿਆ 'ਚ ਸ੍ਰੀ ਰਾਮ ਲੱਲਾ ਦੀ ਪ੍ਰਾਣ ਪ੍ਰਤਿਸ਼ਠਾ ਦੀ ਖੁਸ਼ੀ ਵਿੱਚ ਬਾਘਾ ਪੁਰਾਣਾ ਸ਼ਹਿਰ 'ਚ ਹਰ ਪਾਸੇ ਖੁਸ਼ੀ ਦਾ ਮਾਹੌਲ ਬਣਿਆ ਹੋਇਆ ਹੈ ਤੇ ਨਿਹਾਲ ਸਿੰਘ ਵਾਲਾ ਰੋਡ ਤੇ ਸਥਿਤ ਦੁਕਾਨਦਾਰ ਸਮਾਜ ਸੇਵੀ ਯੋਗੇਸ਼ ਬਾਂਸਲ ਯੋਗੀ, ਪ੍ਰਦੀਪ ਗੋਇਲ ਕਾਕਾ, ਨਸੀਬ ਬਾਂਸਲ, ਵਿਨੇ ਕੁਮਾਰ, ਹਰਦੇਵ ਸਿੰਘ ਮੱਟੂ, ਧਰਮਪਾਲ ਭੰਡਾਰੀ, ਰੋਹਿਤ ਥਾਪਰ, ਪ੍ਰਵੇਸ਼ ਬਜਾਜ, ਸੁਰਿੰਦਰ ਸਿੰਘ ਰਖਰਾ ਨੇ ਕੁਲਚੇ ਛੋਲੇ ਦਾ ਲੰਗਰ ਲਗਾਇਆ ਗਿਆ।ਇਸ ਮੌਕੇ ਸੇਵਾਦਾਰ ਵੱਲੋਂ ਬੜੇ ਹੀ ਵਧੀਆ ਤਰੀਕੇ ਨਾਲ ਲੰਗਰ ਵਰਤਾਇਆ ਗਿਆ।

### ਜਗਰਾਓਂ ਸਕੂਲਜ਼ ਐਸੋਸੀਏਸ਼ਨ ਵੱਲੋਂ ਐਸ.ਡੀ.ਐਮ ਕੋਹਲ਼ੀ ਦਾ ਸਵਾਗਤ

**ਜਗਰਾਉਂ (ਅਮਿਤ ਖੰਨਾ)**-ਐਸ.ਡੀ.ਐਮ ਗੁਰਬੀਰ ਸਿੰਘ ਕੋਹਲ਼ੀ ਦਾ ਜਗਰਾਓਂ ਸਕੂਲਜ਼ ਐਸੋਸੀਏਸ਼ਨ ਨੇ ਨਿੱਘਾ ਸਵਾਗਤ ਕੀਤਾ। ਇਸ ਮੌਕੇ ਸਕੂਲਜ਼ ਐਸੋਸੀਏਸ਼ਨ ਦੇ ਪ੍ਰਧਾਨ ਸ਼ਸ਼ੀ ਜੈਨ ਤੇ ਉਨ੍ਹਾਂ ਦੇ ਮੈਂਬਰਾਂ ਨੇ ਗੁਲਦਸਤਾਂ ਦੇ ਕੇ ਜੀ ਆਇਆਂ ਆਖਿਆ ਅਤੇ ਵਿਸ਼ਵਾਸ ਦਿਵਾਇਆ ਕਿ ਉਹ ਹਰ ਤਰ੍ਹਾਂ ਨਾਲ ਸਹਿਯੋਗ ਕਰਨਗੇ। ਸਮੇਂ-ਸਮੇਂ ਜੋ ਦਫ਼ਤਰ ਵੱਲੋਂ ਜੋ ਹਦਾਇਤਾਂ ਆਉਂਦੀਆਂ ਹਨ, ਉਨ੍ਹਾਂ ਦੀ ਉਹ ਪਾਲਣਾ ਕਰਦੇ ਹਨ। ਇਸ ਮੌਕੇ ਸੈਂਟ ਮਹਾਪ੍ਰਗਯਾ ਸਕੂਲ ਦੇ ਡਾਇਰੈਕਟਰ ਵਿਸ਼ਾਲ ਜੈਨ, ਸਵਾਮੀ ਰੂਪ ਚੰਦ ਜੈਨ ਸਕੂਲ ਦੇ ਪ੍ਰਿੰਸੀਪਲ ਰਾਜਪਾਲ ਕੌਰ, ਡੀ. ਏ. ਵੀ ਸਕੂਲ ਦੇ ਪ੍ਰਿੰਸੀਪਲ ਵੇਦ ਵਰਤ ਪਲਾਹ, ਸ਼ਿਵਾਲਿਕ ਮਾਡਲ ਸਕੂਲ ਦੇ ਪ੍ਰਿੰਸੀਪਲ ਨੀਲਮ ਸ਼ਰਮਾ ਤੇ ਤਾਰਾ ਦੇਵੀ ਸਕੂਲ ਤੋਂ ਨਿਧੀ ਗੁਪਤਾ ਹਾਜ਼ਰ ਸਨ।

# ਅਗਨੀਪੱਥ ਯੋਜਨਾ ਤਹਿਤ ਫੌਜ 'ਚ ਭਰਤੀ ਬਾਰੇ ਮੁੜ ਸੋਚੇ ਸਰਕਾਰ : ਸੀ ਪੀ ਆਈ

## ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਸ਼ਹੀਦ ਅਜੇ ਵੀਰ ਨੂੰ ਸ਼ਰਧਾਂਜਲੀ

**ਲੁਧਿਆਣਾ (ਐੱਮ ਐੱਸ ਭਾਟੀਆ)**

ਰਾਮਗੜ੍ਹ ਸਰਦਾਰਾਂ ਦੇ ਨੌਜਵਾਨ ਅਜੇ ਵੀਰ ਸਿੰਘ ਦੀ ਸ਼ਹਾਦਤ 'ਤੇ ਭਾਰਤੀ ਕਮਿਊਨਿਸਟ ਪਾਰਟੀ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।ਪਾਰਟੀ ਦੇ ਆਗੂ ਸਾਥੀ, ਜਿਨ੍ਹਾਂ ਵਿੱਚ ਕਾਮਰੇਡ ਭ

page-6-23-Jan.-2024.qxd 1/22/2024 10:46 PM Page 1



# ਲਕਸ਼ਮੀ ਨਾਰਾਇਣ ਮੰਦਿਰ 'ਚ ਸਾਧੂਆਂ ਨੂੰ ਵੰਡੇ ਕੰਬਲ

ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)- ਅਯੁੱਧਿਆ ਵਿਖੇ ਹੋਏ ਸ਼੍ਰੀ ਰਾਮ ਮੰਦਿਰ ਦੇ ਉਦਘਾਟਨ ਦੇ ਸੰਬੰਧ 'ਚ ਅਜਨਾਲਾ ਸ਼ਹਿਰ ਵਿਖੇ ਵੱਖ-ਵੱਖ ਮੰਦਿਰਾਂ ਵਿਖੇ ਰਾਮ ਭਗਤਾਂ ਵੱਲੋਂ ਕਰਵਾਏ ਗਏ ਧਾਰਮਿਕ ਸਮਾਗਮਾਂ ਵਾਂਗ ਸਥਾਨਕ ਸ਼੍ਰੀ ਲਕਸ਼ਮੀ ਨਾਰਾਇਣ ਮੰਦਿਰ ਵਿਖੇ ਸਤਿਸੰਗ ਸਮਾਗਮ ਕਰਵਾਇਆ ਗਿਆ। ਇਸ ਮੌਕੇ ਕਰਵਾਏ ਗਏ ਸਮਾਗਮ ਵਿਚ ਦੂਰੋਂ-ਦੂਰੋਂ ਪਹੁੰਚੇ ਸਾਧੂਆਂ ਨੂੰ ਮੰਦਿਰ ਕਮੇਟੀ ਦੇ ਪ੍ਰਧਾਨ ਯਸ਼ਪਾਲ ਮਹਿਤਾ, ਮੰਦਿਰ ਦੇ ਪੁਜਾਰੀ ਸਤਿ ਨਰਾਇਣ ਅਤੇ ਸੰਗਤਾਂ ਦੀ ਵਿਸ਼ੇਸ਼ ਹਾਜ਼ਰੀ 'ਚ ਸਮਾਜ ਸੇਵੀ ਪ੍ਰਦੀਪ ਕੁਮਾਰ ਠਾਕਰ ਨੇ ਆਪਣੀ ਨਿੱਜੀ ਜੇਬ ਵਿੱਚੋਂ ਕੰਬਲ ਅਤੇ ਦਕਸ਼ਨਾ ਦਿੱਤੀ। ਇਸ ਮੌਕੇ ਸਭ ਤੋਂ ਪਹਿਲਾਂ ਭਜਨ ਮੰਡਲੀਆਂ ਵਲੋਂ ਪ੍ਰਭੂ ਸ਼੍ਰੀ ਰਾਮ ਦੀ ਮਹਿਮਾ ਦਾ ਗੁਣਗਾਨ ਕਰਕੇ ਸੰਗਤਾਂ ਨੂੰ ਭਗਵਾਨ ਰਾਮ ਜੀ ਦੇ ਨਾਮ ਨਾਲ ਜੋੜਿਆ ਅਤੇ ਸੰਤਾਂ ਦੇ ਜੀਵਨ ਸੰਬੰਧੀ ਚਾਨਣਾ ਪਾਇਆ ਗਿਆ। ਇਸ ਉਪਰੰਤ ਪ੍ਰਦੀਪ ਕੁਮਾਰ ਠਾਕੁਰ ਨੇ ਅਯੁੱਧਿਆ 'ਚ ਭਗਵਾਨ ਸ਼੍ਰੀ ਰਾਮ ਚੰਦਰ ਦੇ ਨਵੇਂ ਬਣੇ ਮੰਦਿਰ ਦੀਆਂ ਵਧਾਈਆਂ ਦਿੰਦੇ ਕਿਹਾ ਕਿ ਪ੍ਰਭੂ ਸ਼੍ਰੀ ਰਾਮ ਚੰਦਰ ਦੇ ਦਰਸਾਏ ਮਾਰਗ ਤੇ ਚੱਲਣਾ ਚਾਹੀਦਾ ਹੈ ਅਤੇ ਸਾਨੂੰ ਆਪਣੇ ਜੀਵਨ ਨੂੰ ਸਾਧੂਆਂ ਸੰਤਾਂ ਦੇ ਜੀਵਨ ਵਾਂਗ ਢਾਲਣਾ ਚਾਹੀਦਾ ਹੈ। ਉਨ੍ਹਾਂ ਨੇ ਕਿਹਾ ਕਿ ਸਾਨੂੰ ਨਿੰਦਾ ਚੁਗਲੀ ਦਾ ਤਿਆਗ ਕਰਨਾ ਚਾਹੀਦਾ ਹੈ ਅਤੇ ਨਿਰਸਵਾਰਥ ਹੋ ਕੇ ਗਰੀਬਾਂ ਦੀ ਸਹਾਇਤਾ ਕਰਨੀ ਚਾਹੀਦੀ ਹੈ। ਇਸ ਮੌਕੇ ਦੇਸ਼ ਦੇ ਵੱਖ-ਵੱਖ ਕੋਨਿਆਂ ਤੋਂ ਪਹੁੰਚੇ ਕਰੀਬ 20 ਸਾਧੂਆਂ ਨੂੰ ਕੰਬਲ ਅਤੇ ਪੈਸੇ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਰਾਮ ਮੂਰਤੀ, ਪ੍ਰਦੀਪ ਤ੍ਰੇਹਨ, ਦਾਨਿਸ਼ ਤ੍ਰੇਹਨ ਹੈਪੀ ਪੇਂਟ ਵਾਲੇ, ਵਿਨੋਦ ਕੁਮਾਰ, ਰਜੀਵ ਦੱਤ, ਵਿਨੋਦ ਕੁਮਾਰ ਪੇਂਟ, ਦਿਨੇਸ਼ ਠਾਕੁਰ ਆਦਿ ਹਾਜ਼ਰ ਸਨ।

## Change of Name

I Anant Pal (Aadhar No. 8512 9001 3467) S/o Sh. Ujagar Ram, Residence of H. No. 61-C, Ward No. 10, Joginder Nagar, Rama Mandi, District-Jalandhar have changed my name from Anant Pal to Anant Paul. Please note.

I, Parvinder Kaur W/o Baldev Singh Resident H. No. 645-646, Janta Colony Maqsudan Jalandhar, declare that I have changaed my name from Parwinder Kaur to Parvinder Kaur. All Concerned note. (B)

I Rama alias Rama Goel wife of Sanjay Gupta R/o Adarsh Colony Kapurthala declare that I have changed my name from Rama alias Rama Goel to KANU GUPTA. All concerned please note.

I Gurmit Singh S/O Mohinder Singh R/O H.no.799, Gali No.6, Vikas Nagar, Ghanupur, Chheharta, Amritsar Have Changed My Name To Gurmeet Singh.

I, Manjeet kaur W/o Harjant Singh R/o Vill. Sanghoke, PO. Ramdas, District, Amritsar I Have changed my name Manjeet kaur to Manjit Kaur.

I Jasbir Kaur W/o Baljeet Singh R/o VPO Bhagupur Tehsil Patti District Patti Tarn Taran have changed my name from Jasbir Kaur to Jasbeer Kaur.

I, Keemti Paul Cingh and Kimti Pal Singh and Keemti Lal Kapoor and Keemti Lal S/o Late Harbans Lal R/o H.No.912, Chabhal Road, Shaheed Udham Singh Colony Amritsar have certified that above all name's are mine one and same person.

I Sawinder Kaur W/O Baldev Singh R/O Village Rupowali Kalan Po Kathu Nangal Teh& Distt Amritsar Have Changed My Name From Sawinder Kaur To Savinder Kaur.

I Gurpreet Singh S/O Balkar Singh R/O 5049/92 Verowal Road Sidhu Avenue Jandiala Guru Amritsar Have Changed My Minor Son's Name From Samarbeer Singh To Samarbir Singh.

I Gurpreet Singh S/O Jaswant Singh R/O Vill Targarh Rampura Po Jalalpura Tehsil Majitha Amritsar 143601 Punjab, India Declare That Gurpreet Is My Given Name And Singh Is My Surname.

I Amritpal Singh S/O Satnam Singh R/O Vill Tananiwal Pokishankot Tehsil Batala Gurdaspur 143515 Punjab, India Declare That Amritpal Is My Given Name And Singh Is My Surname.

I Asha W/O Hardeep Singh R/O D-14/463 Amarkot Guru Arjan Dev Nagar Nagar Nigam Ward No 40 Putlighar Amritsar Have Changed My Name From Asha To Asha Kaur.

I, Lal Chand Son Of Mahan Tu Resident Of House No 17, West Sewa Nagar, Post: Khalsa College, Dist: Amritsar, Punjab - 143002 Hereby Declare That The Name Of My Wife Has Been Changed From Ratna Bai To Ratna Kumari Vide Affidavit Dated 20/01/2024 At Amritsar.

I Gagandeep Singh S/O Ranjeet Singh R/O H-no 377, Celebration Enclave Colony, Tarn-taran Road Amritsar 143022 Have Changed My Name From Gagandeep Singh To Singh Gagandeep.

I, Rawinder Kaur W/O Harmeet Singh R/O village Gazipur, Tehsil Sultanpur Lodhi, Punjab have changed my name from Rawinder Kaur to Ravinder Kaur. All note.

I, Gurmej Singh S/O Gurcharan Singh R/O Village Dera Saidan, Tehsil Sultanpur Lodhi, Punjab have changed my name from Gurmej Singh to Singh Gurmej. All note.

I, Navjot Kaur Nijjar W/O-Sukhjinder Singh Nijjar R/O Shahpur, Lesariwala, Po Adampur Doaba, Jalandhar Rural-144102, Punjab, India Have Changed My Name. Navjot Kaur Is My Given Name & Nijjar Is My Surname.

I, Sukhjinder Singh Nijjar S/O-Avtar Singh Nijjar R/O Shahpur, Lesariwala, Po Adampur Doaba, Jalandhar Rural-144102, Punjab, India Have Changed My Name. Sukhjinder Singh Is My Given Name & Nijjar Is My Surname.

I Satnam Balu S/O Malli Ram R/O Vpo Shadipur, Teh Phillaur, Distt Jalandhar, Punjab India, I Have Changed The Name Of My Son From Varinder To Varinder Balu. All Note.

I, Gagandeep S/o Kulwinder Kumar R/o V.PO.Kalyanpur, Distt.Jalandhar, Punjab have changed my name from Gagandeep to Gagandeep Gharu. All please note.

I, Gurmeet Kaur D/o Bhagat Ram W/o Jaswant Lal R/o W/No.3, H.No.211, Ravidass Gurdwara, P.O. Nurpur, Reru, Jalandhar, Punjab, 144012 changed my name From Gurmit Kaur to Gurmeet Kaur.

## Change of Name

I, Parkash Kaur W/o Tirath Ram R/o Village Nangal Khera, PO. Chachoki, Tehsil Phagwara, Kapurthala-144401, Punjab, India have changed my name to Given Name Parkash, Surname as Kaur. All concerned please note.

I, Gurbax Kaur W/o Lakhvir Singh R/o VPO. Nagar, Tehsil Phillaur, Distt. Jalandhar, Punjab, India have changed my name from Gurbaksh Kaur to Gurbax Kaur. All concerned please note.

I, Gurdeep Singh S/o Mahla Ram R/o Village Khambra, Distt. Jalandhar, Punjab, India have changed my name from Gurdip Singh to Gurdeep Singh. All concerned please note.

I, Lalit Mohan s/o Parkash Ram r/o Sant Vihar Colony, Lidhran, Jalandhar, Punjab - 144004 have changed my name as Lalit Singh. All Please Note.

I, Indu Bala w/o Vikas Seth r/o H.No. 882, Lane-3, Rose Garden, New Dilbagh Nagar Extension, Jalandhar, Punjab-144002 have changed my name as Prerna Seth. All Please Note.

I, Parveen Kumar Bharti s/o Bhag Mall r/o H.No.74, Preet Enclave University Road, Po.Chugitti, Jalandhar, Punjab-144009 have changed my name as Parveen Kumar. All Please Note.

I, Surjit Kaur Bharti w/o Parveen Kumar r/o H.No. 74, Preet Enclave University Road, Po.Chugitti, Jalandhar, Punjab-144009 have changed my name as Surjit Kaur. All Please Note.

I, Mansi w/o Gagan Chhabra r/o House No.126, Vijay Nagar, Jalandhar, Punjab- 144001 have changed my name as Mansi Chhabra. All Please Note.

I, Manjit s/o Narain Singh r/o H.No.44-45, New Vijay Nagar, Shere Punjab Market, Jalandhar-144004, Punjab have changed my name from Manjit to Manjit Kumar. All Please Note.

I, Saniya w/o Manjit Kumar r/o H.No.44-45, New Vijay Nagar, Shere Punjab Market, Jalandhar-144004, Punjab have changed my name from Saniya to Saniya Kumari. All Please Note.

I, Jagtar Singh s/o Anoop Singh r/o Village Rasulpur, Po. Pandori Mahantan, Distt. Gurdaspur have changed my name to Singh Jagtar (Surname as Singh) All Please Note.

I, Jaswinder Kaur W/o Surjit Singh R/o Village Gorsian Nihal, Po.Ramewal, Tehsil Phillaur, Distt. Jalandhar have changed my name to Jaswinder Kaur Alias Gurdial Kaur is one and the same person. All Please Note.

I, Naresh Chander Thapar S/o Moti Ram R/o Village Bajuha Kalan, Tehsil Nakodar, Distt. Jalandhar-144033, Punjab have changed my name from Naresh Chander Thapar to Naresh Chander. All Please Note.

I, Manpreet S/o Kewal Lal R/o H.No. 1562, Ward No.1, Raian Wali Gali, Kartarpur, Jalandhar-144801, Punjab have changed my name from Manpreet to Manpreet Jhamat. All Please Note.

I, Nitin Dheer S/O Vijay Kumar, R/O H.n0 14 -i Gali No 5-c, Gopal Nagar Majitha Road Amritsar, Punjab Have Changed My Daughter's Name From Pragati To Pragati Dhir. Concerned Note.

I, Veenus Batra S/o Kewal Krishan Batra R/o Batra Niwas, VPO Tanda, Teh. Dauya (Hoshiarpur) Punjab, India, Have changed my name to Venus Batra. All concerned please note.

I, Paramjit Singh S/o Jog Raj R/o VPO Muradpur Naryal, Teh. Dauya (Hoshiarpur) Punjab, India, Have changed my name to Parmjit Singh. All concerned please note.

## ਨਾਂਅ ਦੀ ਬਦਲੀ

ਮੈਂ ਬਲਵਿੰਦਰ ਕੌਰ ਪਤਨੀ ਸੁਖਦੇਵ ਸਿੰਘ ਪਿੰਡ ਮਹਿਤਾ ਤਹਿਸੀਲ ਬਾਬਾ ਬਕਾਲਾ ਜ਼ਿਲਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰੀ ਬੇਟੀ ਦਾ ਨਾਮ ਪੂਜਾ ਹੈ, ਨਾਬਾਲਗ ਹੋਣ ਕਰਕੇ ਮੈਂ ਉਸਦਾ ਨਾਮ ਹੁਣ ਪੂਜਾ ਤੋਂ ਗੁਰਪ੍ਰੀਤ ਕੌਰ ਰੱਖ ਲਿਆ ਹੈ।ਸਬੰਧਤ ਨੋਟ ਕਰਨ। (ਬੀ)

ਦਵਿੰਦਰ ਸਿੰਘ ਸਿੱਧੂ ਪੁੱਤਰ ਸੁਖਦੇਵ ਸਿੰਘ ਪਿੰਡ ਅਵਾਨ ਤਹਸੀਲ ਗੁਰੂਹਰਸਹਾਏ ਜ਼ਿਲਾ ਫਿਰੋਜ਼ਪੁਰ ਮੈਂ ਆਪਣਾ ਨਾਮ ਦਵਿੰਦਰ ਸਿੰਘ ਸਿੱਧੂ ਤੋਂ ਬਦਲ ਕੇ ਦਵਿੰਦਰ ਸਿੰਘ ਰੱਖ ਲਿਆ ਹੈ ਸਬੰਧਤ ਨੋਟ ਕਰਨ। (Jassa Monga)

ਮੈਂ, ਅਸ਼ਵਨੀ ਕੁਮਾਰ ਪੁੱਤਰ ਮਦਨ ਲਾਲ, ਵਾਸੀ ਤਹਿਸੀਲ ਮੁਹੱਲਾ, ਧੂਰੀ (ਸੰਗਰੂਰ) ਨੇ ਆਪਣਾ ਨਾਮ ਬਦਲ ਕੇ ਅਸ਼ਵਨੀ ਕੁਮਾਰ ਸਿੰਗਲਾ ਰੱਖ ਲਿਆ ਹੈ।

ਮੈਂ ਮੀਨਾਕਸ਼ੀ ਪਤਨੀ ਅਸ਼ਵਨੀ ਸਿੰਗਲਾ, ਵਾਸੀ ਤਹਿਸੀਲ ਮੁਹੱਲਾ, ਧੂਰੀ (ਸੰਗਰੂਰ) ਨੇ ਆਪਣਾ ਨਾਮ ਬਦਲ ਕੇ ਮੀਨਾਕਸ਼ੀ ਸਿੰਗਲਾ ਰੱਖ ਲਿਆ ਹੈ।

ਮੈਂ ਗਿਆਨ ਚੰਦ ਪੁੱਤਰ ਹੰਸ ਰਾਜ, ਵਾਸੀ VPO ਡਰੋਲੀ ਕਲਾਂ, ਡਰੋਲੀ ਕਲਾਂ ਅਤੇ ਡਰੋਲੀ ਖੁਰਦ, ਜਲੰਧਰ, ਪੰਜਾਬ ਨੇ ਆਪਣਾ ਨਾਮ ਗਿਆਨ ਚੰਦ ਤੋਂ ਬਦਲ ਕੇ ਗਿਆਨ ਸਿੰਘ ਰੱਖ ਲਿਆ ਹੈ।

ਮੈਂ ਰੱਜੀ ਰਾਣੀ ਪਤਨੀ ਗਿਆਨ ਚੰਦ, ਵਾਸੀ VPO ਡਰੋਲੀ ਕਲਾਂ, ਡਰੋਲੀ ਕਲਾਂ ਅਤੇ ਡਰੋਲੀ ਖੁਰਦ, ਜਲੰਧਰ, ਪੰਜਾਬ ਨੇ ਆਪਣਾ ਨਾਮ ਰੱਜੀ ਰਾਣੀ ਤੋਂ ਬਦਲ ਕੇ ਰਾਜਵੰਤ ਕੌਰ ਰੱਖ ਲਿਆ ਹੈ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਬੇਦਖਲੀ ਨੋਟਿਸ

ਮੈਂ ਕੁਲਦੀਪ ਸਿੰਘ ਉਰਫ ਕਾਲਾ ਪੁੱਤਰ ਬਖਸ਼ੀਸ਼ ਸਿੰਘ,ਕੌਮ ਕੌਹਾਰ ਵਾਸੀ ਮਕਾਨ ਨੰਬਰ 176,ਪਿੰਡ ਭਰਾੜੀਵਾਲ,ਤਹਿਸੀਲ / ਜਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕੀ ਪੂਜਾ (24 ਸਾਲ) ਜੋ ਕੁਆਰੀ ਹੈ ਮੇਰੇ ਕਹਿਣੇ ਤੋਂ ਬਾਹਰ ਹੈ,ਮਾੜੀ ਸੰਗਤ ਵਿਚ ਪੈ ਗਈ ਹੈ ਅਤੇ ਮੈਨੂੰ ਬਹੁਤ ਤੰਗ ਪਰੇਸ਼ਾਨ ਕਰਦੀ ਹਨ। ਮੈਂ ਉਸਨੂੰ ਆਪਣੀ ਤਮਾਮ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਮੈਂ ਤੇ ਮੇਰਾ ਪਰਿਵਾਰ ਜਿੰਮੇਵਾਰ ਨਹੀਂ ਹੋਵਾਂਗੇ ਉਹ ਖੁਦ ਜਿੰਮੇਵਾਰ ਹੋਵੇਗੀ। ਮੇਰਾ ਅਤੇ ਮੇਰੇ ਪਰਿਵਾਰ ਦਾ ਉਸ ਨਾਲ ਕੋਈ ਤਲਕਵਾਸਤਾ ਨਹੀਂ। Kamal Kishre

ਮੈਂ, ਸੁਰਜੀਤ ਸਿੰਘ ਪੁੱਤਰ ਅਮਰ ਸਿੰਘ ਵਾਸੀ ਪਿੰਡ ਤੇ ਡਾਕਖਾਨਾ ਮਾਣਕੇ, ਤਹਿਸੀਲ ਆਦਮਪੁਰ, ਜ਼ਿਲ੍ਹਾ ਜਲੰਧਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਇੰਦਰਦੀਪ ਸਿੰਘ ਅਤੇ ਉਸ ਦੀ ਪਤਨੀ ਮਨਪ੍ਰੀਤ ਕੌਰ ਜੋ ਮੇਰੇ ਕਹਿਣੇਕਾਰ ਨਹੀਂ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ ਬਲਵਿੰਦਰ ਸਿੰਘ ਪੁੱਤਰ ਹਰਭਜਨ ਸਿੰਘ ਵਾਸੀ ਪਿੰਡ ਮਧੋਵਾਲ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ ਨੇ ਆਪਣੀ ਲੜਕੀ ਮਨਪ੍ਰੀਤ ਕੌਰ ਨੂੰ ਕਹਿਣੇ ਵਿੱਚ ਨਾ ਹੋਣ ਕਰਕੇ ਆਪਣੀ ਚੱਲ/ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਸਬੰਧ ਨਹੀਂ ਰਿਹਾ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਦਾਰ ਹੋਵੇਗਾ।

ਮੈਂ, ਪਾਖਰ ਰਾਮ ਪੁੱਤਰ ਬਤਨਾ ਰਾਮ ਵਾਸੀ ਮਕਾਨ ਨੰਬਰ 125/3, ਦੂਰਦਰਸ਼ਨ ਇਨਕਲੇਵ ਫੇਜ਼-1, ਜਲੰਧਰ-1 ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਗੁਰਵਿੰਦਰ ਸਿੰਘ ਅਤੇ ਉਸ ਦੀ ਪਤਨੀ ਮਾਇਆ ਦੇਵੀ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਸੁਖਦੇਵ ਸਿੰਘ ਪੁੱਤਰ ਬਲਵੀਰ ਸਿੰਘ ਵਾਸੀ ਬੁੱਟਰ, ਤਹਿਸੀਲ ਮੋਗਾ, ਜ਼ਿਲ੍ਹਾ ਮੋਗਾ ਸੂਚਿਤ ਕਰਦਾ ਹਾਂ ਕਿ ਮੇਰੀ ਲੜਕੀ ਹਰਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਸੁਖਮੰਦਰ ਸਿੰਘ ਪੁੱਤਰ ਸ. ਹਰਨਾਮ ਸਿੰਘ ਪੁੱਤਰ ਸਰਦਾਰਾ ਸਿੰਘ ਵਾਸੀ ਪਿੰਡ ਲੰਡੇਕੇ, ਤਹਿਸੀਲ ਵਾ ਜ਼ਿਲ੍ਹਾ ਮੋਗਾ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਗਗਨਦੀਪ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ ਦਰਸਨਾ ਦੇਵੀ ਪਤਨੀ ਸਵ. ਸ਼੍ਰੀ ਇੰਦਰਜੀਤ ਵਾਸੀ ਮਕਾਨ ਨੰਬਰ ਬੀ.ਐਕਸ-1323 ਲੰਮਾ ਪਿੰਡ, ਜਲੰਧਰ, ਬਿਆਨ ਕਰਦੀ ਹਾਂ ਕਿ ਮੈਂ ਆਪਣੇ ਬੇਟੇ ਸੂਰਜ ਨੂੰ ਆਪਣੇ ਕਹਿਣੇ ਤੋਂ ਬਾਹਰ ਹੋਣ ਕਰਕੇ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਜੋ ਕੋਈ ਵੀ ਇਸ ਦੇ ਨਾਲ ਕਿਸੇ ਕਿਸਮ ਦਾ ਲੈਣ ਦੇਣ ਕਰਦਾ ਹੈ ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜਿੰਮੇਵਾਰ ਹੋਵੇਗਾ । ਸੰਬੰਧਤ ਨੋਟ ਕਰਨ। (ਸੋਢੀ)

ਮੈਂ ਚਰਨਜੀਤ ਸਿੰਘ ਪੁੱਤਰ ਮੰਨਾ ਸਿੰਘ ਪਿੰਡ ਸਿੰਘਪੁਰਾ ਉਰਫ ਮੁੰਨਣ (ਮੋਗਾ)। ਇਹ ਕਿ ਮੇਰਾ ਲੜਕਾ ਸੋਨੀ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜੁੰਮੇਵਾਰ ਹੋਵੇਗਾਂ। ਸਬੰਧਤ ਇਹ ਨੋਟ ਕਰਨ।

ਮੈਂ, ਲਖਵਿੰਦਰ ਕੋਰ ਪਤਨੀ ਧਰਮਿੰਦਰ ਸਿੰਘ ਵਾਸੀ ਮਕਾਨ ਨੰ: 6, ਗਲੀ ਨੰ: 0, ਨੇੜੇ ਗੁਰੂ ਸੰਤ ਨਗਰ, ਗੁਰੂ ਨਾਨਕ ਕਲੋਨੀ, ਜਲੰਧਰ-1, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰੀ ਬੇਟੀ ਹਰਸ਼ਪ੍ਰੀਤ ਕੋਰ ਅਤੇ ਮੇਰੀ ਜਵਾਈ ਸੁਰਪ੍ਰੀਤ ਸਨੀ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ, ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਅਸੀਂ, ਰਾਮ ਕ੍ਰਿਸ਼ਨ ਪੁੱਤਰ ਸ੍ਰੀ ਸੰਤੋਖ ਰਾਜ, ਮੀਨਾ ਪਤਨੀ ਸ੍ਰੀ ਰਾਮ ਕ੍ਰਿਸ਼ਨ ਵਾਸੀ ਸੈਜੇ ਗਾਂਧੀ ਕਾਲੋਨੀ, ਐੱਫ.ਜੀ. ਸੀ. ਰੋਡ, ਅੰਮ੍ਰਿਤਸਰ ਸੂਚਿਤ ਕਰਦੇ ਹਾਂ ਕਿ ਸਾਡੀ ਲੜਕੀ ਕੋਮਲ, ਜੋ ਸਾਡੇ ਕਹਿਣੇਕਾਰ ਨਹੀਂ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਅਸੀਂ, ਬਲਜਿੰਦਰ ਸਿੰਘ ਪੁੱਤਰ ਸ: ਚੈਂਚਲ ਸਿੰਘ, 2 ਗੀਟਾ ਪਤਨੀ ਬਲਜਿੰਦਰ ਸਿੰਘ ਵਾਸੀਆਨ ਮਕਾਨ ਨੰ: 51, ਚਾਲੀ ਖੂਹ ਰਸੂਲਪੁਰ ਕੱਲਰ, ਰੋਜ਼ ਐਵੀਨਿਊ ਨੇੜੇ ਜੋੜਾ ਫਾਟਕ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਵੀਰਪਾਲ ਸਿੰਘ ਉਰਫ ਬੋਬੀ, ਜੋ ਸਾਡੇ ਕਹਿਣੇ ਤੋਂ ਬਾਹਰ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਰਾਜ ਰਾਣੀ ਪਤਨੀ ਸ੍ਰੀ ਓਮ ਪ੍ਰਕਾਸ਼ ਵਾਸੀ ਮਕਾਨ ਨੰ: 51476/1, 40 ਫੁੱਟ ਗਲੀ, ਹੁਕਮ ਚੰਦ ਕਾਲੋਨੀ, ਜਵਾਹਰ ਨਗਰ, ਛੇਹਰਟਾ, ਅੰਮ੍ਰਿਤਸਰ ਸੂਚਿਤ

23-JAN-PAGE-7.qxd 1/22/2024 10:27 PM Page 1



# ਪੰਜਾਬ ਰੋਡਵੇਜ਼/ਪਨਬਸ/ਪੀ ਆਰ ਟੀ ਸੀ ਕੰਟਰੈਕਟ ਵਰਕਰਜ਼ ਯੂਨੀਅਨ ਵੱਲੋਂ ਗੇਟ ਰੈਲੀ

■ ਕੇਂਦਰ ਦੇ ਮਾਰੂ ਕਨੂੰਨ ਖਿਲਾਫ ਟਰਾਂਸਪੋਰਟ ਮੁਲਾਜ਼ਮ 52 ਸਵਾਰੀਆਂ ਤੱਕ ਹੀ ਕਰਵਾਉਣਗੇ ਸਫ਼ਰ : ਢਿੱਲੋਂ ■ ਪੰਜਾਬ ਸਰਕਾਰ ਟਰਾਂਸਪੋਰਟ ਦੇ ਕੱਚੇ ਮੁਲਾਜ਼ਮਾਂ ਦੀਆਂ ਮੰਗਾਂ ਦਾ ਤੁਰੰਤ ਹੱਲ ਕਰੇ : ਤਰਸੇਮ ਸਿੰਘ

**ਮੁਕਤਸਰ (ਸ਼ਮਿੰਦਰਪਾਲ, ਪੂਜਾ)**

ਪੰਜਾਬ ਰੋਡਵੇਜ਼/ਪਨਬਸ/ਪੀ ਆਰ ਟੀ ਸੀ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ 25/11 ਵੱਲੋਂ ਪੰਜਾਬ ਦੇ ਸਮੂਹ ਡਿੱਪੂਆਂ 'ਤੇ ਗੇਟ ਰੈਲੀਆਂ ਕਰਦੇ ਹੋਏ ਡਿੱਪੂ ਸ੍ਰੀ ਮੁਕਤਸਰ ਸਾਹਿਬ ਦੇ ਗੇਟ 'ਤੇ ਸੂਬਾ ਆਗੂ ਗੁਰਪ੍ਰੀਤ ਸਿੰਘ ਨੇ ਬੋਲਦਿਆਂ ਕਿਹਾ ਕਿ ਪੰਜਾਬ ਵਿੱਚ ਸੂਬਾ ਸਰਕਾਰ ਵੱਲੋਂ ਕੱਚੇ ਮੁਲਾਜ਼ਮਾਂ ਦੀ ਕੋਈ ਸੁਣਵਾਈ ਨਹੀਂ ਕੀਤੀ ਜਾ ਰਹੀ। ਮੁਲਾਜ਼ਮਾਂ ਨੂੰ ਮੰਗਾਂ ਪੂਰੀਆਂ ਹੋਣ ਦੀ ਬਜਾਏ ਝੂਠ ਹੀ ਪੱਲੇ ਪੈ ਰਹੇ ਹਨ ਤੇ ਟਰਾਂਸਪੋਰਟ ਵਿਭਾਗ ਦੇ ਕੱਚੇ ਮੁਲਾਜ਼ਮਾਂ ਦੀ ਕਿਸੇ ਵੀ ਸਰਕਾਰ ਨੇ ਵੋਟਾਂ ਤੋਂ ਬਾਅਦ ਸਾਰ ਨਹੀਂ ਲਈ। ਸੂਬੇ ਅੰਦਰ ਆਮ ਆਦਮੀ ਪਾਰਟੀ ਸਰਕਾਰ ਮਾਰੂ ਨੀਤੀਆਂ ਲਿਆ ਰਹੀ ਹੈ ਤੇ ਕੇਂਦਰ ਵਿੱਚ ਭਾਜਪਾ ਸਰਕਾਰ ਵੱਲੋਂ ਟ੍ਰੈਫਿਕ ਨਿਯਮਾਂ ਵਿੱਚ ਸੋਧ ਦੇ ਨਾਮ 'ਤੇ ਪੂਰੇ ਭਾਰਤ ਦੇ ਡਰਾਈਵਰਾਂ ਤੇ ਆਮ ਵਰਗ 'ਤੇ ਮਾਰੂ ਕਾਨੂੰਨ ਲਾਗੂ ਕਰਨ ਵੱਲ ਤੁਰੀ ਹੈ, ਜਿਸ ਦਾ ਪੂਰੇ ਭਾਰਤ ਵੱਲੋਂ ਵਿਰੋਧ ਕੀਤਾ ਜਾ ਰਿਹਾ ਹੈ।

ਇਸ ਐਕਟ ਵਿੱਚ ਜੋ ਸੈਕਸ਼ਨ 106(2) ਬੀ ਐੱਨ ਐੱਸ ਵਿੱਚ ਡਰਾਈਵਰਾਂ ਨੂੰ 10 ਸਾਲ ਦੀ ਸਜ਼ਾ ਤੇ 7 ਲੱਖ ਜੁਰਮਾਨੇ ਦੀ ਸੋਧ ਕੀਤੀ ਹੈ, ਉਹ ਡਰਾਈਵਰਾਂ ਨਾਲ ਬਿਲਕੁੱਲ ਧੱਕੇਸ਼ਾਹੀ ਹੈ ਤੇ ਧਾਰਾ 104(2) ਵਿੱਚ ਸੋਧ, ਜੋ ਕਿ ਕਿਸੇ ਦੋਸ਼ੀ ਨੂੰ ਗਵਾਹ ਬਣਾਉਣ ਦੀ ਗੱਲ ਕਹਿੰਦੀ ਹੈ, ਉਹ ਭਾਰਤੀ ਸੰਵਿਧਾਨ ਦੀ ਧਾਰਾ 20(3) ਦੇ ਖਿਲਾਫ ਹੋ ਸਕਦੀ ਹੈ। ਇਸ ਲਈ ਸਾਰੇ ਵਰਗਾਂ ਦੇ ਡਰਾਈਵਰਾਂ ਵੱਲੋਂ ਇਸ ਐਕਟ ਦਾ ਵਿਰੋਧ ਕੀਤਾ ਜਾ ਰਿਹਾ ਹੈ ਅਤੇ ਇਹ ਸੋਧ ਵਾਲਾ ਐਕਟ ਕਿਸੇ ਵੀ ਕੀਮਤ 'ਤੇ ਲਾਗੂ ਨਹੀਂ ਹੋਣ ਦਿੱਤਾ ਜਾਵੇਗਾ। ਭਾਰਤ ਦੀ ਮੋਦੀ ਸਰਕਾਰ ਵੱਲੋਂ ਵਾਰ ਵਾਰ ਲੋਕ ਮਾਰੂ ਨੀਤੀਆਂ ਲਾਗੂ ਕਰਕੇ ਕਾਰਪੋਰੇਟ ਘਰਾਣਿਆਂ ਹੱਥੀਂ ਲੁੱਟ ਕਰਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਚੇਅਰਮੈਨ ਜਗਸੀਰ ਸਿੰਘ ਨੇ ਕਿਹਾ ਕਿ ਟਰਾਂਸਪੋਰਟ ਦੇ ਮੁਲਾਜ਼ਮਾਂ 100+ ਸਵਾਰੀ ਨੂੰ ਸਫ਼ਰ ਸਹੂਲਤ ਦੇ ਰਹੇ ਹਨ, ਜਿਸ ਦੇ ਵਿਰੋਧ ਵਜੋਂ ਟਰਾਂਸਪੋਰਟ ਮੁਲਾਜ਼ਮਾਂ ਵੱਲੋਂ 52 ਸੀਟਾਂ ਵਾਲੀ ਬੱਸ ਵਿੱਚ 23 ਜਨਵਰੀ ਤੋਂ 52 ਸਵਾਰੀਆਂ ਨੂੰ ਸਫ਼ਰ ਕਰਵਾਇਆ ਜਾਵੇਗਾ ਤੇ 23 ਨੂੰ ਲੁਧਿਆਣੇ ਵਿਖੇ ਟਰੱਕ ਯੂਨੀਅਨਾਂ ਅਤੇ ਪਨਬੱਸ ਪੀ ਆਰ ਟੀ ਸੀ ਦੀ ਕਨਵੈਨਸ਼ਨ ਕਰਕੇ ਵਰਕਰਾਂ ਨੂੰ ਲਾਮਬੰਦ ਕੀਤਾ ਜਾਵੇਗਾ।ਡਿੱਪੂ ਪ੍ਰਧਾਨ ਤਰਸੇਮ ਸਿੰਘ ਨੇ ਦੱਸਿਆ ਕਿ ਪੰਜਾਬ ਵਿੱਚ ਸਮੇਂ ਸਮੇਂ 'ਤੇ ਸਰਕਾਰਾਂ ਬਦਲਦਿਆਂ ਰਹੀਆਂ, ਪਰ ਟਰਾਂਸਪੋਰਟ ਵਿਭਾਗ ਦੇ ਕਰਮਚਾਰੀਆਂ ਦੀਆਂ ਮੰਗਾਂ ਦਾ ਕਿਸੇ ਵੀ ਸਰਕਾਰ ਨੇ ਹੱਲ ਨਹੀਂ ਕੀਤਾ। ਬੜੇ ਉਤਸ਼ਾਹ ਨਾਲ ਅਸੀਂ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਕੁਰਸੀ 'ਤੇ ਬਿਠਾਇਆ ਸੀ, ਪ੍ਰੰਤੂ ਇਹ ਵੀ ਉਨ੍ਹਾਂ ਸਰਕਾਰ ਦੇ ਨੁਮਾਇੰਦੇ ਵਾਂਗੂ ਹੀ ਕੁਰਸੀ 'ਤੇ ਬੈਠਦਿਆਂ ਹੀ ਮੁਲਾਜ਼ਮਾਂ ਨਾਲ ਕੀਤੇ ਵਾਅਦੇ ਨੂੰ ਭੁੱਲ ਚੁੱਕੇ ਹਨ। ਇਸ ਸੁੱਤੀ ਸਰਕਾਰ ਨੇ ਜੋ ਵਾਅਦਾ ਕੀਤਾ, ਉਸ ਨੂੰ ਅਜੇ ਤੱਕ ਪੂਰਾ ਨਹੀਂ ਕੀਤਾ। ਯੂਨੀਅਨ ਵੱਲੋਂ ਇਸ ਦੇ ਵਿਰੋਧ 'ਚ 26 ਜਨਵਰੀ ਨੂੰ ਮੁੱਖ ਮੰਤਰੀ ਪੰਜਾਬ ਦਾ ਕਾਲੇ ਝੋਲੇ ਪਾ ਕੇ ਕਾਲੀਆਂ ਝੰਡੀਆਂ ਨਾਲ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ, 1 ਫਰਵਰੀ ਨੂੰ ਮੁੱਖ ਦਫਤਰ ਵਿਖੇ ਧਰਨਾ ਦਿੱਤਾ ਜਾਵੇਗਾ, 7 ਫਰਵਰੀ ਨੂੰ ਗੇਟ ਰੈਲੀਆਂ ਕਰਕੇ ਵਰਕਰਾਂ ਨੂੰ ਲਾਮਬੰਦ ਕੀਤਾ ਜਾਵੇਗਾ ਤੇ 13, 14, 15 ਫਰਵਰੀ ਦੀ ਤਿੰਨ ਰੋਜ਼ਾ ਮੁਕੰਮਲ ਹੜਤਾਲ ਕੀਤੀ ਜਾਵੇਗੀ। ਹੜਤਾਲ ਦੌਰਾਨ ਮੁੱਖ ਮੰਤਰੀ ਪੰਜਾਬ ਦੀ ਰਹਾਇਸ਼ 'ਤੇ ਰੋਸ ਧਰਨਾ ਦਿੱਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਤੇ ਮੈਨੇਜਮੈਂਟ ਦੀ ਹੋਵੇਗੀ।ਇਸ ਮੌਕੇ ਗੁਰਸੇਵਕ ਸਿੰਘ, ਹਰਪ੍ਰੀਤ ਸਿੰਘ, ਮਨਜੀਤ ਸਿੰਘ, ਅਮਰੀਕ ਸਿੰਘ ਆਦਿ ਹਾਜ਼ਰ ਸਨ।

# ਪਾਵਰਕਾਮ ਸੀ ਐੱਚ ਬੀ ਤੇ ਡਬਲਿਊ ਠੇਕਾ ਕਾਮਿਆਂ ਵੱਲੋਂ ਸੰਘਰਸ਼ ਦਾ ਐਲਾਨ

■ ਅੱਜ ਪਰਵਾਰਾਂ ਸਮੇਤ ਪਟਿਆਲਾ ਪਾਵਰਕਾਮ ਮੁੱਖ ਦਫਤਰ ਅੱਗੇ ਦੇਣਗੇ ਧਰਨਾ
■ ਜਥੇਬੰਦੀ ਨੇ ਪਾਵਰਕਾਮ ਮੈਨੇਜਮੈਂਟ ਨੂੰ ਸੰਘਰਸ਼ ਦਾ ਨੋਟਿਸ ਸੌਂਪਿਆ

**ਮੂਨਕ (ਰਾਜਪਾਲ ਸਿੰਗਲਾ)**

ਪਾਵਰਕਾਮ ਐਂਡ ਟਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਪੰਜਾਬ ਵੱਲੋਂ ਪਾਵਰਕਾਮ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਨੂੰ ਸੰਘਰਸ਼ ਦਾ ਨੋਟਿਸ ਸੌਂਪਿਆ ਗਿਆ ਸੀ, ਪਰ ਪੰਜਾਬ ਸਰਕਾਰ ਤੇ ਮੈਨੇਜਮੈਂਟ ਵੱਲੋਂ ਕੋਈ ਸਾਰ ਨਾ ਲਈ ਗਈ, ਜਿਸ ਦੇ ਰੋਸ ਵਜੋਂ ਪਟਿਆਲਾ ਵਿਖੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਸਬ ਡਵੀਜ਼ਨ ਮੂਨਕ ਦੇ ਪ੍ਰਧਾਨ ਗਗਨਦੀਪ ਸਿੰਘ ਨੇ ਦੱਸਿਆ ਕਿ ਸਰਕਾਰ ਤੇ ਮੈਨੇਜਮੈਂਟ ਵੱਲੋਂ, ਜੋ ਨਵੀਂ ਭਰਤੀ ਕੀਤੀ ਜਾ ਰਹੀ ਹੈ, ਉਸ ਭਰਤੀ ਵਿੱਚ ਆਊਟ-ਸੋਰਸਡ ਠੇਕਾ ਕਾਮਿਆਂ ਨੂੰ ਸ਼ਾਮਲ ਕਰਨ ਦੀ ਮੰਗ ਕੀਤੀ ਗਈ।

ਬਿਜਲੀ ਦਾ ਕੰਮ ਕਰਦੇ ਸਮੇਂ ਲਗਾਤਾਰ ਮੌਤ ਦੇ ਮੂੰਹ ਪੈ ਰਹੇ ਅਤੇ ਅਪੰਗ ਹੋ ਰਹੇ ਕਾਮਿਆਂ ਦੇ ਪਰਿਵਾਰਾਂ ਨੂੰ ਮੁਆਵਜ਼ਾ ਤੇ ਪੱਕੀ ਨੌਕਰੀ ਦੀ ਵੀ ਮੰਗ ਕੀਤੀ ਗਈ। ਮੈਨੇਜਮੈਂਟ ਵੱਲੋਂ ਲਿਆਂਦੀ ਗਈ ਨਵੀਂ ਪੌਲਸੀ 10 ਲੱਖ ਰੁਪਿਆ ਬਾਹਰੋਂ ਕੰਪਨੀਆਂ ਰਾਹੀਂ ਇੰਸ਼ੋਰੈਂਸ ਕਰਵਾਉਣ ਉੱਤੇ ਚਰਚਾ ਕਰਦਿਆਂ ਆਗੂਆਂ ਨੇ ਕਿਹਾ ਕਿ ਜੋ ਬਾਹਰੋਂ ਇੰਸ਼ੋਰੈਂਸ ਕੰਪਨੀਆਂ ਵੱਲੋਂ ਕਰਵਾਈ ਜਾਂਦੀ ਹੈ, ਉਹ ਘਾਤਕ ਹਾਦਸਾ ਵਾਪਰਨ ਉਤੇ ਕਾਮਿਆਂ ਦੇ ਪਰਿਵਾਰਾਂ ਨੂੰ ਬਹੁਤ ਸਾਰੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਇਸ ਕਰਕੇ ਇੰਸ਼ੋਰੈਂਸ ਦੀ ਬਜਾਏ ਐਕਸ ਗਰੇਸ਼ੀਆ ਵਿੱਚ ਹੀ 10 ਲੱਖ ਦੀ ਇੰਸ਼ੋਰੈਂਸ ਨੂੰ ਕਵਰ ਕਰ ਦਿੱਤਾ ਜਾਵੇ ਤਾਂ ਜੋ ਪਰਿਵਾਰ ਨੂੰ ਆਸਾਨੀ ਨਾਲ ਮੁਆਵਜ਼ਾ ਮਿਲ ਸਕੇ।ਬਿਜਲੀ ਦਾ ਕਰੰਟ ਲੱਗਣ ਕਾਰਨ ਲਗਾਤਾਰ ਹਾਦਸੇ ਵਾਪਰ ਰਹੇ ਹਨ। ਇਨ੍ਹਾਂ ਹਾਦਸਿਆਂ ਨੂੰ ਰੋਕ ਲਗਾਉਣ ਲਈ ਟੀ ਟੀ ਆਈ ਰਾਹੀਂ ਟ੍ਰੇਨਿੰਗ ਦਾ ਪ੍ਰਬੰਧ ਕਰਵਾਉਣ ਤੇ ਹਾਦਸਾ ਵਾਪਰਨ ਦੀ ਸੂਰਤ 'ਚ ਈ ਐੱਸ ਆਈ ਤੋਂ ਹਟਾ ਕੇ ਸਿੱਧਾ ਸਰਕਾਰ ਆਪਣੇ ਖਰਚੇ ਰਾਹੀਂ ਅਤੇ ਵਧੀਆ ਹਸਪਤਾਲਾਂ ਰਾਹੀਂ ਇਲਾਜ ਦਾ ਪ੍ਰਬੰਧ ਕਰਨ ਦੀ ਮੰਗ ਕੀਤੀ ਗਈ ਅਤੇ ਠੇਕੇਦਾਰ ਕੰਪਨੀਆਂ ਵੱਲੋਂ ਤੇਲ ਭੱਤੇ ਸਮੇਤ ਮੋਬਾਇਲ ਭੱਤੇ ਤੇ ਸਰਕਾਰ ਵੱਲੋਂ ਘੱਟੋ ਘੱਟ ਉਜ਼ਰਤਾ ਦੇ ਕੀਤੇ ਜਾਂਦੇ ਨਵੇਂ ਰੇਟ ਰਵਾਈਜ਼ਰ ਵਿੱਚ ਕੰਪਨੀਆਂ ਵੱਲੋਂ ਘਪਲੇ ਕੀਤੇ ਜਾਂਦੇ ਹਨ, ਜਿਸ ਦਾ ਪੁਰਾਣਾ ਬਕਾਇਆ ਕੰਪਨੀਆਂ ਵੱਲੋਂ ਜਾਰੀ ਨਹੀਂ ਕੀਤਾ ਜਾਂਦਾ। ਮੰਗ ਪੱਤਰ ਵਿੱਚ ਦਰਜ ਮੰਗਾਂ ਦਾ ਸੰਘਰਸ਼ ਨੋਟਿਸ ਮੈਨੇਜਮੈਂਟ ਨੂੰ ਸੌਂਪਿਆ ਗਿਆ ਤੇ ਮੰਗਾਂ ਦਾ ਹੱਲ ਨਾ ਹੋਣ ਦੀ ਸੂਰਤ ਵਿੱਚ 23 ਜਨਵਰੀ 2024 ਨੂੰ ਪਰਿਵਾਰਾਂ ਸਮੇਤ ਪਟਿਆਲਾ ਹੈੱਡ ਆਫਿਸ ਵਿਖੇ ਲਗਾਤਾਰ ਧਰਨਾ ਪ੍ਰਦਰਸ਼ਨ ਕੀਤਾ ਜਾਵੇਗਾ।ਇਸ ਮੌਕੇ ਜੱਗਾ ਸਿੰਘ, ਗੁਰਪ੍ਰੀਤ ਸ਼ਰਮਾ, ਕ੍ਰਿਸ਼ਨ ਸਿੰਘ, ਦੀਨਾ ਨਾਥ, ਰਾਜਵੀਰ ਸਿੰਘ, ਰਿਕੂ, ਸਰਬ, ਪਾਲਾ ਸਿੰਘ ਤੇ ਬਿੰਦਰ ਸਿੰਘ ਮੌਜੂਦ ਸਨ।

## ਕਾਤਰਾਂ

### ਵਾਹਨ ਦੀ ਲਪੇਟ 'ਚ ਆਉਣ ਕਾਰਨ ਮੌਤ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਸਰਹਿੰਦ-ਰਾਜਪੁਰਾ ਜੀ. ਟੀ. ਰੋਡ 'ਤੇ ਸਥਿਤ ਪਿੰਡ ਸੈਦਪੁਰਾ ਨੇੜੇ ਵਾਪਰੇ ਸੜਕ ਹਾਦਸੇ 'ਚ ਇੱਕ ਨਾਮਾਲੂਮ ਵਿਅਕਤੀ ਦੀ ਮੌਤ ਹੋ ਜਾਣ ਦਾ ਸਮਾਚਾਰ ਹੈ।ਪੁਲਸ ਦੇ ਸੂਤਰਾਂ ਤੋਂ ਮਿਲੀ ਜਾਣਕਾਰੀ ਮੁਤਾਬਿਕ ਇੱਕ ਨਾਮਾਲੂਮ ਵਿਅਕਤੀ, ਜਿਸ ਦੀ ਉਮਰ 60 ਸਾਲ ਦੇ ਕਰੀਬ ਜਾਪਦੀ ਹੈ, ਸਰਹਿੰਦ ਤੋਂ ਰਾਜਪੁਰਾ ਵੱਲ ਨੂੰ ਜਾ ਰਿਹਾ ਸੀ ਤਾਂ ਪਿੰਡ ਸੈਦਪੁਰਾ ਦੇ ਪੈਟਰੋਲ ਪੰਪ ਨਜ਼ਦੀਕ ਨਾਮਾਲੂਮ ਵਾਹਨ ਵੱਲੋਂ ਮਾਰੀ ਗਈ ਫੇਟ ਕਾਰਨ ਉਕਤ ਵਿਅਕਤੀ ਦੀ ਮੌਤ ਹੋ ਗਈ, ਜਿਸ ਦੀ ਲਾਸ਼ ਨੂੰ ਸ਼ਨਾਖਤ ਲਈ ਸਿਵਲ ਹਸਪਤਾਲ ਫ਼ਤਹਿਗੜ੍ਹ ਸਾਹਿਬ ਦੀ ਮੋਰਚਰੀ 'ਚ ਰਖਵਾ ਕੇ ਨਬੀਪੁਰ ਚੌਕੀ ਦੀ ਪੁਲਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

### ਮਾਤਾ ਸੁਰਜੀਤ ਕੌਰ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾਵਾ

**ਸੰਗਰੂਰ (ਪ੍ਰਵੀਨ ਸਿੰਘ)**-ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਜ਼ਲ੍ਹਾ ਸੰਗਰੂਰ ਦੇ ਪ੍ਰਧਾਨ ਹਰਜੀਤ ਸਿੰਘ ਸੰਜੂਮਾਂ ਦੇ ਮਾਤਾ ਸੁਰਜੀਤ ਕੌਰ ਜੀ ਆਪਣੀ ਸਵਾਸਾਂ ਰੂਪੀ ਪੂੰਜੀ ਨੂੰ ਪੂਰਾ ਕਰਕੇ ਵਾਹਿਗੁਰੂ ਜੀ ਦੇ ਚਰਨਾਂ ਵਿੱਚ ਜਾ ਬਿਰਾਜੇ ਹਨ, ਜਿਨ੍ਹਾਂ ਦਾ ਅੰਤਿਮ ਸੰਸਕਾਰ ਪਿੰਡ ਕੁਲਾਰਾ ਵਿਖੇ ਕੀਤਾ ਗਿਆ। ਉਨ੍ਹਾਂ ਨਮਿੱਤ ਪਾਠ ਦਾ ਭੋਗ ਤੇ ਅੰਤਿਮ ਅਰਦਾਸ 31 ਜਨਵਰੀ ਨੂੰ ਹੋਵੇਗੀ। ਇਸ ਦੁੱਖ ਦੀ ਘੜੀ ਵਿੱਚ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ, ਜਥੇਬੰਦਕ ਸਕੱਤਰ ਗੋਵਿੰਦ ਸਿੰਘ ਸੰਧੂ, ਪੀਏਸੀ ਮੈਂਬਰ ਬਹਾਦਰ ਸਿੰਘ ਭਸੌੜ, ਹਲਕਾ ਸੰਗਰੂਰ ਤੋਂ ਜਥੇਬੰਦਕ ਸਕੱਤਰ ਗੁਰਨੈਬ ਸਿੰਘ ਰਾਮਪੁਰਾ, ਪ੍ਰਬੰਧਕੀ ਸਕੱਤਰ ਹਰਿੰਦਰ ਸਿੰਘ ਔਲਖ, ਦਫਤਰ ਇੰਚਾਰਜ ਕੁਲਵੰਤ ਸਿੰਘ ਲੱਡੀ ਸਮੇਤ ਸਮੁੱਚੀ ਲੀਡਰਸ਼ਿਪ ਨੇ ਦੁੱਖ ਪ੍ਰਗਟ ਕਰਦੇ ਹੋਏ ਪਰਿਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕੀਤਾ ਹੈ।

### ਮੌਸਮੀ ਬਿਮਾਰੀਆਂ ਬਾਰੇ ਕੀਤਾ ਜਾਗਰੂਕ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਅਯੂਸ਼ ਪੱਧਤੀ ਦੀਆਂ 7 ਪੱਧਤੀਆਂ ਵਿੱਚੋਂ ਇਕ ਸਿੱਧਾ ਇਲਾਜ ਵਿਧੀ ਦਾ ਰਾਸ਼ਟਰੀ ਸਿੱਧਾ ਦਿਵਸ ਸੰਬੰਧੀ ਸਲਾਈਟ ਲੌਂਗੋਵਾਲ ਦੇ ਹੈਲਥ ਸੈਂਟਰ ਵਿਖੇ ਮਨਾਇਆ ਗਿਆ।ਇਸ ਮੌਕੇ ਡਾ. ਗੁਰਪ੍ਰੀਤ ਸਿੰਘ ਦੁਆਰਾ ਸਿੱਧਾ ਇਲਾਜ ਪ੍ਰਣਾਲੀ, ਮੌਸਮੀ ਬਿਮਾਰੀਆਂ ਤੇ ਉਨ੍ਹਾਂ ਦੀ ਰੋਕਥਾਮ ਉਪਰ ਲੈਕਚਰ ਦਿੱਤਾ ਗਿਆ ਅਤੇ ਡਾ. ਅਮਨਦੀਪ ਭਾਰਤੀ ਨੇ ਰਿਤੁਚਰਿਆ ਤੇ ਔਰਤਾਂ ਦੇ ਰੋਗਾਂ ਸੰਬਧੀ ਜਾਗਰੂਕ ਕੀਤਾ ਗਿਆ।ਇਸ ਮੌਕੇ ਹੈਲਥ ਸੈਂਟਰ ਦੇ ਚੇਅਰਪਰਸਨ ਡਾ. ਸੁਸ਼ਮਾ ਗੁਪਤਾ, ਡਾ. ਰੂਪੇਸ਼, ਸ਼੍ਰੀਮਤੀ ਸੁਖਜਿੰਦਰ ਕੌਰ, ਮਨਜੀਤ ਕੌਰ ਤੇ ਫਾਰਮੇਸੀ ਅਫ਼ਸਰ ਸ਼ਿੰਦਰਪਾਲ ਸਿੰਘ ਅਤੇ ਸਮੂਹ ਐੱਮ. ਟੀ. ਐੱਸ. ਹਾਜ਼ਰ ਸਨ।

### ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਲਈ ਫਾਰਮ 29 ਫਰਵਰੀ ਤੱਕ ਲਏ ਜਾਣਗੇ : ਡਾ. ਦੁੱਗਲ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਡਾ. ਸੇਨੂ ਦੁੱਗਲ ਨੇ ਦੱਸਿਆ ਕਿ ਪਹਿਲਾਂ ਵੋਟਰ ਸੂਚੀ ਵਿੱਚ ਰਜਿਸਟ੍ਰੇਸ਼ਨ ਲਈ ਫਾਰਮ 15 ਨਵੰਬਰ 2023 ਤੱਕ ਪ੍ਰਾਪਤ ਕੀਤੇ ਜਾਣੇ ਸਨ, ਪਰ ਹੁਣ ਕਮਿਸ਼ਨਰ ਗੁਰਦੁਆਰਾ ਚੋਣਾਂ ਵੱਲੋਂ ਜਾਰੀ ਕੀਤੀ ਨਵੀਂ ਸਮਾਂ ਸਾਰਣੀ ਤਹਿਤ ਵੋਟਰ ਰਜਿਸਟ੍ਰੇਸ਼ਨ ਦਾ 29 ਫਰਵਰੀ 2024 ਤੱਕ ਦਾ ਵਾਧਾ ਕੀਤਾ ਗਿਆ ਹੈ।ਉਨ੍ਹਾਂ ਨੇ ਚੋਣਾਂ ਨਾਲ ਸਬੰਧਤ ਕਰਮਚਾਰੀਆਂ ਨੂੰ ਹਦਾਇਤ ਕੀਤੀ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਸਬੰਧੀ ਵੋਟਰ ਰਜਿਸਟ੍ਰੇਸ਼ਨ ਦਾ ਕੰਮ ਤੇਜ਼ੀ ਨਾਲ ਕੀਤਾ ਜਾਵੇ।ਉਨ੍ਹਾਂ ਵੱਲੋਂ ਸਬੰਧਤ ਕਰਮਚਾਰੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਲੋਕਾਂ ਨੂੰ ਫਾਰਮ ਜਮ੍ਹਾਂ ਕਰਵਾਉਣ ਵਿੱਚ ਕੋਈ ਦਿੱਕਤ ਪੇਸ਼ ਨਾ ਆਵੇ।ਉਨ੍ਹਾ ਕਿਹਾ ਕਿ ਉੱਪ ਮੰਡਲ ਮੈਜਿਸਟਰੇਟ ਤੇ ਹੋਰ ਸੀਨੀਅਰ ਅਧਿਕਾਰੀ ਵੀ ਨਿਯਮਤ ਤੌਰ 'ਤੇ ਇਸ ਪ੍ਰਕਿਰਿਆ ਦੀ ਨਜ਼ਰਸਾਨੀ ਕਰਨ ਤਾਂ ਜੋ ਵੋਟਰ ਰਜਿਸਟ੍ਰੇਸ਼ਨ ਨੂੰ ਉਤਸ਼ਾਹਤ ਕੀਤਾ ਜਾ ਸਕੇ।ਉਨ੍ਹਾ ਕਿਹਾ ਕਿ ਦਿਹਾਤੀ ਖੇਤਰ ਦੇ ਵੋਟਰ ਆਪਣੇ ਆਪ ਨੂੰ ਵੋਟਰ ਵਜੋਂ ਰਜਿਸਟਰਡ ਕਰਨ ਲਈ ਫਾਰਮ ਪਟਵਾਰੀਆਂ ਪਾਸ ਜਮ੍ਹਾਂ ਕਰਵਾ ਸਕਦੇ ਹਨ ਤੇ ਸ਼ਹਿਰੀ ਖੇਤਰ ਵਿੱਚ ਨਗਰ ਕੌਂਸਲ ਜਾਂ ਸਥਾਨਕ ਅਥਾਰਟੀ ਦੇ ਕਰਮਚਾਰੀ, ਜਿਨ੍ਹਾਂ ਨੂੰ ਸਬੰਧਤ ਖੇਤਰ ਦੀ ਸੋਧ ਅਥਾਰਟੀ ਵੱਲੋਂ ਨਾਮਜ਼ਦ ਕੀਤਾ ਗਿਆ ਹੈ, ਪਾਸ ਫਾਰਮ ਜਮ੍ਹਾਂ ਕਰਵਾ ਸਕਦੇ ਹਨ।

# ਸੁਪਰੀਮ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ ਓਲੰਪੀਆਡ ਪੇਪਰ 'ਚ ਮਾਰੀ ਬਾਜ਼ੀ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**

ਸੁਪਰੀਮ ਇੰਟਰਨੈਸ਼ਨਲ ਸਕੂਲ ਵਿਖੇ ਬੀਤੇ ਮਹੀਨੇ ਹੋਏ ਓਲੰਪੀਆਡ ਦੇ ਪੇਪਰ ਦੇ ਨਤੀਜੇ ਘੋਸ਼ਿਤ ਹੋਏ, ਜਿਸ ਵਿੱਚ ਸੁਪਰੀਮ ਸਕੂਲ ਦੇ ਅੱਠ ਵਿਦਿਆਰਥੀਆਂ ਨੇ ਪਹਿਲੇ ਪੜਾਅ ਨੂੰ ਪਾਰ ਕਰਕੇ ਦੂਜੇ ਪੜਾਅ ਵਿੱਚ ਆਪਣਾ ਸਥਾਨ ਨਿਸਚਿਤ ਕੀਤਾ, ਜਿਸ ਵਿੱਚ ਜਮਾਤ ਪਹਿਲੀ ਦੀ ਵਿਦਿਆਰਥਣ ਨਵਗੀਨ ਕੌਰ ਨੇ ਅੰਗਰੇਜ਼ੀ, ਅਦਰਸ਼ਵੀਰ ਸਿੰਘ ਨੇ ਸਾਇੰਸ, ਜਮਾਤ ਦੂਸਰੀ ਦੇ ਵਿਦਿਆਰਥੀ ਅੰਸ਼ਪ੍ਰੀਤ ਸਿੰਘ, 

23-JAN-PAGE-8.qxd 1/22/2024 10:35 PM Page 1



# 26 ਨੂੰ ਮੁੱਖ ਮੰਤਰੀ, ਵਿੱਤ ਮੰਤਰੀ ਤੇ ਸਿੱਖਿਆ ਮੰਤਰੀ ਦੇ ਝੰਡਾ ਲਹਿਰਾਉਣ ਮੌਕੇ ਮੁਲਾਜ਼ਮ ਕਰਨਗੇ ਰੋਸ ਪ੍ਰਦਰਸ਼ਨ

**ਜਲੰਧਰ** ( **ਰਾਜੇਸ਼ ਥਾਪਾ, ਸ਼ੈਲੀ ਅਲਬਰਟ** ) ਮੁੱਖ ਮੰਤਰੀ ਦੇ ਹਰੇ ਪੈੱਨ ਨੇ ਸਿੱਖਿਆ ਵਿਭਾਗ ਦੇ ਦਫਤਰੀ ਮੁਲਾਜ਼ਮਾਂ ਨੂੰ ਪੱਕਾ ਕਰਨ ਦਾ ਫੈਸਲਾ ਲਿਆ ਅਤੇ ਉਸ ਤੇ ਤਿੰਨ ਮੰਤਰੀ ਦੀ ਬਣੀ ਕੈਬਿਨਟ ਸਬ ਕਮੇਟੀ ਦੀ ਵੀ ਮੋਹਰ ਲੱਗਣ ਦੇ ਬਾਵਜੂਦ ਸਿੱਖਿਆ ਵਿਭਾਗ ਦੇ ਦਫਤਰੀ ਕਰਮਚਾਰੀਆ ਨੂੰ ਨਾ ਤਾਂ ਰੈਗੂਲਰ ਦੇ ਆਰਡਰ ਮਿਲੇ ਅਤੇ ਨਾ ਹੀ ਕਰਮਚਾਰੀਆ ਦੀ ਤਨਖਾਹ ਕਟੌਤੀ ਬੰਦ ਹੋਈ। ਸੂਬੇ, ਸਰਕਾਰ ਅਤੇ ਵਿਭਾਗ ਨੂੰ ਚਲਾਉਣ ਲਈ ਦਫਤਰੀ ਮੁਲਾਜ਼ਮ ਸਰਕਾਰਾਂ ਦੀ ਰੀੜ ਦੀ ਹੱਡੀ ਮੰਨੇ ਜਾਂਦੇ ਹਨ ਪ੍ਰੰਤੂ ਪੰਜਾਬ ਦਾ ਸਿੱਖਿਆ ਵਿਭਾਗ ਕਿਸੇ ਵੀ ਪਾਰਟੀ ਦੀ ਸਰਕਾਰ ਆਈ ਹੋਵੇ ਦਫਤਰੀ ਮੁਲਾਜ਼ਮਾਂ ਨਾਲ ਵਿਤਕਰਾ ਹੀ ਕਰਦਾ ਰਿਹਾ ਹੈ। ਸਿੱਖਿਆ ਵਿਭਾਗ ਵੱਲੋਂ ਹਰ ਵਾਰ ਦਫਤਰੀ ਮੁਲਾਜ਼ਮਾਂ ਨੂੰ ਬਣਦੇ ਹੱਕ ਦੇਣ ਦੀ ਬਜਾਏ ਹਰ ਵਾਰ ਵਿਸਾਰਿਆ ਜਾ ਰਿਹਾ ਹੈ। ਮੁੱਖ ਮੰਤਰੀ ਪੰਜਾਬ ਭਗਵੰਤ ਮਾਨ, ਸਿੱਖਿਆ ਮੰਤਰੀ ਹਰਜੋਤ ਬੈਂਸ ਅਤੇ ਕੈਬਿਨਟ ਸਬ ਕਮੇਟੀ ਵੱਲੋਂ ਸਿੱਖਿਆ ਵਿਭਾਗ ਦੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਦੇ ਫੈਸਲਾ ਲੈਣ ਦੇ ਬਾਵਜੂਦ ਵੀ ਮਹੀਨਿਆ ਤੋਂ ਮੁਲਾਜ਼ਮਾਂ ਨੂੰ ਪੱਕਾ ਕਰਨ ਦੇ ਕੰਮ ਨੂੰ ਅਮਲੀ ਜਾਮਾ ਨਹੀ ਪਹਿਨਾਇਆ ਗਿਆ। ਆਗੂਆਂ ਨੇ ਦੱਸਿਆ ਕਿ ਜਦੋਂ ਦੀ ਆਪ ਸਰਕਾਰ ਸੱਤਾ ਵਿਚ ਹੈ ਸਿੱਖਿਆ ਮੰਤਰੀ ਅਤੇ ਵਿਭਾਗੀ ਅਧਿਕਾਰੀਆ ਵੱਲੋਂ ਮੁਲਾਜ਼ਮਾਂ ਨਾਲ ਅਨੇਕਾਂ ਮੀਟਿੰਗਾਂ ਕੀਤੀਆ ਗਈਆਂ ਪਰ ਸਿਰਫ ਭਰੋਸੇ ਤੇ ਲਾਰੇ ਵਿਚ ਸਮਾਂ ਟਪਾਇਆ ਜਾ ਰਿਹਾ ਹੈ। ਸਰਵ ਸਿੱਖਿਆ ਅਭਿਆਨ ਦਫਤਰੀ ਕਰਮਚਾਰੀ ਯੂਨੀਅਨ ਦੇ ਆਗੂ ਸ਼ੋਭਿਤ ਭਗਤ , ਗਗਨਦੀਪ ਸ਼ਰਮਾ ਸੁਖਰਾਜ, ਰਾਜੀਵ ਸ਼ਰਮਾ ਨੇ ਕਿਹਾ ਕਿ ਅਕਾਲੀ ਦਲ ਅਤੇ ਕਾਂਗਰਸ ਦੀ ਸਰਕਾਰ ਨੇ ਕੱਚੇ ਮੁਲਾਜ਼ਮਾਂ ਦੀ ਜਵਾਨੀ ਰੋਲ ਕੇ ਰੱਖ ਦਿੱਤੀ ਅਤੇ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਕੱਚੇ ਮੁਲਾਜ਼ਮਾਂ ਦੇ ਭਵਿੱਖ ਨੂੰ ਰੋਲਣ ਦੀ ਤਿਆਰੀ ਕਰੀ ਬੈਠੀ ਹੈ। ਦਫਤਰੀ ਮੁਲਾਜ਼ਮਾਂ ਦੀ ਤਕਰੀਬਨ 5000 ਰੁਪਏ ਮਹੀਨਾ ਤਨਖਾਹ ਕਟੌਤੀ ਕੀਤੀ ਜਾ ਰਹੀ ਹੈ ਜੋ ਕਿ ਬਾਰ ਬਾਰ ਮੰਤਰੀਆਂ ਵੱਲੋਂ ਵਾਅਦੇ ਕਰਨ ਦੇ ਬਾਵਜੂਦ ਪੂਰੀ ਨਹੀਂ ਹੋਈ। ਇਸ ਦੇ ਨਾਲ ਹੀ ਮਿਡ ਡੇ ਮੀਲ ਦਫਤਰੀ ਕਰਮਚਾਰੀਆਂ ਦੀ ਸਾਲ 2019 ਤੋਂ ਤਨਖਾਹ ਵਿਚ ਕੀਤਾ ਜਾਣ ਵਾਲਾ ਵਾਧਾ ਰੋਕਿਆ ਹੋਇਆ ਹੈ। ਮੁੱਖ ਮੰਤਰੀ ਪੰਜਾਬ, ਸਿੱਖਿਆ ਮੰਤਰੀ ਪੰਜਾਬ ਅਤੇ ਕੈਬਿਨਟ ਸਬ ਕਮੇਟੀ ਦੀ ਮੰਨਜ਼ੂਰੀ ਮਿਲਣ 'ਤੇ ਵੀ ਕਰਮਚਾਰੀਆਂ ਦੇ ਮਸਲੇ ਹੱਲ ਨਹੀਂ ਕੀਤੇ ਜਾ ਰਹੇ ਇਸ ਕਰਕੇ ਸਮੁੱਚੇ ਦਫਤਰੀ ਮੁਲਾਜ਼ਮਾਂ ਵਿਚ ਰੋਸ ਹੈ। ਦਫਤਰੀ ਮੁਲਾਜ਼ਮ ਆਪਣਾ ਰੋਸ ਜ਼ਾਹਿਰ ਕਰਨ ਲਈ 26 ਜਨਵਰੀ ਨੂੰ ਮੁੱਖ ਮੰਤਰੀ ਪੰਜਾਬ, ਵਿੱਤ ਮੰਤਰੀ ਪੰਜਾਬ ਅਤੇ ਸਿੱਖਿਆ ਮੰਤਰੀ ਦੇ ਝੰਡਾ ਲਿਹਰਾਉਣ ਵਾਲੇ ਸਥਾਨ 'ਤੇ ਰੋਸ ਪ੍ਰਦਰਸ਼ਨ ਕਰਨਗੇ।

# ਸਕੂਲੀ ਵਿਦਿਆਰਥਣ ਨੇ ਇਮਾਨਦਾਰੀ ਦੀ ਮਿਸਾਲ ਪੇਸ਼ ਕੀਤੀ

**ਸ਼੍ਰੀ ਚਮਕੌਰ ਸਾਹਿਬ** , (**ਗੁਰਵਿੰਦਰਪਾਲ ਸਿੰਘ ਬੌਬੀ**)-ਸਥਾਨਕ ਸਕੂਲ ਆਫ ਐਮੀਨੈਂਸ ਫਾਰ ਗਰਲਜ਼ ਦੀ ਨੌਵੀਂ ਜਮਾਤ ਦੀ ਵਿਦਿਆਰਥਣ ਕਿਰਨਦੀਪ ਕੌਰ ਨੇ ਇਮਾਨਦਾਰੀ ਦੀ ਮਿਸਾਲ ਪੇਸ਼ ਕੀਤੀ ਹੈ। ਸਕੂਲ ਦੇ ਪ੍ਰਿੰਸੀਪਲ ਜਗਤਾਰ ਸਿੰਘ ਲੌਂਗੀਆ ਨੇ ਦੱਸਿਆ ਕਿ ਸਵੇਰੇ ਬਲਦੇਵ ਸਿੰਘ ਨਿਵਾਸੀ ਚਮਕੌਰ ਸਾਹਿਬ ਜਦੋਂ ਆਪਣੇ ਬੱਚਿਆਂ ਨੂੰ ਸਕੂਲ ਛੱਡਣ ਆਏ ਤਾਂ ਉਨ੍ਹਾਂ ਦਾ ਮਹਿੰਗਾ ਸਮਾਰਟਫੋਨ ਸਕੂਲ ਦੇ ਨੇੜੇ ਹੀ ਡਿੱਗ ਪਿਆ, ਜੋ ਕਿ ਸਕੂਲ ਆ ਰਹੀ ਨੌਵੀਂ ਜਮਾਤ ਦੀ ਵਿਦਿਆਰਥਣ ਕਿਰਨਦੀਪ ਕੌਰ ਨੂੰ ਮਿਲ ਗਿਆ । ਵਿਦਿਆਰਥਣ ਕਿਰਨਦੀਪ ਕੌਰ ਨੇ ਇਮਾਨਦਾਰੀ ਦੀ ਮਿਸਾਲ ਪੇਸ਼ ਕਰਦੇ ਹੋਏ ਇਹ ਫੋਨ ਸਕੂਲ ਵਿਖੇ ਪ੍ਰਿੰਸੀਪਲ ਦੇ ਦਫ਼ਤਰ ਵਿਖੇ ਜਮਾਂ ਕਰਵਾ ਦਿੱਤਾ। ਫੋਨ ਮਾਲਕ ਦਾ ਫੋਨ ਆਉਣ 'ਤੇ ਸਕੂਲ ਵਿਦਿਆਰਥਣ ਵੱਲੋਂ ਪ੍ਰਿੰਸੀਪਲ ਜਗਤਾਰ ਸਿੰਘ ਲੌਂਗੀਆ ਦੀ ਹਾਜ਼ਰੀ ਵਿੱਚ ਇਹ ਫੋਨ ਉਨ੍ਹਾਂ ਨੂੰ ਸੌਂਪ ਦਿੱਤਾ ਗਿਆ। ਕਿਰਨਦੀਪ ਕੌਰ ਦੇ ਇਸ ਉਪਰਾਲੇ ਦੀ ਪ੍ਰਸੰਸਾ ਕਰਦਿਆਂ ਸਕੂਲ ਪ੍ਰਿੰਸੀਪਲ ਨੇ ਕਿਹਾ ਕਿ ਸਕੂਲ ਵਿਖੇ ਵਿਦਿਆਰਥੀਆਂ ਨੂੰ ਪਾਠਕ੍ਰਮ ਦੇ ਨਾਲ - ਨਾਲ ਨੈਤਿਕ ਸਿੱਖਿਆ ਤੇ ਵੀ ਲਗਾਤਾਰ ਜੋਰ ਦਿੱਤਾ ਜਾਂਦਾ ਹੈ ਤਾਂ ਜੋ ਕਿ ਸਕੂਲੀ ਵਿਦਿਆਰਥਣਾਂ ਭਵਿੱਖ ਅੰਦਰ ਇੱਕ ਜ਼ਿੰਮੇਵਾਰ ਸ਼ਹਿਰੀ ਦੀ ਭੂਮਿਕਾ ਨਿਭਾਉਣ।

# ਸਰਕਾਰੀ ਕਾਲਜ ਵਿਖੇ ਕੈਰੀਅਰ ਕੌਂਸਲਿੰਗ ਸੈੱਲ ਵੱਲੋਂ ਲਾਈਫ ਸਕਿੱਲ ਵਰਕਸ਼ਾਪ

**ਟਾਂਡਾ ਉੜਮੁੜ**, ( **ਜਸਵਿੰਦਰ ਸੰਧੂ ਉਂਕਾਰ ਸਿੰਘ** )- ਗਿਆਨੀ ਕਰਤਾਰ ਸਿੰਘ ਯਾਦਗਾਰੀ ਸਰਕਾਰੀ ਕਾਲਜ ਟਾਂਡਾ ਵਿਖੇ ਲਾਈਫ ਸਕਿਲ ਅਤੇ ਵਿਦਿਆਰਥੀਆਂ ਦੀ ਹੋਲਿਸਟ ਡਿਵੈੱਲਪਮੈਂਟ ਸਬੰਧੀ ਇੱਕ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਡਾਇਰੈਕਟਰ ਉਚੇਰੀ ਸਿੱਖਿਆ ਵਿਭਾਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਆਯੋਜਿਤ ਇਸ ਇਕ ਦਿਨਾਂ ਵਰਕਸ਼ਾਪ ਦਾ ਉਦਘਾਟਨ ਪ੍ਰਿੰਸੀਪਲ ਡਾ. ਸ਼ਸ਼ਈ ਬਾਲਾ ਨੇ ਕੀਤਾ । ਲਵਲੀ ਪ੍ਰੋਫੈਸਨਲ ਯੂਨੀਵਰਸਿਟੀ ਤੋਂ ਸਹਾਇਕ ਪ੍ਰੋਫੈਸਰ ਪੁਸਪਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਆਪਣੀ ਆਲ ਰਾਉਂਡ ਡਿਵੈਲਪਮੈਂਟ ਕਿਸ ਤਰੀਕੇ ਨਾਲ ਕਰਨੀ ਹੈ ਇਸ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਅਤੇ ਇਸ ਵਿੱਚ ਵਿਦਿਆਰਥੀਆਂ ਦੀ ਸਿੱਧੇ ਰੂਪ ਵਿੱਚ ਭਾਗੀਦਾਰੀ ਕਰਵਾਈ ਜਿਸ ਦਾ ਵਿਦਿਆਰਥੀਆਂ ਵੱਲੋਂ ਵਧੀਆ ਰਿਸਪਾਂਸ ਦਿੱਤਾ ਗਿਆ। ਇਸ ਮੌਕੇ 'ਤੇ ਕੈਰੀਅਰ ਕੌਂਸਲਿੰਗ ਸੈਲ ਦੇ ਇੰਚਾਰਜ ਪ੍ਰੋਫੈਸਰ ਰਾਜੇਸ਼ ਕੁਮਾਰ ਅਤੇ ਪ੍ਰੋਫੈਸਰ ਤਜਿੰਦਰ ਕੌਰ ਚੀਮਾ ਵੱਲੋਂ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ ਗਿਆ ਤੇ ਉਹਨਾਂ ਨੇ ਇਸ ਵਰਕਸ਼ਾਪ ਵਿੱਚ ਪਹੁੰਚੇ ਮਾਹਿਰਾਂ ਦਾ ਧੰਨਵਾਦ ਕੀਤਾ । ਵਰਕਸ਼ਾਪ ਦੇ ਅੰਤ ਵਿੱਚ ਪ੍ਰਿੰਸੀਪਲ ਡਾ. ਸ਼ਸ਼ੀ ਬਾਲਾ ਅਤੇ ਸਟਾਫ ਮੈਂਬਰਾਂ ਵੱਲੋਂ ਆਏ ਹੋਏ ਮਹਿਮਾਨ ਵਿਸ਼ਾ ਮਾਹਰ ਡਾ. ਪਸਵਿੰਦਰ ਕੌਰ ਨੂੰ ਯਾਦਗਾਰੀ ਚਿੰਨ ਭੇਂਟ ਕਰਕੇ ਸਨਮਾਨਿਤ ਕੀਤਾ । ਇਸ ਮੌਕੇ 'ਤੇ ਪ੍ਰੋਫੈਸਰ ਤਸਵਿੰਦਰ ਸਿੰਘ, ਪ੍ਰੋਫੈਸਰ ਜਸਪ੍ਰੀਤ ਕੌਰ ਅਤੇ ਵੱਡੀ ਗਿਣਤੀ ਵਿੱਚ ਸਟਾਫ ਮੈਂਬਰ ਤੇ ਵਿਦਿਆਰਥੀ ਮੌਜੂਦ ਸਨ।

# ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ

**ਸੁਲਤਾਨਪੁਰ ਲੋਧੀ** (**ਬਲਵਿੰਦਰ ਸਿੰਘ ਧਾਲੀਵਾਲ**) ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਗੁਰਦੁਆਰਾ ਸਿੰਘ ਸਭਾ ਪਿੰਡ ਸਰਾਏ ਖਾਮ ਕੱਚੀ ਸਰਾਂ ਵੱਲੋਂ ਨਗਰ ਨਿਵਾਸੀ ਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਮੌਕੇ ਪਹਿਲਾਂ ਨਗਰ ਕੀਰਤਨ ਸਜਾਇਆ ਗਿਆ ਅਤੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਮਹਾਨ ਗੁਰਮਤਿ ਸਮਾਗਮ ਕਰਵਾਇਆ ਗਿਆ ਜਿਸ 'ਚ ਭਾਈ ਰਾਜਵਿੰਦਰ ਸਿੰਘ ਖਾਲਸਾ ਮਹਿਤਪੁਰ ਵਾਲੇ ਦੇ ਢਾਡੀ ਜੱਥੇ ਨੇ ਢਾਡੀ ਵਾਰਾਂ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ।

ਇਸ ਮੌਕੇ ਗੁਰੂ ਘਰ ਦੇ ਹੈੱਡ ਗ੍ਰੰਥੀ ਵੱਲੋਂ ਸਮੂਹ ਸੰਗਤਾਂ ਨੂੰ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਦੇ ਪ੍ਰਕਾਸ਼ ਦਿਹਾੜੇ ਦੀ ਵਧਾਈ ਦਿੰਦਿਆਂ ਕਿਹਾ ਕਿ ਸਮੂਹ ਸੰਗਤਾਂ ਬਾਣੀ ਅਤੇ ਬਾਣੇ ਦੇ ਧਾਰਨੀ ਬਣਨ ਅਤੇ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਦੇ ਆਦਰਸ਼ਾਂ 'ਤੇ ਚੱਲਣ ਦਾ ਪ੍ਰਣ ਕਰਨ। ਇਸ ਮੌਕੇ ਗੁਰੂ ਕੇ ਅਤੁੱਟ ਲੰਗਰ ਵਰਤਾਏ ਗਏ।

# ਸੁਰਿੰਦਰ ਜਾਜਾ ਦੀ ਅਗਵਾਈ 'ਚ ਲੱਡੂ ਵੰਡੇ

**ਟਾਂਡਾ ਉੜਮੁੜ** (**ਜਸਵਿੰਦਰ ਸੰਧੂ ਉਂਕਾਰ ਸਿੰਘ** )- ਅਯੁੱਧਿਆ ਦੀ ਪਾਵਨ ਧਰਤੀ 'ਤੇ ਸ਼੍ਰੀ ਰਾਮ ਲੱਲਾ ਪ੍ਰਾਣ ਪ੍ਰਤਿਸ਼ਠਾ ਦੀ ਖੁਸ਼ੀ ਚ ਪੂਰੇ ਦੇਸ਼ ਦੀ ਤਰ੍ਹਾਂ ਅੱਜ ਟਾਂਡਾ ਵੀ ਭਗਵਾਨ ਸ੍ਰੀ ਰਾਮ ਚੰਦਰ ਜੀ ਦੇ ਰੰਗ ਵਿੱਚ ਰੰਗਿਆ ਨਜ਼ਰ ਆਇਆ। ਜਿੱਥੇ ਬੀਤੇ ਕਈ ਦਿਨਾਂ ਤੋਂ ਸ੍ਰੀ ਰਾਮ ਭਗਤ ਮੰਦਰ ਪ੍ਰਾਣ ਪ੍ਰਤੀਸ਼ਠਾ ਦਾ ਇੰਤਜ਼ਾਰ ਬੜੀ ਹੀ ਬੇਸਬਰੀ ਨਾਲ ਕਰ ਰਹੇ ਸਨ ਉੱਥੇ ਹੀ ਟਾਂਡਾ ਦੇ ਵੱਖ ਵੱਖ ਮੰਦਰਾਂ ਨੂੰ ਸੁੰਦਰ ਤਰੀਕੇ ਨਾਲ ਸਜਾਉਣ ਦੇ ਨਾਲ-ਨਾਲ ਧਾਰਮਿਕ ਆਯੋਜਨ ਵੀ ਕੀਤੇ ਜਾ ਰਹੇ ਹਨ ਇਸੇ ਲੜੀ ਤਹਿਤ ਪੰਚਮੁਖੀ ਹਨੂਮਾਨ ਮੰਦਿਰ ਦਾਰਾਪੁਰ (ਟਾਂਡਾ) ਵਿਖੇ ਪੰਜਾਬ ਕਨਵੀਨਰ ਭਾਵਾਧਾਸ ਸੁਰਿੰਦਰ ਜਾਜਾ ਦੀ ਅਗਵਾਈ 'ਚ ਵੱਖ ਵੱਖ ਧਾਰਮਿਕ ਅਤੇ ਸਮਾਜਿਕ ਆਗੂਆਂ ਨੂੰ ਨਾਲ ਲੈ ਕੇ ਇਸ ਖੁਸ਼ੀ ਨੂੰ ਸਾਂਝੀ ਕਰਦੇ ਹੋਏ ਲੱਡੂ ਵੰਡੇ ਗਏ ਅਤੇ ਹਰ ਆਉਂਦੇ ਜਾਂਦੇ ਰਾਹੀ ਨੂੰ ਇਸ ਸ਼ੁੱਭ ਮੌਕੇ 'ਤੇ ਵਧਾਈ ਦਿੱਤੀ। ਇਸ ਮੌਕੇ ਸੰਬੋਧਨ ਕਰਦਿਆਂ ਭਾਵਾਧਾਸ ਦੇ ਸੂਬਾ ਕਨਵੀਨਰ ਸੁਰਿੰਦਰ ਜਾਜਾ ਨੇ ਕਿਹਾ ਕਿ ਅਯੁੱਧਿਆ 'ਚ ਰਾਮਾ ਲੱਲਾ ਦੀ ਪ੍ਰਾਣ ਪ੍ਰਤਿਸ਼ਠਾ ਨਾਲ ਪੂਰਾ ਹਿੰਦੁਸਤਾਨ ਰਾਮ ਮਈ ਹੋਇਆ ਹੈ ਅਤੇ ਇਹ ਸ਼ੁੱਭ ਅਫਸਰ ਸਮੁੱਚੇ ਦੇਸ਼ ਵਾਸੀਆਂ ਲਈ ਇਤਿਹਾਸਿਕ ਹੈ। ਇਸ ਮੌਕੇ ਉਹਨਾਂ ਇਤਿਹਾਸਿਕ ਦਿਨ 'ਤੇ ਸ੍ਰੀ ਰਾਮ ਭਗਤਾਂ ਨੂੰ ਮੁਬਾਰਕਬਾਦ ਦਿੱਤੀ ਅਤੇ ਮਰਿਆਦਾ ਪੁਰਸ਼ੋਤਮ ਭਗਵਾਨ ਸ੍ਰੀ ਰਾਮ ਚੰਦਰ ਜੀ ਦੀਆਂ ਸਿੱਖਿਆਵਾਂ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਪ੍ਰਿੰਸ ਜੌਲੀ, ਬੌਬੀ ਰਾਜਪੁਰ, ਜੱਸਾ ਪੰਡਿਤ, ਜਤਿੰਦਰ ਲੱਕੀ ਮਹਿਕ ਰੈਸਟੋਰੈਂਟ,ਲੱਕੀ ਸੰਗਰ, ਸੋਨੂ ਪੁਰੀ, ਸੁਧੀਰ ਬਾਵਾ, ਅਮਰਦੀਪ ਟਿੰਕੂ,ਰਾਜਨ ਮਲਹੋਤਰਾ, ਗੋਗਾ ਮਸੀਤੀ ਕਮਲਜੀਤ ਧੂੜ, ਲੰਮੀ ਆਦਿ ਹਾਜ਼ਰ ਸਨ।

# ਜਬਰ ਜ਼ਨਾਹ ਕਰਨ ਤੇ ਅਸ਼ਲੀਲ ਫੋਟੋਆਂ ਸੋਸ਼ਲ ਮੀਡੀਆ 'ਤੇ ਪਾਉਣ ਵਿਰੁੱਧ ਮਾਮਲਾ ਦਰਜ

**ਸੁਲਤਾਨਪੁਰ ਲੋਧੀ** (**ਬਲਵਿੰਦਰ ਸਿੰਘ ਧਾਲੀਵਾਲ**) ਸਥਾਨਕ ਪੁਲਸ ਨੇ ਇੱਕ ਗ੍ਰੰਥੀ ਵਿਰੁੱਧ ਲੜਕੀ ਨਾਲ ਜਬਰ ਜਨਾਹ ਕਰਨ, ਧਮਕੀਆਂ ਦੇਣ ਅਤੇ ਉਸ ਦੀਆਂ ਫੋਟੋਆਂ ਸੋਸ਼ਲ ਮੀਡੀਆ 'ਤੇ ਪਾਉਣ ਵਿਰੁੱਧ ਮਾਮਲਾ ਦਰਜ ਕੀਤਾ ਹੈ।ਥਾਣਾ ਮੁਖੀ ਸਬ ਇੰਸਪੈਕਟਰ ਲਖਵਿੰਦਰ ਸਿੰਘ ਬਿੰਦ ਨੇ ਦੱਸਿਆ ਕਿ ਪਿੰਡ ਬਾਊਪੁਰ ਕਦੀਮ ਦੀ ਔਰਤ ਨੇ ਲਿਖ਼ਤੀ ਦਰਖ਼ਾਸਤ ਵਿੱਚ ਦੋਸ਼ ਲਾਉਂਦਿਆਂ ਕਿਹਾ ਕਿ ਉਸ ਦੇ ਤਿੰਨ ਬੱਚੇ ਹਨ।ਵੱਡੀ ਲੜਕੀ ਦੀ ਉਮਰ 16 ਸਾਲ, ਛੋਟੀ ਦੀ 14 ਸਾਲ ਅਤੇ ਲੜਕੇ ਦੀ ਉਮਰ 10 ਸਾਲ ਹੈ। ਉਸਦਾ ਪਤੀ ਖੇਤੀਬਾੜੀ ਦਾ ਕੰਮ ਕਰਦਾ ਹੈ। ਉਨ੍ਹਾਂ ਦੇ ਹੀ ਪਿੰਡ ਬਾਊਪੁਰ ਕਦੀਮ ਦੇ ਇੱਕ 28 ਸਾਲਾ ਗ੍ਰੰਥੀ ਦੀ ਸਾਡੇ ਘਰ ਕਾਫ਼ੀ ਆਉਂਣੀ ਜਾਣੀ ਸੀ। ਜੁਲਾਈ ਮਹੀਨੇ ਦੌਰਾਨ ਜਦੋਂ ਸਾਡੇ ਪਿੰਡ ਹੜ ਦਾ ਪਾਣੀ ਆਇਆ ਤਾਂ ਉਸ ਤੋਂ ਬਾਅਦ ਉਕਤ ਗ੍ਰੰਥੀ ਕਹਿੰਦਾ ਕਿ ਸਰਕਾਰ ਵੱਲੋਂ ਲੜਕੀਆਂ ਨੂੰ ਸਮੇਤ ਪਰਵਾਰਾਂ ਦੇ ਪੈਸਿਆਂ ਦੀ ਸਹੂਲਤ ਦਿੱਤੀ ਜਾਣੀ ਹੈ। ਮੁਆਵਜ਼ਾ ਮਿਲਣ ਦਾ ਬਹਾਨਾ ਬਣਾ ਕੇ ਉਸਦੀਆਂ ਲੜਕੀਆਂ ਨੂੰ ਸੁਲਤਾਨਪੁਰ ਲੋਧੀ ਬੁਲਾ ਲੈਂਦਾ ਅਤੇ ਕਿਸੇ ਕਮਰੇ ਲੈ ਜਾਂਦਾ।ਉਂਥੇ ਮੁਆਵਜ਼ਾ ਮਿਲਣ ਦਾ ਬਹਾਨਾ ਬਣਾ ਕੇ ਫਾਰਮਾਂ 'ਤੇ ਦਸਤਖ਼ਤ ਕਰਵਾਉਂਦਾ। ਅਕਤੂਬਰ ਮਹੀਨੇ ਵਿੱਚ ਉਕਤ ਗ੍ਰੰਥੀ ਨੇ ਮੇਰੀ ਲੜਕੀ ਨੂੰ ਸੁਲਤਾਨਪੁਰ ਲੋਧੀ ਆਪਣੇ ਕਮਰੇ ਵਿੱਚ ਬੁਲਾਇਆ ਅਤੇ ਉਸ ਨੂੰ ਕੋਲਡ ਡਰਿੰਕ ਵਿੱਚ ਨਸ਼ੀਲੀ ਚੀਜ਼ ਪਿਲਾਉਣ ਤੋਂ ਬਾਅਦ ਉਸ ਨਾਲ ਬਲਾਤਕਾਰ ਕੀਤਾ।ਇਸ ਮੌਕੇ ਉਸ ਨੇ ਮੇਰੀ ਲੜਕੀ ਨੂੰ ਧਮਕੀ ਵੀ ਦਿੱਤੀ ਕਿ ਜੇ ਕਿਸੇ ਨੂੰ ਦੱਸਿਆ ਤਾਂ ਤੈਨੂੰ ਅਤੇ ਤੇਰੇ ਪਰਵਾਰ ਨੂੰ ਖਤਮ ਕਰ ਦਿੱਤਾ ਜਾਵੇਗਾ। ਨਵੰਬਰ ਮਹੀਨੇ ਵਿੱਚ ਮੁੜ ਲੜਕੀ ਨੂੰ ਫਾਰਮਾਂ 'ਤੇ ਦਸਤਖ਼ਤ ਕਰਵਾਉਣ ਦੇ ਬਹਾਨੇ ਸੁਲਤਾਨਪੁਰ ਲੋਧੀ ਲੈ ਗਿਆ ਤੇ ਕਮਰੇ ਵਿੱਚ ਲਿਜਾ ਕੇ ਜਬਰ ਜਨਾਹ ਕੀਤਾ। ਜਨਵਰੀ ਮਹੀਨੇ ਵਿੱਚ ਜਦੋਂ ਫਿਰ ਦੂਜੀ ਲੜਕੀ ਨੂੰ ਸੁਲਤਾਨਪੁਰ ਲੋਧੀ ਵਿਖੇ ਕਮਰੇ ਵਿੱਚ ਬੁਲਾ ਕੇ ਜਬਰਦਸਤੀ ਕਰਨ ਦੀ ਕੋਸ਼ਿਸ਼ ਕੀਤੀ ਤਾਂ ਮੇਰੀ ਲੜਕੀ ਉਕਤ ਗ੍ਰੰਥੀ ਨੂੰ ਧੱਕਾ ਮਾਰ ਕੇ ਦਰਵਾਜ਼ੇ ਦੀ ਕੁੰਡੀ ਖੋਲ੍ਹ ਕੇ ਉੱਥੋਂ ਭੱਜ ਕੇ ਆਈ।ਉਕਤ ਗ੍ਰੰਥੀ ਨੇ ਉਸਦੀਆਂ ਲੜਕੀਆਂ ਦੀਆਂ ਅਸ਼ਲੀਲ ਫੋਟੋਆਂ ਵੀ ਸੋਸ਼ਲ ਮੀਡੀਆ 'ਤੇ ਪਾ ਦਿੱਤੀਆਂ ਹਨ। ਥਾਣਾ ਮੁਖੀ ਨੇ ਦੱਸਿਆ ਕਿ ਜਾਂਚ ਕਰਨ ਤੋਂ ਬਾਅਦ ਉਕਤ ਗ੍ਰੰਥੀ ਵਿਰੁੱਧ ਆਈ.ਪੀ.ਸੀ ਦੀ ਧਾਰਾ 376,354,506 ਅਤੇ ਪੋਕਸੋ ਐਕਟ ਮਾਮਲਾ ਦਰਜ ਕਰ ਲਿਆ ਗਿਆ ਹੈ ਤੇ ਉਸ ਦੀ ਭਾਲ਼ ਕੀਤੀ ਜਾ ਰਹੀ ਹੈ।

# ਅਮਰ ਕੌਰ, ਚਰਨ ਕੌਰ ਵੈੱਲਫੇਅਰ ਸੁਸਾਇਟੀ ਨੇ ਲੋੜਵੰਦਾਂ ਵਿਦਿਆਰਥੀਆਂ ਨੂੰ ਵਰਦੀਆਂ ਵੰਡੀਆਂ

**ਮੇਹਟੀਆਣਾ** (**ਜਗਤਾਰ ਸਿੰਘ ਭੁੰਗਰਨੀ**) ਪਿੰਡ ਭੁੰਗਰਨੀ ਕਾਰਗਿਲ ਸ਼ਹੀਦ ਗਿਆਨ ਸਿੰਘ 

23-JAN-PAGE-9.qxd 1/22/2024 10:34 PM Page 1



# ਪ੍ਰਾਣ ਪ੍ਰਤਿਸ਼ਠਾ ਨੂੰ ਸਮਰਪਿਤ ਸ਼ੋਭਾ ਯਾਤਰਾ ਕੱਢੀ

**ਭਲਾਣ (ਹਰਭਜਨ ਢਿੱਲੋਂ)** ਚੌਧਰੀ ਸਨਾਤਨ ਧਰਮ ਸਭਾ ਨੰਗਲ ਵਲੋਂ ਭਗਵਾਨ ਸ੍ਰੀ ਰਾਮ ਜੀ ਦੇ ਅਯੁੱਧਿਆ ਸ੍ਰੀ ਰਾਮ ਮੰਦਰ 'ਚ ਆਗਮਨ ਨੂੰ ਸਮਰਪਿਤ ਸ਼ੋਭਾ ਯਾਤਰਾ ਕੱਢੀ ਗਈ। ਇਸ ਮੌਕੇ ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਜੈਵੀਰ ਸਿੰਘ ਲਾਲਪੁਰਾ ਤੇ ਉਨ੍ਹਾਂ ਦੀ ਸਮੁੱਚੀ ਟੀਮ ਨੇ ਹਾਜ਼ਰੀ ਭਰੀ। ਇਸ ਮੌਕੇ ਉਨ੍ਹਾਂ ਪੈਦਲ ਚੱਲਦੇ ਹੋਏ ਭਗਵਾਨ ਸ੍ਰੀ ਰਾਮ ਅਕਾਸ਼ ਗੂੰਜਾਊ ਜੈਕਾਰੇ ਲਗਾਏ। ਸ਼ੋਭਾ ਯਾਤਰਾ ਦੌਰਾਨ ਵੱਖ-ਵੱਖ ਸਮਾਜਿਕ ਸ਼ਖਸ਼ੀਅਤਾਂ ਵਲੋਂ ਲਾਲਪੁਰਾ ਨੂੰ ਸਨਮਾਨਿਤ ਕੀਤਾ ਗਿਆ। ਲਾਲਪੁਰਾ ਨੇ ਕਿਹਾ ਕਿ ਬਹੁਤ ਹੀ ਕਿਸਮਤ ਨਾਲ ਸਾਨੂੰ ਇਹ ਘੜੀ ਨਸੀਬ ਹੋਈ ਹੈ ਜਦੋਂ ਪ੍ਰਭੂ ਸ੍ਰੀ ਰਾਮ 500 ਸਾਲਾਂ ਦੇ ਬਨਵਾਸ ਤੋਂ ਬਾਅਦ ਆਪਣੀ ਜਨਮ ਭੂਮੀ ਅਯੁੱਧਿਆ ਵਿਖੇ ਭਵਿਆ ਮੰਦਰ ਵਿਚ ਬਿਰਾਜਮਾਨ ਹੋਣ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਦਿਨ ਸਮੁੱਚੀ ਕਾਇਨਾਤ ਲਈ ਹੀ ਖੁਸ਼ੀਆਂ ਭਰਿਆ ਹੈ ਤੇ ਇਸ ਖੁਸ਼ੀ ਦੀ ਵਿਆਖਿਆ ਸ਼ਬਦਾਂ ਵਿਚ ਸੰਭਵ ਹੀ ਨਹੀਂ। ਇਸ ਮੌਕੇ ਨੰਗਲ ਦੇ ਸੀਨੀਅਰ ਭਾਜਪਾ ਆਗੂ ਰਾਜੇਸ਼ ਚੌਧਰੀ ਨੇ ਸਭ ਨੂੰ ਪ੍ਰਾਣ ਪ੍ਰਤਿਸ਼ਠਾ ਵਾਲੇ ਦਿਨ ਦੀਆਂ ਵਧਾਈਆਂ ਦਿੱਤੀਆਂ। ਇਸ ਮੌਕੇ ਉਨ੍ਹਾਂ ਨਾਲ ਐਡਵੋਕੇਟ ਨਿਪੁੰਨ ਸੋਨੀ, ਰਾਜੇਸ਼ ਚੌਧਰੀ, ਸੁਸ਼ੀਲ ਚੋਪੜਾ, ਦੀਕਸ਼ਤ ਸੋਨੀ, ਪੰਕਜ ਬੱਤਰਾ, ਗੁਲਾਟੀ, ਅਸੀਸ਼ ਕੈਂਥ, ਅਨਮੋਲ ਗੁਲ੍ਹਾਟੀ, ਸੀਆਰਾਮ ਕਟਾਰੀਆ, ਵਿਜੈ ਚੋਪੜਾ, ਯੋਗੇਸ਼ ਸਾਹਨੀ, ਸੰਜੇ ਕਪਿਲਾ ਆਦਿ ਮੌਜੂਦ ਸਨ।

# ਫਾਈਨਲ ਵੋਟਰ ਸੂਚੀਆਂ ਦੀ ਅੰਤਮ ਪ੍ਰਕਾਸ਼ਨਾ ਜਾਰੀ

**ਐੱਸ.ਏ.ਐੱਸ. ਨਗਰ, ( ਗੁਰਜੀਤ ਬਿੱਲਾ)-** ਵੋਟਰ ਸੂਚੀਆਂ ਦੀ ਸੁਧਾਈ ਉਪਰੰਤ ਫਾਈਨਲ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ ਮੌਕੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ-ਕਮ-ਉਪ ਮੰਡਲ ਮੈਜਿਸਟਰੇਟ ਚੰਦਰ ਜੋਤੀ ਸਿੰਘ ਨੇ ਦੱਸਿਆ ਕਿ ਯੋਗਤਾ ਮਿਤੀ 01-01-2024 ਦੇ ਆਧਾਰ 'ਤੇ ਵੋਟਰ ਸੂਚੀਆਂ ਦੀ ਸੁਧਾਈ ਦੌਰਾਨ ਲੋਕਾਂ ਵੱਲੋਂ ਜਿਹੜੇ ਦਾਅਵੇ ਅਤੇ ਇਤਰਾਜ਼ ਮਿਤੀ 31-12-23 ਤੱਕ ਪੇਸ਼ ਕੀਤੇ ਗਏ ਸਨ, ਉਹਨਾਂ ਦੇ ਨਿਪਟਾਰੇ ਉਪਰੰਤ ਵੋਟਾਂ ਬਣਾ ਦਿੱਤੀਆਂ ਗਈਆਂ ਹਨ।ਫਾਈਨਲ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ ਕੀਤੀ ਗਈ ਹੈ, ਜਿਹੜੀ ਕਿ ਸਬੰਧਤ ਬੀ.ਐੱਲ.ਓ, ਚੋਣਕਾਰ ਰਜਿਸਟਰੇਸ਼ਨ ਅਫਸਰ ਅਤੇ ਜ਼ਿਲ੍ਹਾ ਚੋਣ ਦਫਤਰ, ਵਿੱਚ ਵੋਟਰਾਂ ਦੇ ਦੇਖਣ ਲਈ ਉਪਲਬਧ ਹੈ।ਵੋਟੋ ਵੋਟਰ ਸੂਚੀਆਂ ਦੀ 1-1 ਕਾਪੀ ਅਤੇ ਬਿਨਾਂ ਫੋਟੋ ਤੋਂ ਇੱਕ-ਇੱਕ ਸੀ.ਡੀ ਜ਼ਿਲ੍ਹੇ ਦੀ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਸਪਲਾਈ ਕੀਤੀ ਗਈ ਹੈ।ਜੇਕਰ ਅਜੇ ਵੀ ਕਿਸੇ ਵਿਅਕਤੀ ਦੀ ਵੋਟ ਬਣਨ ਤੋਂ ਰਹਿੰਦੀ ਹੈ ਤਾਂ ਉਹ ਲਗਾਤਾਰ ਸੁਧਾਈ ਦੌਰਾਨ ਦਾਅਵੇ ਤੇ ਇਤਰਾਜ਼ ਸਬੰਧਤ ਬੀ.ਐੱਲ.ਓ ਜਾਂ ਚੋਣਕਾਰ ਰਜਿਸ਼ਟਰੇਸ਼ਨ ਅਫਸਰ ਦੇ ਦਫਤਰ ਵਿੱਚ ਪੇਸ਼ ਕਰ ਸਕਦਾ ਹੈ।ਮੀਟਿੰਗ ਵਿੱਚ ਜਸਪਾਲ ਕੁਮਾਰ, ਆਮ ਆਦਮੀ ਪਾਰਟੀ, ਸੁਖਦੇਵ ਸਿੰਘ, ਬਹੁਜਨ ਸਮਾਜ ਪਾਰਟੀ, ਮਨਜੀਤ ਸਿੰਘ, ਤ੍ਰਿਣਮੂਲ ਕਾਂਗਰਸ ਪਾਰਟੀ, ਜੌਨ ਵਰਮਾ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਅਤੇ ਸੁਖਵਿੰਦਰ ਸਿੰਘ ਸ਼੍ਰੋਮਣੀ ਅਕਾਲੀ ਦਲ ਤੋਂ ਹਾਜ਼ਰ ਸਨ।

# ਡੀ ਸੀ ਪੀ ਬਿਊਰੋ ਵੱਲੋਂ ਅਪਾਹਜ ਨੂੰ ਵੀਲ੍ਹ ਚੇਅਰ ਤੇ ਰਾਸ਼ਨ ਭੇਟ

**ਆਦਮਪੁਰ (ਪਰਮਜੀਤ ਸਿੰਘ ):**-ਸਮਾਜ ਸੇਵਾ ਦੇ ਕੰਮ 'ਚ 24 ਘੰਟੇ ਲੋਕਾਂ ਦੀ ਸੇਵਾ 'ਚ ਹਾਜਰ ਰਹਿਣ ਵਾਲੀ ਸੰਸਥਾ ਡੀਸੀਪੀ ਬਿਊਰੋ ਵੱਲੋਂ ਰਾਸ਼ਟਰੀ ਪ੍ਰਧਾਨ ਇਕਬਾਲ ਮਹੇ ਆਦਮਪੁਰ ਦੀ ਅਗਵਾਈ 'ਚ ਸਮਾਜ ਸੇਵਾ ਦੇ ਕੰਮਾਂ ਨੂੰ ਜਾਰੀ ਰੱਖਦੇ ਹੋਏ ਇੱਕ ਜ਼ਰੂਰਤਮੰਦ ਪਰਵਾਰ ਦੇ ਅਪਾਹਿਜ ਵਿਅਕਤੀ ਨੂੰ ਵੀਲ੍ਹ ਚੇਅਰ ਤੇ ਰਾਸ਼ਨ ਦਾ ਸਮਾਨ ਦਿੱਤਾ ਗਿਆ। ਇਕਬਾਲ ਮਹੇ, ਪੰਜਾਬ ਪ੍ਰਧਾਨ ਸਤੀਸ਼ ਕੁਮਾਰ, ਧਰਮਵੀਰ ਸਿੰਘ ਉਪ ਪ੍ਰਧਾਨ ਪੰਜਾਬ ਨੇ ਦੱਸਿਆ ਕੇ ਜਰੂਰਤ ਮੰਦ ਲੋਕਾਂ ਦੀ ਭਲਾਈ ਲਈ ਵੱਧ ਤੋਂ ਵੱਧ ਕੰਮ ਕਰਨਾ ਡੀਸੀਪੀ ਬਿਊਰੋ ਦਾ ਮੁੱਖ ਮਕਸਦ ਹੈ। ਇਸੇ ਦੇ ਤਹਿਤ ਉਨ੍ਹਾਂ ਵਲੋਂ ਜ਼ਿਲ੍ਹਾ ਜਲੰਧਰ ਦੇ ਪਿੰਡ ਭੂੰਦੀਆਂ (ਭੋਗਪੁਰ )ਦੇ ਇੱਕ ਜ਼ਰੂਰਤਮੰਦ ਪਰਵਾਰ ਦੇ ਅਪਾਹਿਜ ਵਿਅਕਤੀ ਅਵਤਾਰ ਸਿੰਘ ਨੂੰ ਵੀਲ੍ਹ ਚੇਅਰ ਤੇ ਰਾਸ਼ਨ ਦਾ ਸਮਾਨ ਦਿੱਤਾ ਗਿਆ । ਉਨ੍ਹਾਂ ਦੱਸਿਆ ਕੇ ਸੰਸਥਾ ਵੱਲੋਂ ਹੋਰ ਵੀ ਸਮਾਜ ਭਲਾਈ ਦੇ ਕੰਮ ਕੀਤੇ ਜਾ ਰਹੇ ਹਨ, ਜਿਸ ਵਿੱਚ ਹੁਣ ਤੱਕ ਉਹ ਅੱਖਾਂ ਦੇ ਮੁਫ਼ਤ ਅਪ੍ਰੇਸ਼ਨ ਕੈਂਪ ਵੀ ਲਗਾ ਚੁੱਕੇ ਹਨ ਤੇ ਗਰੀਬ ਪਰਵਾਰਾਂ ਦੀਆਂ ਲੜਕੀਆਂ ਦੇ ਵਿਆਹ 'ਚ ਮਦਦ , ਖ਼ੂਨਦਾਨ ਕੈਂਪ, ਰੁੱਖ ਲਗਾਓ ਰੁੱਖ ਬਚਾਉ ਤੇ ਹੋਰ ਸਮਾਜ ਭਲਾਈ ਦੇ ਕੰਮ ਸ਼ਾਮਿਲ ਹਨ। ਉਪਰੰਤ ਅਵਤਾਰ ਸਿੰਘ ਨੇ ਡੀਸੀਪੀ ਬਿਊਰੋ ਦੇ ਸਮੂਹ ਮੈਂਬਰਾਂ ਦਾ ਉਨ੍ਹਾਂ ਦੀ ਮਦਦ ਕਰਨ ਤੇ ਧੰਨਵਾਦ ਕਰਦਿਆਂ ਕਿਹਾ ਕੇ ਮੇਰੇ ਲਈ ਤਾਂ ਇਹ ਰੱਬ ਦਾ ਰੂਪ ਬਣ ਕੇ ਆਏ ਹਨ ਜਿਨ੍ਹਾਂ ਨੇ ਮੈਨੂੰ ਵੀਲ੍ਹ ਚੇਅਰ ਤੇ ਰਾਸ਼ਨ ਦਾ ਸਮਾਨ ਦਿੱਤਾ, ਜਿਸ ਨਾਲ ਹੁਣ ਮੈਂ ਵੀ ਆਮ ਲੋਕਾਂ ਵਾਂਗ ਆਪਣੇ ਕੰਮ ਕਰ ਸਕਾਂਗਾ।

# ਬੱਚਿਆਂ ਨੂੰ ਪ੍ਰਾਣ ਪ੍ਰਤਿਸ਼ਠਾ ਦਾ ਸਿੱਧਾ ਪ੍ਰੋਗਰਾਮ ਦਿਖਾਇਆ

**ਕਪੂਰਥਲਾ ( ਹਨੀ )**-ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਬੱਚਿਆਂ ਨੂੰ ਅਯੋਧਿਆ ਤੋਂ ਚੱਲ ਰਿਹਾ ਪ੍ਰਾਣ ਪ੍ਰਤਿਸ਼ਠਾ ਪ੍ਰੋਗਰਾਮ ਦਾ ਸਿੱਧਾ ਪ੍ਰਸਾਰਨ ਦਿਖਾਇਆ ਗਿਆ, ਜਿਸਦੇ ਉਦਘਾਟਨ ਦਾ ਸ਼ੁਭ ਮਹੂਰਤ 84 ਸੈਕਿੰਡ ਦਾ ਸੀ ਅਤੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਇਸ ਦਾ ਉਦਘਾਟਨ ਕੀਤਾ ਅਤੇ ਇਸ ਤੋਂ ਬਾਅਦ ਪ੍ਰਧਾਨ ਮੰਤਰੀ ਨੇ 7 ਹਜ਼ਾਰ ਤੋਂ ਵੱਧ ਦੇ ਇਕੱਠ ਨੂੰ ਸੰਬੋਧਿਤ ਕੀਤਾ । ਇਹ ਧਾਰਮਿਕ ਪ੍ਰੋਗਰਾਮ ਸੀਨੀਅਰ ਵਿੰਗ ਤੋਂ ਕੇ.ਜੀ ਵਿੰਗ ਤੱਕ ਦੇ ਬੱਚਿਆਂ ਨੂੰ ਦਿਖਾਇਆ ਗਿਆ ਅਤੇ ਉਨਾਂ ਨੂੰ ਅਯੋਧਿਆ ਅਤੇ ਸ੍ਰੀ ਰਾਮ ਚੰਦਰ ਜੀ ਬਾਰੇ ਜਾਣਕਾਰੀ ਵੀ ਦਿੱਤੀ ਗਈ । ਇਸ ਮੌਕੇ ਸਕੂਲ ਦੇ ਡਾਇਰੈਕਟਰ ਹਰਨਿਆਮਤ ਕੌਰ ਅਤੇ ਪ੍ਰਸ਼ਾਸਕ ਨਿਮਰਤਾ ਕੌਰ ਨੇ ਸਪੈਸ਼ਲ ਤੌਰ 'ਤੇ ਬੱਚਿਆਂ ਨਾਲ ਬੈਠ ਕੇ ਸਿੱਧਾ ਪ੍ਰੋਗਰਾਮ ਦੇਖਿਆ ।

# ਛੱਠ ਪੂਜਾ ਸੰਮਤੀ ਨੇ ਲਗਾਇਆ ਛੋਲੇ-ਪੂੜੀਆਂ ਦਾ ਲੰਗਰ

**ਗੁਰਾਇਆ (ਬਿੰਦਰ ਸੁਮਨ)**-ਸ੍ਰੀ ਰਾਮ ਲਲਾ ਦੀ ਪ੍ਰਾਣ ਪ੍ਰਤਿਸ਼ਠਾ ਦੇ ਸਬੰਧ ਵਿੱਚ ਜਿਥੇ ਗੁਰਾਇਆ ਦੀਆਂ ਵੱਖ-ਵੱਖ ਧਾਰਮਿਕ ਜਥੇਬੰਦੀਆਂ ਵਲੋਂ ਰਾਮ ਭਗਤਾਂ ਲਈ ਵੱਖ-ਵੱਖ ਤਰ੍ਹਾਂ ਦੇ ਲੰਗਰ ਲਗਾਏ ਗਏ ਉਥੇ ਹੀ ਸ੍ਰੀ ਛਠ ਪੂਜਾ ਸੰਮਤੀ ਰਜਿ ਗੁਰਾਇਆ ਵਲੋਂ ਮੇਨ ਚੌਕ ਵਿੱਚ ਛੋਲੇ ਪੂੜੀਆਂ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਸੰਮਤੀ ਦੇ ਮੈਬਰਾਂ ਨੇ ਰਾਮ ਭਗਤਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ 500 ਸਾਲ ਦੇ ਸੰਘਰਸ਼ ਅਤੇ ਬਹੁਤ ਸਾਰੀਆਂ ਕੁਰਬਾਨੀਆਂ ਤੋ ਬਾਅਦ ਅਯੁੱਧਿਆ ਵਿਖੇ ਰਾਮ ਮੰਦਰ ਦਾ ਉਦਘਾਟਨ ਅਤੇ ਸ੍ਰੀ ਰਾਮ ਲੱਲਾ ਦੀ ਮੂਰਤੀ ਦੀ ਪ੍ਰਾਣ ਪ੍ਰਤਿਸ਼ਠਾ ਕੀਤੀ ਗਈ। ਇਸ ਮੌਕੇ ਪ੍ਰਧਾਨ ਧਰਮਿੰਦਰ, ਸੰਜੀਵ ਕੁਮਾਰ, ਰਾਮ ਅਯੁੱਧਿਆ, ਸਕਿੰਦਰ ਰਾਉਤ, ਸੰਜੇ ਕੁਮਾਰ, ਅਰੁਣ ਚੌਹਾਨ,ਅਜੈ ਕੁਮਾਰ, ਰਾਜੇਸ਼ ਕੁਮਾਰ, ਵਰਿੰਦਰ ਕੁਮਾਰ, ਮਨੋਜ ਕੁਮਾਰ, ਅਨਿਲ ਕੁਮਾਰ, ਚੰਦਨ ਕੁਮਾਰ, ਰਾਮ ਲਾਲ, ਅਸ਼ੋਕ ਕੁਮਾਰ, ਸੁਰੇਸ਼ ਸਿੰਘ, ਮਨੋਹਰ ਕੁਮਾਰ, ਕੰਚਨ ਕੁਮਾਰ ਤੋਂ ਇਲਾਵਾ ਸੰਸਥਾ ਦੇ ਮੈਂਬਰ ਹਾਜ਼ਰ ਸਨ।

# ਸਰਕਾਰੀ ਸਕੂਲ ਸਰਹਾਲ ਕਾਜ਼ੀਆਂ ਵਿਖੇ ਵਰਦੀਆਂ ਤਕਸੀਮ

**ਬਹਿਰਾਮ (ਅਵਤਾਰ ਕਲੇਰ)** ਸਰਕਾਰੀ ਪ੍ਰਾਇਮਰੀ ਸਕੂਲ ਸਰਹਾਲ ਕਾਜ਼ੀਆਂ ਵਿਖੇ ਵਰਦੀਆਂ ਵੰਡੀਆਂ ਗਈਆਂ। ਸੁਰਜੀਤ ਸੈਂਪਲੇ ਨੇ ਦੱਸਿਆ ਪਿਛਲੇ ਕਈ ਸਾਲਾਂ ਤੋਂ ਬਲਵੀਰ ਸਿੰਘ ਯੂ ਐਸ ਏ ਵਲੋਂ ਹਰ ਸਰਦੀਆਂ ਦੇ ਵਿੱਚ ਸਰਕਾਰੀ ਸਕੂਲ ਦੇ ਸਾਰੇ ਬੱਚਿਆਂ ਨੂੰ ਵਰਦੀਆਂ ਦੀ ਵੰਡੀਆਂ ਜਾਂਦੀਆਂ ਹਨ । ਇਸ ਵਾਰ ਵੀ ਉਹਨਾਂ ਵੱਲੋਂ ਸਕੂਲ ਤੇ ਆਂਗਨਵਾੜੀ ਦੇ ਸਾਰੇ ਬੱਚਿਆਂ ਦੇ ਲਈ ਕੋਟੀ, ਟੋਪੀ, ਬੂਟ ਤੇ ਜਰਾਬਾਂ ਵੰਡੀਆਂ ਗਈਆਂ । ਇਸ ਮੌਕੇ ਸਕੂਲ ਦੇ ਹੈਡ ਟੀਚਰ ਰਜਿੰਦਰ ਕੁਮਾਰ ਨੇ ਬਲਵੀਰ ਸਿੰਘ ਯੂਐਸਏ ਦਾ ਧੰਨਵਾਦ ਕੀਤਾ ਅਤੇ ਆਸ ਪ੍ਰਗਟਾਈ ਕਿ ਇਹ ਐਨ ਆਰ ਆਈ ਪਰਵਾਰ ਅੱਗੇ ਤੋਂ ਵੀ ਇਸੇ ਤਰ੍ਹਾਂ ਬੱਚਿਆਂ ਦੀ ਮੱਦਦ ਕਰਦਾ ਰਹੇਗਾ। ਇਸ ਮੌਕੇ ਸੁਰਿੰਦਰ ਕੁਮਾਰ ਚੱਢਾ ਚੇਅਰਮੈਨ, ਸ਼ਾਦੀ ਲਾਲ ਜਨਰਲ ਸਕੱਤਰ, ਨਰੇਸ਼ ਕੁਮਾਰ ਖਜਾਨਚੀ, ਮਨੋਹਰ ਲਾਲ, ਸੁਰਜੀਤ ਸਿੰਘ ਮਹੇ ਪਹਿਲਵਾਨ, ਅਜੇ ਕੁਮਾਰ ਅਤੇ ਸਕੂਲ ਦੇ ਬੱਚੇ ਹਾਜ਼ਰ ਸਨ।

# ਗੁਰਦੁਆਰਾ ਖਾਲਸਾ ਸਾਹਿਬ ਉੜਮੁੜ ਵਿਖੇ ਮਾਘ ਮਹੀਨੇ ਦੇ ਧਾਰਮਕ ਸਮਾਗਮ ਜਾਰੀ

**ਟਾਂਡਾ ਉੜਮੁੜ, (ਜਸਵਿੰਦਰ ਸੰਧੂ ਉਂਕਾਰ ਸਿੰਘ )**-ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਪਾਰ ਕਿਰਪਾ ਸਦਕਾ ਗੁਰਦੁਆਰਾ ਖਾਲਸਾ ਸਾਹਿਬ ਉੜਮੁੜ ਟਾਂਡਾ ਵਿਖੇ ਮਾਘ ਮਹੀਨੇ ਦੇ ਸਬੰਧ ਵਿੱਚ ਲਗਾਤਾਰ ਇੱਕ ਮਹੀਨਾ ਚੱਲਣ ਵਾਲੇ ਧਾਰਮਿਕ ਸਮਾਗਮ ਲਗਾਤਾਰ ਜਾਰੀ ਹਨ। ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨਗਰ ਦੀਆਂ ਸਮੂਹ ਸੰਗਤਾਂ ਤੇ ਸੇਵਾਦਾਰਾਂ ਦੇ ਸਹਿਯੋਗ ਨਾਲ ਤੇ 14 ਜਨਵਰੀ ਤੋਂ ਆਰੰਭ ਹੋਏ ਇਸ ਸਮਾਗਮ ਵਿੱਚ ਰੋਜਾਨਾ ਹੀ ਅੰਮ੍ਰਿਤ ਵੇਲੇ ਸੰਗਤ ਵੱਲੋਂ ਧਾਰਮਿਕ ਦੀਵਾਨ ਸਜਾਏ ਜਾਂਦੇ ਹਨ ਜਿਸ ਵਿੱਚ ਨਿਤਨੇਮ ਦੀਆਂ ਬਾਣੀਆਂ ਤੋਂ ਇਲਾਵਾ ਸ੍ਰੀ ਆਸਾ ਦੀ ਵਾਰ ਦੇ ਕੀਰਤਨ ਕਰਕੇ ਵਾਹਿਗੁਰੂ ਪਰਮਾਤਮਾ ਜੀ ਦੀ ਮਹਿਮਾ ਦਾ ਗੁਣਗਾਣ ਕੀਤਾ ਜਾ ਰਿਹਾ ਹੈ।ਇਸ ਮੌਕੇ ਪ੍ਰਬੰਧਕ ਸੇਵਾਦਾਰ ਭਾਈ ਹਰਜੀਤ ਸਿੰਘ ਬਿੰਬ ਅਤੇ ਭਾਈ ਤਜਿੰਦਰ ਸਿੰਘ ਨੇ ਦੱਸਿਆ ਕਿ ਅੰਮ੍ਰਿਤ ਵੇਲੇ ਸਵੇਰੇ 5:30 ਵਜੇ ਤੋਂ ਲੈ ਕੇ ਕਰੀਬ 7 ਵਜੇ ਤੱਕ ਸਜਾਏ ਜਾ ਰਹੇ ਸਮਾਗਮ ਫਰਵਰੀ ਸੰਗਰਾਦ ਦੇ ਦਿਨ 13 ਫਰਵਰੀ ਤੱਕ ਜਾਰੀ ਰਹਿਣਗੇ ਅਤੇ ਉਸ ਦਿਨ ਕਰਵਾਏ ਜਾਣ ਵਾਲੇ ਵਿਸ਼ੇਸ਼ ਸਮਾਗਮ ਉਪਰੰਤ ਮਾਘ ਮਹੀਨੇ ਦੇ ਸਮਾਗਮ ਦੀ ਸੰਪੂਰਨਤਾਈ ਦੇ ਭੋਗ ਪਾਏ ਜਾਣਗੇ। ਇਸ ਮੌਕੇ ਉਨਾਂ ਇਸ ਸਮਾਗਮ ਵਿੱਚ ਸਹਿਯੋਗ ਕਰਨ ਸਮੂਹ ਸੰਗਤਾਂ ਦਾ ਧੰਨਵਾਦ ਵੀ ਕੀਤਾ। ਇਸ ਮੌਕੇ ਹਰਜੀਤ ਸਿੰਘ, ਤਜਿੰਦਰ ਸਿੰਘ,ਰਮਨੀਕ ਸਿੰਘ, ਪ੍ਰੇਮ ਸਿੰਘ, ਰੈਵ ਬਿੰਬ, ਇੰਦਰਜੀਤ ਸਿੰਘ, ਕੁਲਵੰਤ ਸਿੰਘ,ਮਾਸਟਰ ਬਲਜਿੰਦਰ ਸਿੰਘ,ਅਵਤਾਰ ਸਿੰਘ ਦਲਬੀਰ ਸਿੰਘ, ਰਮਨਦੀਪ ਸਿੰਘ, ਮਨਵਿੰਦਰ ਸਿੰਘ,ਕਰਨਜੋਤ ਸਿੰਘ, ਜਿੰਮੀ ਸਿੰਘ, ਹਰਮਨ,ਗੁਰਸਾਹਿਬ ਸਿੰਘ,ਓਂਕਾਰ ਸਿੰਘ ,ਸ਼ੁਖਮਨ ਸਿੰਘ, ਮਨਜੀਤ ਕੌਰ, ਅਮਰਜੀਤ ਕੌਰ, ਹਰਪ੍ਰੀਤ ਕੌਰ, ਸੰਤੋਸ਼ ਕੌਰ, ਸੁਰਜੀਤ ਕੌਰ,ਨਿੱਕੀ ਕੌਰ, ਸਿਮਰਜੀਤ ਕੌਰ, ਕੁਲਜੀਤ ਰਾਇ, ਪਰਮਜੀਤ ਕੌਰ, ਜਸਬੀਰ ਕੌਰ, ਬਿੰਦਰ ਕੌਰ ਆਦਿ ਤੋਂ ਇਲਾਵਾ ਹੋਰ ਸੰਗਤਾਂ ਵੀ ਮੌਜੂਦ ਸਨ।

# ਨਿਮੋਨੀਆ ਦਾ ਸਮੇਂ 'ਤੇ ਇਲਾਜ ਕਰਕੇ ਬਾਲ ਮੌਤ ਦਰ ਨੂੰ ਘਟਾਇਆ ਜਾ ਸਕਦੈ : ਡਾ. ਵਿਧਾਨ ਚੰਦਰ

**ਨੂਰਪੁਰ ਬੇਦੀ (ਸੁਰਜੀਤ ਸਿੰਘ ਕਾਹਲੋਂ)**- ਸਿਵਲ ਸਰਜਨ ਰੂਪਨਗਰ ਡਾ.ਮੰਜੂ ਵਿੱਜ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸੀ. ਐਚ.ਸੀ. ਨੂਰਪੁਰ ਬੇਦੀ ਵਿਖੇ "ਸੋਸ਼ਲ ਅਵੇਅਰਨੈੱਸ ਐਂਡ ਐਕਸ਼ਨ ਟੂ ਨਿਊਟਰੇਲਾਈਜ਼ ਨਿਮੋਨੀਆ ਸਕਸੈਸਫੁੱਲੀ" ਵਿਸ਼ੇ ਉੱਤੇ ਬਲਾਕ ਪੱਧਰੀ ਇਕ ਰੋਜ਼ਾ ਟ੍ਰੇਨਿੰਗ ਕਰਵਾਈ ਗਈ, ਜਿਸ ਵਿੱਚ ਬਲਾਕ ਦੀਆਂ ਵੱਖ-ਵੱਖ ਸਿਹਤ ਸੰਸਥਾਵਾਂ ਤੋਂ ਕਮਿਊਨਿਟੀ ਹੈਲਥ ਅਫਸਰ ਤੇ ਆਸ਼ਾ ਵਰਕਰਾਂ ਨੇ ਭਾਗ ਲਿਆ। ਇਸ ਮੌਕੇ ਡਾ. ਵਿਧਾਨ ਚੰਦਰ ਨੇ ਟ੍ਰੇਨਿੰਗ ਵਿਚ ਹਾਜ਼ਰ ਉਮੀਦਵਾਰਾਂ ਨੂੰ ਸੰਬੋਧਨ ਕਰਦੇ ਹੋਏ ਦੱਸਿਆ ਕਿ "ਸੋਸ਼ਲ ਅਵੇਅਰਨੈੱਸ ਐਂਡ ਐਕਸ਼ਨ ਟੂ ਨਿਊਟਰੇਲਾਈਜ਼ ਨਿਮੋਨੀਆ ਸਕਸੈਸਫੁੱਲੀ" ਟ੍ਰੇਨਿੰਗ ਬੱਚਿਆਂ ਨੂੰ ਨਿਮੋਨੀਆ ਤੋਂ ਬਚਾਏਗੀ। ਇਸ ਪ੍ਰੋਗਰਾਮ ਨੂੰ ਅਪਣਾ ਕੇ ਪੰਜ ਸਾਲ ਤੱਕ ਦੇ ਬੱਚਿਆਂ ਦੀ ਮੌਤ ਦਰ ਵਿਚ ਕਮੀ ਲਿਆਈ ਜਾ ਸਕਦੀ ਹੈ। ਉਨ੍ਹਾਂ ਦੱਸਿਆ ਕਿ ਦੇਸ਼ ਵਿਚ ਪੰਜ ਸਾਲ ਤੋਂ ਘੱਟ ਉਮਰ ਦੇ 15 ਫੀਸਦੀ ਬੱਚਿਆਂ ਦੀ ਮੌਤ ਨਿਮੋਨੀਆ ਦੀ ਵਜ੍ਹਾ ਨਾਲ ਹੁੰਦੀ ਹੈ। ਨਿਮੋਨੀਆ ਦੀ ਸਮੇਂ ਸਿਰ ਪਛਾਣ ਤੇ ਇਲਾਜ ਕਰਕੇ ਬੱਚਿਆਂ ਦੀ ਮੌਤ ਨੂੰ ਰੋਕਿਆ ਜਾ ਸਕਦਾ ਹੈ। ਇਸ ਲਈ "ਸੋਸ਼ਲ ਅਵੇਅਰਨੈੱਸ ਐਂਡ ਐਕਸ਼ਨ ਟੂ ਨਿਊਟਰੇਲਾਈਜ਼ ਨਿਮੋਨੀਆ ਸਕਸੈਸਫੁੱਲੀ" ਟ੍ਰੇਨਿੰਗ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਦੱਸਿਆ ਕਿ ਬੱਚਿਆਂ ਨੂੰ ਮਾਂ ਦਾ ਦੁੱਧ ਪਿਲਾਉਣ ਅਤੇ ਸੰਪੂਰਨ ਪੌਸ਼ਟਿਕ ਆਹਾਰ ਦੇਣ ਤੋਂ ਇਲਾਵਾ ਵਿਟਾਮਿਨ ਏ ਦਾ ਘੋਲ਼ ਦੇਣ ਦੇ ਨਾਲ-ਨਾਲ ਟੀਕ

23-JAN-PAGE-10.qxd 1/22/2024 10:26 PM Page 1



# ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਨੂੰ ਲੈ ਕੇ ਰੋਸ ਪ੍ਰਦਰਸ਼ਨ

## ■ ਗੋਬਿੰਦਪੁਰਾ ਪੈਂਦ ਟੋਲ ਪਲਾਜ਼ਾ ਕੀਤਾ ਮੁਫਤ

**ਪਾਤੜਾਂ (ਨਿਸਾਨ ਸਿੰਘ ਬਣਵਾਲਾ)**

ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਲਈ ਕੌਮੀ ਇਨਸਾਫ ਮੋਰਚੇ ਦੀਆਂ ਮੰਗਾਂ ਦਾ ਸਮਰਥਨ ਕਰਦਿਆਂ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਵੱਲੋਂ ਦਿੱਤੇ ਗਏ ਸੱਦੇ ਤਹਿਤ ਦਿੱਲੀ-ਸੰਗਰੂਰ ਕੌਮੀ ਮੁੱਖ ਮਾਰਗ ਉੱਤੇ ਪਿੰਡ ਗੋਬਿੰਦਪੁਰਾ ਪੈਂਦ ਦੇ ਨਜ਼ਦੀਕ ਤਿੰਨ ਘੰਟੇ ਲਈ ਟੋਲ ਪਲਾਜੇ ਉੱਤੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਰੋਸ ਪ੍ਰਦਰਸ਼ਨ ਦੌਰਾਨ ਨੈਸ਼ਨਲ ਹਾਈਵੇ ਤੋਂ ਲੰਘਣ ਵਾਲੇ ਵਾਹਨ ਟੋਲ ਮੁਕਤ ਰਹੇ।

ਰੋਸ ਪ੍ਰਦਰਸ਼ਨ ਦੌਰਾਨ ਜੁੜੇ ਇਕੱਠ ਨੂੰ ਸੰਬੋਧਨ ਕਰਦਿਆਂ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਹਰਭਜਨ ਸਿੰਘ ਬੁੱਟਰ ਤੇ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਮੀਤ ਪ੍ਰਧਾਨ ਕਾਮਰੇਡ ਕੁਲਵੰਤ ਸਿੰਘ ਮੌਲਵੀਵਾਲਾ ਨੇ ਕਿਹਾ ਕਿ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਨੂੰ ਸਮੇਤ ਹਰ ਇੱਕ ਨੂੰ ਜੇਲ੍ਹ ਵਿੱਚੋਂ ਰਿਹਾਅ ਕੀਤਾ ਜਾਣਾ ਚਾਹੀਦਾ ਹੈ। ਕਿਸਾਨ ਆਗੂਆਂ ਨੇ ਕਿਹਾ ਕਿ ਦਿੱਲੀ ਦੇ ਕਿਸਾਨ ਮੋਰਚੇ ਦੌਰਾਨ ਕਿਸਾਨਾਂ ਦੀਆਂ ਮੰਗਾਂ ਨੂੰ ਮੰਨਣ ਦੇ ਕੀਤੇ ਗਏ ਵਾਅਦੇ ਦੇ ਬਾਵਜੂਦ ਕੇਂਦਰ ਸਰਕਾਰ ਨੇ ਆਪਣਾ ਵਾਅਦਾ ਪੂਰਾ ਨਹੀਂ ਕੀਤਾ। ਫਸਲਾਂ ਦੇ ਘੱਟੋ ਘੱਟ ਸਮਰਥਨ ਮੁੱਲ ਲਾਗੂ ਕਰਨ, ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਲਾਗੂ ਕਰਨ ਤੇ ਲਖੀਮਪੁਰ ਖੀਰੀ ਦੇ ਦੋਸ਼ੀਆਂ ਨੂੰ ਸਜ਼ਾ ਦੇਣ ਦੇ ਕੀਤੇ ਗਏ ਵਾਅਦੇ ਨੂੰ ਸਰਕਾਰ ਨੇ ਪੂਰਾ ਨਹੀਂ ਕੀਤਾ। ਕਿਸਾਨ ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਦੀ ਵਾਅਦਾ ਖਿਲਾਫੀ ਵਿਰੁੱਧ ਕਿਸਾਨ ਸੰਘਰਸ਼ ਮੁੜ ਅੰਗੜਾਈ ਲੈ ਰਿਹਾ ਹੈ ਅਤੇ 26 ਜਨਵਰੀ ਨੂੰ ਦੇਸ਼ ਭਰ ਵਿੱਚ ਕੀਤੀ ਜਾਣ ਵਾਲੀ ਟਰੈਕਟਰ ਪਰੇਡ ਕੇਂਦਰ ਸਰਕਾਰ ਦੇ ਭਰਮ ਭੁਲੇਖੇ ਦੂਰ ਕਰ ਦੇਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਥੇਬੰਦੀ ਦੇ ਜ਼ਿਲ੍ਹਾ ਆਗੂ ਹਰਭਜਨ ਸਿੰਘ ਧੂਹੜ, ਬਲਾਕ ਪ੍ਰਧਾਨ ਸੁਖਦੇਵ ਸਿੰਘ ਹਰਿਆਊ, ਰਘਵੀਰ ਸਿੰਘ ਨਿਆਲ, ਸਾਹਿਬ ਸਿੰਘ ਦੂਤਾਲ, ਕੁਲਦੀਪ ਸਿੰਘ ਦੂਤਾਲ ਤੇ ਰਾਮ ਚੰਦ ਚੁਨਾਗਰਾ ਆਦਿ ਹਾਜ਼ਰ ਸਨ।

ਬੰਦੀ ਸਿੰਘਾਂ ਦੀ ਰਿਹਾਈ ਨੂੰ ਲੈ ਕੇ ਗੋਬਿੰਦਪੁਰਾ ਪੈਂਦ ਟੋਲ ਪਲਾਜ਼ਾ 'ਤੇ ਪ੍ਰਦਰਸ਼ਨ ਕਰਦੇ ਕਿਸਾਨ।

# ਮੁੜ ਤੋਂ ਰੰਗਲਾ ਪੰਜਾਬ ਬਣਾਉਣ ਲਈ ਸੂਬਾ ਸਰਕਾਰ ਕਰ ਰਹੀ ਹੈ ਵਿਸ਼ੇਸ਼ ਉਪਰਾਲੇ : ਡਾ. ਬਲਜੀਤ ਕੌਰ

## ■ ਸੂਫ਼ੀ ਗਾਇਕ ਲਖਵਿੰਦਰ ਵਡਾਲੀ ਨੇ ਸੂਫੀਆਨਾ ਗੀਤਾਂ ਨਾਲ ਦਰਸ਼ਕ ਕੀਲੇ

**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਨਸ਼ਿਆਂ ਖਿਲਾਫ਼ ਵਿੱਢੀ ਗਈ ਮੁਹਿੰਮ ਤਹਿਤ ਸੂਬੇ ਨੂੰ ਨਸ਼ਾ ਮੁਕਤ ਤੋਂ ਇਲਾਵਾ ਪੰਜਾਬ ਨੂੰ ਮੁੜ ਤੋਂ ਰੰਗਲਾ ਪੰਜਾਬ ਬਣਾਉਣ ਦੇ ਮੱਦੇਨਜ਼ਰ ਵਿਸ਼ੇਸ਼ ਉਪਰਾਲੇ ਤੇ ਨਿਵੇਕਲੀਆਂ ਪਹਿਲਕਦਮੀਆਂ ਕੀਤੀਆਂ ਜਾ ਰਹੀਆਂ ਹਨ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾਂ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਸਥਾਨਕ ਸ਼ਹੀਦ ਭਗਤ ਸਿੰਘ ਬਹੁ ਮੰਤਵੀ ਖੇਡ ਸਟੇਡੀਅਮ ਵਿਖੇ ਨਸ਼ਿਆਂ ਖਿਲਾਫ਼ ਚਲਾਈ ਗਈ ਮੁਹਿੰਮ ਦੇ ਮੱਦੇਨਜ਼ਰ ਸਿਵਲ ਤੇ ਪੁਲਸ ਪ੍ਰਸ਼ਾਸਨ ਵੱਲੋਂ ਕਰਵਾਏ ਗਏ ਪਤੰਗਬਾਜ਼ੀ ਮੁਕਾਬਲੇ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨ ਮੌਕੇ ਕੀਤਾ। ਇਸ ਮੌਕੇ ਉਨ੍ਹਾ ਨਾਲ ਵਿਧਾਇਕ ਬਠਿੰਡਾ (ਸ਼ਹਿਰੀ) ਜਗਰੂਪ ਸਿੰਘ ਗਿੱਲ, ਏਡੀਜੀਪੀ ਰੇਂਜ ਬਠਿੰਡਾ ਐੱਸ ਪੀ ਐੱਸ ਪਰਮਾਰ, ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਤੇ ਐੱਸ ਐੱਸ ਪੀ ਹਰਮਨਵੀਰ ਸਿੰਘ ਗਿੱਲ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਇਸ ਮੌਕੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਹਰ ਖੇਤਰ ਵਿੱਚ ਨਵੀਆਂ ਬੁਲੰਦੀਆਂ ਛੂਹ ਰਿਹਾ ਹੈ ਤੇ ਇਹ ਆਪਣੇ ਆਪ ਵਿੱਚ ਇੱਕ ਰਿਕਾਰਡ ਹੈ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਅਣਥੱਕ ਮਿਹਨਤ ਕਰ ਰਹੀ ਹੈ। ਸਰਕਾਰ ਬੱਚਿਆਂ ਦੇ ਹੱਥਾਂ 'ਚ ਕਲਮਾਂ, ਕਿਤਾਬਾਂ ਫੜਾਉਣ ਤੋਂ ਇਲਾਵਾ ਉਨ੍ਹਾਂ ਨੂੰ ਪੰਜਾਬੀ ਸਾਹਿਤ ਤੇ ਸੱਭਿਆਚਾਰ ਨਾਲ ਜੋੜਨ ਲਈ ਸੂਬਾ ਸਰਕਾਰ ਵਿਸ਼ੇਸ਼ ਪ੍ਰੋਗਰਾਮ ਉਲੀਕ ਰਹੀ ਹੈ। ਇਸ ਦੌਰਾਨ ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਭੈੜੀ ਦਲਦਲ ਵਿੱਚੋਂ ਬਾਹਰ ਕੱਢ ਕੇ ਉਨ੍ਹਾਂ ਦਾ ਮਨੋਬਲ ਉੱਚਾ, ਜ਼ਿੰਦਗੀ 'ਚ ਉੱਚ ਮੁਕਾਮ ਹਾਸਲ ਕਰਨ ਤੋਂ ਇਲਾਵਾ ਉਨ੍ਹਾਂ ਨੂੰ ਖੇਡਾਂ ਦੇ ਨਾਲ-ਨਾਲ ਪੰਜਾਬ ਦੇ ਇਤਿਹਾਸ ਤੇ ਰੂਹਦਾਰੀ ਸੰਗੀਤ ਨਾਲ ਜੋੜਨਾ ਵੀ ਕਿਸੇ ਪੁੰਨ ਦੇ ਕੰਮ ਤੋਂ ਘੱਟ ਨਹੀਂ ਹੈ। ਇਸ ਦੌਰਾਨ ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਸਬੰਧੀ ਵਿੱਢੀ ਗਈ ਮੁਹਿੰਮ ਤਹਿਤ ਸਿਵਲ ਤੇ ਪੁਲਸ ਪ੍ਰਸ਼ਾਸਨ ਵੱਲੋਂ ਹਰ ਸੰਭਵ ਯਤਨ ਤੇ ਯੋਗ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਕੇ ਉਨ੍ਹਾਂ ਖੇਡਾਂ ਵੱਲ ਪ੍ਰੇਰਿਤ ਕਰਨ ਦੇ ਮੱਦੇਨਜ਼ਰ ਪੁਲਸ ਤੇ ਸਿਵਲ ਪ੍ਰਸ਼ਾਸਨ ਵੱਲੋਂ ਭਵਿੱਖ 'ਚ ਹੋਰ ਵੀ ਨਿਵੇਕਲੀਆਂ ਯੋਜਨਾਵਾਂ ਉਲੀਕੀਆਂ ਜਾਣਗੀਆਂ।

ਇਸ ਮੌਕੇ ਸ਼੍ਰੀ ਹਰਮਨਬੀਰ ਸਿੰਘ ਗਿੱਲ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਪਿੰਡਾਂ ਜਾਂ ਸ਼ਹਿਰਾਂ 'ਚ ਤੁਹਾਡੇ ਆਲੇ-ਦੁਆਲੇ ਕੋਈ ਵੀ ਤਸਕਰ ਨਸ਼ਾ ਵੇਚਦਾ ਹੈ ਤਾਂ ਉਹ ਪੁਲਸ ਦੇ ਟੋਲ ਫ਼ਰੀ ਜਾਂ ਵਟਸਐਪ ਨੰਬਰ 91155-02252 'ਤੇ ਸੂਚਨਾ ਦੇ ਸਕਦੇ ਹਨ ਜਾਂ ਸਿੱਧਾ ਦਫ਼ਤਰ ਆ ਕੇ ਸੰਪਰਕ ਕਰ ਸਕਦੇ ਹਨ। ਇਸ ਮੌਕੇ ਸੂਫ਼ੀ ਗਾਇਕ ਲਖਵਿੰਦਰ ਵਡਾਲੀ ਨੇ ਆਪਣੇ ਸੂਫ਼ੀਆਨਾਂ ਗੀਤਾਂ ਨਾਲ ਦਰਸ਼ਕਾਂ ਦਾ ਮਨੋਰੰਜਨ ਕੀਤਾ। ਇਸ ਉਪਰੰਤ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਤੇ ਪੁਲਸ ਪ੍ਰਸ਼ਾਸਨ ਵੱਲੋਂ ਸੂਫ਼ੀ ਗਾਇਕ ਲਖਵਿੰਦਰ ਵਡਾਲੀ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਵੀ ਕੀਤਾ ਗਿਆ।

ਇਸ ਮੌਕੇ ਪੁਲਸ ਪ੍ਰਸ਼ਾਸਨ ਵੱਲੋਂ ਸਥਾਨਕ ਸ਼ਹੀਦ ਭਗਤ ਸਿੰਘ ਬਹੁ-ਮੰਤਵੀ ਖੇਡ ਸਟੇਡੀਅਮ ਵਿਖੇ ਰੰਗ-ਬਰੰਗੇ ਗੁਬਾਰਿਆਂ ਨਾਲ ਪਤੰਗਬਾਜ਼ੀ ਮੁਕਾਬਲਿਆਂ ਦੀ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਲਵਜੀਤ ਕਲਸੀ, ਸਹਾਇਕ ਕਮਿਸ਼ਨਰ (ਜਨਰਲ) ਪੰਕਜ ਕੁਮਾਰ, ਐੱਮ ਸੀ ਸੁਖਦੀਪ ਸਿੰਘ ਢਿੱਲੋਂ ਤੋਂ ਇਲਾਵਾ ਪੁਲਸ ਅਤੇ ਸਿਵਲ ਪ੍ਰਸ਼ਾਸਨ ਦੇ ਅਧਿਕਾਰੀ ਤੇ ਹੋਰ ਪ੍ਰਮੁੱਖ ਸ਼ਖਸੀਅਤਾਂ ਆਦਿ ਹਾਜ਼ਰ ਸਨ।

## ਕਾਤਰਾਂ

### ਦੜੇ-ਸੱਟੇ ਦੀ ਰਾਸ਼ੀ ਸਮੇਤ ਕਾਬੂ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸੀ ਆਈ ਏ ਸਟਾਫ ਫਿਰੋਜ਼ਪੁਰ ਪੁਲਸ ਨੇ ਇਕ ਵਿਅਕਤੀ ਨੂੰ 5020 ਰੁਪਏ ਰਾਸ਼ੀ ਦੜਾ ਸੱਟਾ ਸਮੇਤ ਗ੍ਰਿਫਤਾਰ ਕਰਕੇ ਉਸ ਖਿਲਾਫ ਥਾਣਾ ਸਦਰ ਫਿਰੋਜ਼ਪੁਰ ਵਿਖੇ ਜੂਆ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਗੁਰਦੇਵ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਦੇ ਸਬੰਧ ਵਿੱਚ ਨੇੜੇ ਰੇਲਵੇ ਪੁਲ ਫਿਰੋਜ਼ਪੁਰ ਪਾਸ ਪੁੱਜੇ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਦੋਸ਼ੀ ਰਵੀ ਕੁਮਾਰ ਪੁੱਤਰ ਜਨਕ ਰਾਜ ਵਾਸੀ ਗਲੀ ਨੰਬਰ 1 ਗੋਬਿੰਦ ਨਗਰੀ ਦੜਾ ਸੱਟਾ ਲਗਾਉਣ ਦਾ ਆਦੀ ਹੈ, ਜੋ ਹੁਣ ਵੀ ਗੋਬਿੰਦ ਨਗਰੀ ਫਿਰੋਜ਼ਪੁਰ ਵਿਖੇ ਆਪਣੀ ਦੁਕਾਨ 'ਤੇ ਸ਼ਰੇਆਮ ਦੜਾ ਸੱਟਾ ਲਗਾ ਰਿਹਾ ਹੈ, ਜੇਕਰ ਹੁਣੇ ਛਾਪੇਮਾਰੀ ਕੀਤੀ ਜਾਵੇ ਤਾਂ ਕਾਬੂ ਆ ਸਕਦਾ ਹੈ। ਪੁਲਸ ਪਾਰਟੀ ਵੱਲੋਂ ਦੋਸ਼ੀ 'ਤੇ ਛਾਪੇਮਾਰੀ ਕਰਕੇ ਕਾਬੂ ਕੀਤਾ ਗਿਆ ਤੇ ਮੌਕੇ 'ਤੇ 5020 ਰੁਪਏ ਰਾਸ਼ੀ ਦੜਾ ਸੱਟਾ ਬਰਾਮਦ ਹੋਈ।

### ਪੁਲਸ ਕਰਮੀਆਂ ਨੂੰ ਗਾਲ਼ਾਂ ਕੱਢਣ ਦੇ ਦੋਸ਼ 'ਚ ਨਾਮਜਦ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਨੇ ਪੁਲਸ ਕਰਮਚਾਰੀਆਂ ਨੂੰ ਗਾਲ਼ੀਆਂ ਕੱਢਣ ਦੇ ਦੋਸ਼ ਵਿੱਚ ਇੱਕ ਵਿਅਕਤੀ ਨੂੰ ਕਾਬੂ ਕਰਕੇ ਮੁਕੱਦਮਾ ਦਰਜ ਕੀਤਾ ਗਿਆ ਹੈ। ਸਹਾਇਕ ਥਾਣੇਦਾਰ ਜਗਜੀਤ ਸਿੰਘ ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਦੇ ਨਾਲ ਥਾਣਾ ਸਿਟੀ ਏਰੀਏ ਵਿੱਚ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰਦੇ ਹੋਏ ਐੱਫ. ਐੱਫ. ਰੋਡ ਜਲਾਲਾਬਾਦ ਤੋਂ ਵਾਪਸ ਸ਼ਹਿਰ ਨੂੰ ਆ ਰਹੇ ਸੀ ਅਤੇ ਜਦੋਂ ਪੁਲਸ ਪਾਰਟੀ ਬਜਾਜ ਪੈਟਰੋਲ ਪੰਪ ਦੇ ਸਾਹਮਣੇ ਲਿੰਕ ਰੋਡ ਗੋਬਿੰਦ ਸਿੰਘ ਨਗਰੀ ਜਲਾਲਾਬਾਦ ਦੇ ਕੋਲ ਪੁੱਜੀ ਤਾਂ ਸੜਕ ਦੇ ਉਪਰ ਇਕ ਵਿਅਕਤੀ, ਜਿਸ ਨੇ ਸ਼ਰਾਬ ਪੀਤੀ ਹੋਈ ਜਾਪਦੀ ਸੀ, ਜੋ ਉਥੇ ਖੜਾ ਗਾਲੀ-ਗਲੋਚ ਕਰ ਰਿਹਾ ਹੈ, ਲੋਕ ਇਕੱਠੇ ਵੇਖ ਕੇ ਪੁਲਸ ਪਾਰਟੀ ਰੁਕ ਗਈ, ਜਿਸ 'ਤੇ ਇਹ ਵਿਅਕਤੀ ਪੁਲਸ ਪਾਰਟੀ ਨੂੰ ਵੀ ਗਾਲੀ-ਗਲੋਚ ਕਰਨ ਲੱਗ ਪਿਆ, ਜਿਸ 'ਤੇ ਪੁਲਸ ਪਾਰਟੀ ਨੇ ਇਸ ਵਿਅਕਤੀ ਹਰਸ਼ ਗਗਨੇਜਾ ਪੁੱਤਰ ਹਰਕ੍ਰਿਸ਼ਨ ਲਾਲ ਵਾਸੀ ਪੁਰਾਣਾ ਸਿਵਲ ਹਸਪਤਾਲ ਰੋਡ ਜਲਾਲਾਬਾਦ ਨੂੰ ਕਾਬੂ ਕਰਕੇ ਧਾਰਾ 68 ਸੀ ਪੁਲਸ ਐਕਟ 2007 ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ ਤੇ ਪੁਲਸ ਵੱਲੋਂ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

### ਸ਼ੋਭਾ ਯਾਤਰਾ ਦਾ ਭਾਰਤੀਯ ਅੰਬੇਡਕਰ ਮਿਸ਼ਨ ਵੱਲੋਂ ਭਰਵਾਂ ਸਵਾਗਤ

**ਸੰਗਰੂਰ (ਪ੍ਰਵੀਨ ਸਿੰਘ)**-ਅਯੋਧਿਆ ਵਿਖੇ ਹੋ ਰਹੇ ਪ੍ਰਭੂ ਸ੍ਰੀ ਰਾਮ ਚੰਦਰ ਜੀ ਦੇ ਮੰਦਿਰ ਉਦਘਾਟਨ ਸਮਾਰੋਹ ਦੀ ਖੁਸ਼ੀ ਵਿੱਚ ਸ਼ਹਿਰ 'ਚ ਵੱਖ-ਵੱਖ ਸੰਸਥਾਵਾਂ ਤੇ ਸ਼ਹਿਰ ਵਾਸੀਆਂ ਵੱਲੋਂ ਕੱਢੀ ਗਈ ਸ਼ੋਭਾ ਯਾਤਰਾ ਦਾ ਸਥਾਨਕ ਮਹਾਰਾਜਾ ਅਗਰਸੈਨ ਚੌਕ ਵਿਖੇ ਭਾਰਤੀਯ ਅੰਬੇਡਕਰ ਮਿਸ਼ਨ (ਭਾਰਤ) ਵੱਲੋਂ ਕੌਮੀ ਪ੍ਰਧਾਨ ਸ੍ਰੀ ਦਰਸ਼ਨ ਸਿੰਘ ਕਾਂਗੜਾ ਦੀ ਅਗਵਾਈ ਹੇਠ ਫੁੱਲਾਂ ਦੀ ਵਰਖਾ ਕਰਕੇ ਭਰਵਾਂ ਸਵਾਗਤ ਕੀਤਾ ਗਿਆ ਅਤੇ ਮਿਸ਼ਨ ਦੇ ਸਾਥੀਆਂ ਵੱਲੋਂ ਬਾਜ਼ਾਰਾਂ ਵਿੱਚ ਰਾਹਗੀਰਾਂ ਨੂੰ ਲੱਡੂ ਤੇ ਦੀਵੇ ਵੰਡ ਕੇ ਆਪਣੀ ਖੁਸ਼ੀ ਦਾ ਇਜ਼ਹਾਰ ਕੀਤਾ। ਇਸ ਮੌਕੇ ਸੰਬੋਧਨ ਕਰਦਿਆਂ ਕੌਮੀ ਪ੍ਰਧਾਨ ਸ੍ਰੀ ਦਰਸ਼ਨ ਸਿੰਘ ਕਾਂਗੜਾ ਨੇ ਕਿਹਾ ਕਿ ਅਜਿਹੇ ਦਿਹਾੜੇ ਸਾਨੂੰ ਹਰ ਪੱਧਰ 'ਤੇ ਉਪਰ ਉੱਠ ਕੇ ਸਭਨਾਂ ਨੂੰ ਰਲ ਮਿਲ ਕੇ ਮਨਾਉਣੇ ਚਾਹੀਦੇ ਹਨ। ਸ੍ਰੀ ਕਾਂਗੜਾ ਨੇ ਅਯੋਧਿਆ ਵਿਖੇ ਏਅਰਪੋਰਟ ਦਾ ਨਾਂ ਭਗਵਾਨ ਵਾਲਮੀਕਿ ਜੀ ਦੇ ਨਾਮ 'ਤੇ ਰੱਖਣ ਲਈ ਕੇਂਦਰ ਸਰਕਾਰ ਦਾ ਵਿਸ਼ੇਸ਼ ਧੰਨਵਾਦ ਕੀਤਾ। ਇਸ ਮੌਕੇ ਭਾਰਤੀਯ ਅੰਬੇਡਕਰ ਮਿਸ਼ਨ ਯੂਥ ਵਿੰਗ ਦੇ ਸੂਬਾ ਪ੍ਰਧਾਨ ਸ੍ਰੀ ਮੁਕੇਸ਼ ਰਤਨਾਕਰ, ਅਮਰਿੰਦਰ ਸਿੰਘ ਬੱਬੀ, ਐਡਵੋਕੇਟ ਸੰਜੀਵ ਕੁਮਾਰ ਦੀਪਾ, ਅਮਿਤ ਕੁਮਾਰ ਰੋਕਸੀ, ਸੁਖਪਾਲ ਸਿੰਘ ਭੰਮਾਬੱਦੀ ਜ਼ਿਲ੍ਹਾ ਪ੍ਰਧਾਨ, ਮਨੋਜ ਕੁਮਾਰ, ਅਕਾਸ਼ ਧਾਲੀਵਾਲ, ਮੋਹਿਤ ਕੁਮਾਰ, ਸਾਜਨ ਕਾਂਗੜਾ ਆਦਿ ਹਾਜ਼ਰ ਸਨ।

### 600 ਗ੍ਰਾਮ ਹੈਰੋਇਨ ਤੇ ਮੋਟਰਸਾਈਕਲ ਸਣੇ 2 ਕਾਬੂ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ 600 ਗ੍ਰਾਮ ਹੈਰੋਇਨ ਤੇ ਮੋਟਰਸਾਈਕਲ ਸਣੇ ਦੋ ਵਿਅਕਤੀਆਂ ਨੂੰ ਕਾਬੂ ਕੀਤਾ ਗਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਸਹਾਇਕ ਥਾਣੇਦਾਰ ਅਮਰੀਕ ਸਿੰਘ ਸਮੇਤ ਸਾਥੀ ਕਰਮਚਾਰੀਆਂ ਦੇ ਨਾਲ ਥਾਣਾ ਸਿਟੀ ਦੇ ਏਰੀਏ ਵਿੱਚ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰਦੇ ਹੋਏ ਐੱਫ. ਐੱਫ. ਰੋਡ ਤੋਂ ਗੋਬਿੰਦ ਨਗਰੀ ਨੂੰ ਜਾ ਰਹੇ ਸੀ ਤਾਂ ਗੋਬਿੰਦ ਨਗਰੀ ਤੋਂ ਥੋੜ੍ਹਾ ਜਿਹਾ ਪਿੱਛੇ ਸਾਹਮਣੇ ਤੋਂ 2 ਨੌਜਵਾਨ ਲੜਕੇ ਮੋਟਰਸਾਈਕਲ 'ਤੇ ਆਉਂਦੇ ਦਿਖਾਈ ਦਿੱਤੇ, ਜੋ ਪੁਲਸ ਪਾਰਟੀ ਨੂੰ ਵੇਖ ਕੇ ਯਕਦਮ ਪਿੱਛੇ ਮੋੜਨ ਲੱਗੇ ਤਾਂ ਸਮੇਤ ਮੋਟਰਸਾਈਕਲ ਡਿੱਗ ਪਏ। ਪੁਲਸ ਪਾਰਟੀ ਨੇ ਸ਼ੱਕ ਦੇ ਅਧਾਰ 'ਤੇ ਇਨ੍ਹਾਂ ਨੂੰ ਕਾਬੂ ਕਰਕੇ ਚੈਕਿੰਗ ਕੀਤੀ ਗਈ ਤਾਂ ਇਨ੍ਹਾਂ ਪਾਸੋਂ 600 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਹੈਰੋਇਨ ਸਮੇਤ ਇਨ੍ਹਾਂ ਵਿਅਕਤੀਆਂ ਗੁਰਮੇਜ ਸਿੰਘ ਉਰਫ ਬਿੱਟੂ ਪੁੱਤਰ ਜਸਵੀਰ ਸਿੰਘ ਵਾਸੀ ਸਵਾਈ ਕੇ ਭੋਖੜੀ (ਥਾਣਾ ਮਮਦੋਟ) ਜ਼ਿਲ੍ਹਾ ਫਿਰੋਜ਼ਪੁਰ ਤੇ ਗੁਰਪ੍ਰੀਤ ਸਿੰਘ ਉਰਫ ਗੋਰਾ ਪੁੱਤਰ ਭਜਨ ਸਿੰਘ ਵਾਸੀ ਲੱਖਾ ਸਿੰਘ ਵਾਲਾ ਹਿਠਾੜ ਨੂੰ ਕਾਬੂ ਕਰਕੇ ਮੁਕੱਦਮਾ ਦਰਜ ਕੀਤਾ ਗਿਆ ਹੈ।

# ਮਾਮਲਾ ਪਸ਼ੂਆਂ ਦੀ ਭੇਦਭਰੀ ਮੌਤ ਦਾ : ਕੈਬਨਿਟ ਮੰਤਰੀ ਖੁੱਡੀਆਂ ਵੱਲੋਂ ਰਾਏਕੇ ਕਲਾਂ ਦਾ ਦੌਰਾ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਤੇ ਮੱਛੀ ਪਾਲਣ ਮੰਤਰੀ ਸ੍ਰ. ਗੁਰਮੀਤ ਸਿੰਘ ਖੁੱਡੀਆਂ ਨੇ ਮਿਕਸ ਇਨਫੈਕ

23-JAN-PAGE-11-Majha-24.qxd 1/22/2024 10:33 PM Page 1



# ਲੋਕਾਂ ਨੂੰ 26 ਦੇ ਵਿਸ਼ਾਲ ਟਰੈਕਟਰ ਮਾਰਚ 'ਚ ਵੱਡੀ ਗਿਣਤੀ 'ਚ ਪਹੁੰਚਣ ਦਾ ਸੱਦਾ

**ਤਰਨ ਤਾਰਨ (ਨਜ਼ਸ)—** ਸੰਯੁਕਤ ਕਿਸਾਨ ਮੋਰਚੇ ਦੇ ਦੇਸ਼ ਵਿਆਪੀ ਸੱਦੇ ਤੇ 26 ਜਨਵਰੀ ਨੂੰ ਤਰਨ ਤਾਰਨ ਵਿੱਖੇ ਕੀਤੇ ਜਾ ਰਹੇ ਟਰੈਕਟਰ ਤੇ ਮੋਟਰਸਾਈਕਲ ਮਾਰਚ ਵਿੱਚ ਕੁੱਲ ਹਿੰਦ ਕਿਸਾਨ ਸਭਾ ਵੱਧ ਚੜ੍ਹ ਕੇ ਹਿੱਸਾ ਲਵੇਗੀ।ਇਸ ਸਬੰਧੀ ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਮੀਤ ਪ੍ਰਧਾਨ ਸੁਖਦੇਵ ਸਿੰਘ ਮਾਣੋਚਾਹਲ, ਸਕੱਤਰ ਗੁਰਪ੍ਰੀਤ ਸਿੰਘ ਗੰਡੀਵਿੰਡ, ਅਵਤਾਰ ਸਿੰਘ ਪਲਾਸੌਰ, ਰਾਜਗੋਬਿੰਦ ਸਿੰਘ, ਰਣਜੀਤ ਸਿੰਘ ਰਾਣਾ ਨੇ ਕਿਹਾ ਕਿ ਹਰ ਫ਼ਸਲ ਤੇ ਐਮਐਸਪੀ ਦਾ ਕਾਨੂੰਨ ਬਣਾਉਣ, ਹਰ ਮਜ਼ਦੂਰ ਕਿਸਾਨ ਤੇ ਮਿਹਨਤਕਸ਼ ਲੋਕਾਂ ਨੂੰ ਦਸ ਹਜ਼ਾਰ ਰੁਪਏ ਬੁਢਾਪਾ ਪੈਨਸ਼ਨ ਦੀ ਗਰੰਟੀ, ਕਿਸਾਨਾਂ ਮਜ਼ਦੂਰਾਂ ਦੇ ਕਰਜ਼ੇ ਖਤਮ ਕਰਨ ਲਈ, ਹਰੇਕ ਬੱਚੇ ਲਈ ਮੁਫਤ ਲਾਜ਼ਮੀ ਵਿੱਦਿਆ ਦੀ ਗਰੰਟੀ, ਹਰ ਇੱਕ ਲਈ ਰੁਜ਼ਗਾਰ ਦੀ ਗਰੰਟੀ, ਪਾਣੀਆਂ ਦੀ ਸੁਚੱਜੀ ਸੰਭਾਲ, ਹੜ੍ਹ ਪੀੜ੍ਹਤਾਂ ਨੂੰ ਪੂਰਾ ਮੁਆਵਜ਼ਾ, ਘੱਟੋ-ਘੱਟ 26000 ਰੁਪਏ ਮਹੀਨਾ ਮਿਹਨਤਾਨੇ ਦੀ ਗਰੰਟੀ ਦਾ ਕਾਨੂੰਨ ਬਣਾਉਣ, ਬਿਜਲੀ ਬਿੱਲ 2022 ਵਾਪਸ ਲੈਣ ਆਦਿ ਮੰਗਾਂ ਨੂੰ ਲੈ ਕੇ ਸਯੁੰਕਤ ਕਿਸਾਨ ਮੋਰਚਾ ਅਤੇ ਕੇਂਦਰੀ ਟਰੇਡ ਯੂਨੀਅਨ ਵੱਲੋਂ ਟਰੈਕਟਰ ਤੇ ਮੋਟਰਸਾਈਕਲ ਮਾਰਚ ਗਣਤੰਤਰ ਦਿਵਸ ਮੌਕੇ ਤਰਨ ਤਾਰਨ ਦੀ ਦਾਣਾ ਮੰਡੀ ਤੋਂ ਸਵੇਰੇ 11 ਵਜੇ ਸ਼ੁਰੂ ਕੀਤਾ ਜਾਵੇਗਾ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਸਾਥ ਦਿੱਤਾ ਜਾਵੇ ਤਾਂ ਕਿ ਕੇਂਦਰ ਸਰਕਾਰ ਨੂੰ ਇਹ ਵਾਜਿਬ ਮੰਗਾਂ ਲਾਗੂ ਕਰਨ ਲਈ ਮਜਬੂਰ ਕੀਤਾ ਜਾ ਸਕੇ ।

# ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਫੋਟੋ ਵੋਟਰ ਸੂਚੀਆਂ ਦੀਆਂ ਲਿਸਟਾਂ ਸਾਂਝੀਆਂ ਕੀਤੀਆਂ

ਗੁਰਦਾਸਪੁਰ, (ਦਿਨੇਸ਼ ਕੁਮਾਰ)-ਮਾਣਯੋਗ ਭਾਰਤ ਚੋਣ ਕਮਿਸ਼ਨ ਵੱਲੋਂ ਨਿਰਧਾਰਤ ਪ੍ਰੋਗਰਾਮ ਅਨੁਸਾਰ ਯੋਗਤਾ ਮਿਤੀ 1 ਜਨਵਰੀ 2024 ਦੇ ਅਧਾਰ ਤੇ ਤਿਆਰ ਹੋਈ ਫਾਈਨਲ ਫੋਟੋ ਵੋਟਰ ਸੂਚੀ ਅਤੇ ਸਰਵਿਸ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਕਰਵਾਈ ਗਈ ਅਤੇ ਨਾਗਰਿਕਾਂ ਦੀ ਜਾਣਕਾਰੀ ਲਈ ਅੰਤਿਮ ਪ੍ਰਕਾਸ਼ਨਾ ਦੀ ਰਿਪੋਰਟ (ਫਾਰਮ ਨੰ:16) ਦਾ ਚਸਪਾ ਸਮੂਹ ਈ.ਆਰ.ਓ., ਏ.ਈ.ਆਰ.ਓ. ਦਫਤਰਾਂ ਦੇ ਨੋਟਿਸ ਬੋਰਡਾਂ ਤੇ ਕਰਵਾਇਆ ਜਾ ਰਿਹਾ ਹੈ। ਜ਼ਿਲ੍ਹਾ ਚੋਣ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਨਵੀਂ ਵੋਟਰ ਸੂਚੀ ਅਨੁਸਾਰ ਜ਼ਿਲ੍ਹਾ ਗੁਰਦਾਸਪੁਰ ਵਿੱਚ ਕੁੱਲ ਵੋਟਾਂ 1279049 ਵੋਟਾਂ ਰਜਿਸਟਰਡ ਕੀਤੀਆਂ ਗਈਆਂ ਹਨ ਜਿਨ੍ਹਾਂ ਵਿੱਚ 676456 ਵੋਟਰ ਮਰਦ ਅਤੇ 602563 ਮਹਿਲਾ ਵੋਟਰ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ 30 ਵੋਟਰ ਤੀਸਰੇ ਲਿੰਗ ਵਜੋਂ ਰਜਿਸਟਰਡ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ 18 ਤੋਂ 19 ਸਾਲ ਦੇ ਨੌਜਵਾਨ ਵੋਟਰਾਂ ਦੀ ਗਿਣਤੀ 37989 ਹੈ। ਜ਼ਿਲ੍ਹੇ ਦੇ ਕੁੱਲ 10 ਵਿਧਾਨ ਸਭਾ ਹਲਕਿਆਂ ਵਿੱਚ 1553 ਪੋਲਿੰਗ ਸਟੇਸ਼ਨ ਬਣਾਏ ਗਏ ਹਨ। ਜ਼ਿਲ੍ਹਾ ਚੋਣ ਅਧਿਕਾਰੀ ਨੇ ਵੱਖ-ਵੱਖ ਮਾਨਤਾ ਪ੍ਰਾਪਤ ਰਾਜਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਜ਼ਿਲ੍ਹੇ ਦੇ ਸਮੂਹ ਚੋਣ ਹਲਕਿਆਂ ਦੀ ਅੰਤਿਮ ਪ੍ਰਕਾਸਨਾਂ ਵਾਲੀ ਵੋਟਰ ਸੂਚੀਆਂ ਸਮੇਤ ਸੀ.ਡੀ. ਸਾਂਝੀਆਂ ਕੀਤੀਆਂ। ਉਨ੍ਹਾਂ ਰਾਜਸੀ ਪਾਰਟੀਆਂ ਦੇ ਆਗੂਆਂ ਨੂੰ ਕਿਹਾ ਕਿ ਉਹ ਵੋਟਰ ਸੂਚੀ ਦੇ ਵੇਰਵੇ (ਪੋਲਿੰਗ ਸਟੇਸਨ ਦਾ ਨਾਮ, ਪਿੰਡ ਦਾ ਨਾਮ, ਸੈਕਸ਼ਨ ਆਦਿ) ਚੈੱਕ ਕਰ ਲੈਣ। ਇਸ ਤੋਂ ਇਲਾਵਾ ਵੋਟਰ ਸੂਚੀ ਵਿਚ (ਜਿਵੇਂ ਮੌਜੂਦਾ/ਸਾਬਕਾ ਐਮ.ਪੀ., ਐਮ.ਐਲ.ਏਜ, ਮੈਂਬਰ ਰਾਜ ਸਭਾ ਆਦਿ) ਦੀਆਂ ਵੋਟਾਂ ਵੀ ਚੈੱਕ ਕਰ ਲੈਣ। ਵੋਟਰ ਸੂਚੀਆਂ ਵਿੱਚ ਜੇਕਰ ਕੋਈ ਤਰੁੱਟੀ/ਖਾਮੀ ਪਾਈ ਜਾਂਦੀ ਹੈ, ਤਾਂ ਸਬੰਧਤ ਚੋਣਕਾਰ ਰਜਿਸਟ੍ਰੇਸਨ ਅਫਸਰਾਂ ਨਾਲ ਤਾਲਮੇਲ ਕਰਕੇ ਦਰੁੱਸਤੀ ਕਰਵਾ ਲਈ ਜਾਵੇ, ਤਾਂ ਜੋ ਚੋਣਾਂ ਵਿਚ ਵੋਟਰ ਸੂਚੀ ਸਬੰਧੀ ਕੋਈ ਔਕੜ ਪੇਸ਼ ਨਾ ਆਵੇ। ਜ਼ਿਲ੍ਹਾ ਚੋਣ ਅਧਿਕਾਰੀ ਨੇ ਸਮੂਹ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਬੂਥ ਪੱਧਰ 'ਤੇ ਆਪਣੇ ਬੂਥ ਲੇਵਲ ਏਜੰਟ ਨਿਯੁਕਤ ਕਰਕੇ ਉਨ੍ਹਾਂ ਦੀ ਸੂਚੀ ਜ਼ਿਲ੍ਹਾ ਚੋਣ ਦਫ਼ਤਰ ਵਿਖੇ ਬਿਨ੍ਹਾਂ ਕਿਸੇ ਦੇਰੀ ਭੇਜਣ। ਮੀਟਿੰਗ ਦੌਰਾਨ ਚੋਣ ਤਹਿਸੀਲਦਾਰ ਮਨਜਿੰਦਰ ਸਿੰਘ ਬਾਜਵਾ, ਆਮ ਆਦਮੀ ਪਾਰਟੀ ਤੋਂ ਭਾਰਤ ਭੂਸ਼ਨ ਸ਼ਰਮਾ, ਭਾਜਪਾ ਤੋਂ ਰਾਜਨ ਗੋਇਲ, ਅਕਾਲੀ ਦਲ ਤੋਂ ਜਤਿੰਦਰ ਸਿੰਘ, ਕਾਂਗਰਸ ਤੋਂ ਗੁਰਵਿੰਦਰ ਲਾਲ, ਸੀ.ਪੀ.ਆਈ. (ਐੱਮ) ਤੋਂ ਅਮਰਜੀਤ ਸਿੰਘ ਸੈਣੀ, ਭਾਜਪਾ ਤੋਂ ਰਾਕੇਸ਼ ਕਮੁਾਰ ਨਡਾਲਾ ਅਤੇ ਬਹੁਜਨ ਸਮਾਜ ਪਾਰਟੀ ਦੇ ਆਗੂ ਵੀ ਹਾਜ਼ਰ ਸਨ।

# 1 ਤੋਂ 7 ਫਰਵਰੀ ਤੱਕ ਪਿੰਡੋਂ-ਪਿੰਡ ਕੀਤਾ ਜਾਵੇਗਾ ਟਰੈਕਟਰ ਮਾਰਚ: ਸਿੱਧਵਾਂ, ਮਾਣੋਚਾਹਲ, ਸ਼ਕਰੀ

ਤਰਨ ਤਾਰਨ (ਪ੍ਰਿਤਪਾਲ ਸਿੰਘ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਤਰਨਤਾਰਨ ਵਿੱਚ ਪਿੰਡ ਪੱਧਰ ਮਾਰਚ ਜ਼ਿਲ੍ਹਾ ਪ੍ਰਧਾਨ ਸਤਨਾਮ ਸਿੰਘ ਮਾਣੋਚਾਹਲ, ਸੂਬਾ ਆਗੂ ਹਰਪ੍ਰੀਤ ਸਿੰਘ ਸਿੱਧਵਾਂ ਅਤੇ ਸੂਬਾ ਅਤੇ ਜ਼ਿਲ੍ਹਾ ਆਗੂ ਹਰਜਿੰਦਰ ਸਿੰਘ ਸ਼ਕਰੀ ਦੀ ਅਗਵਾਈ ਵਿੱਚ ਹੋਣਾ ਸੀ। ਉਸ ਨੂੰ ਕੁਝ ਕਾਰਨਾਂ ਕਰਕੇ ਮੁਲਤਵੀ ਕੀਤਾ ਜਾਂਦਾ ਹੈ ਪ੍ਰੈੱਸ ਨੂੰ ਜਾਣਕਾਰੀ ਦੇਂਦਿਆਂ ਰਣਯੋਧ ਸਿੰਘ ਗੱਗੋਬੂਹਾ, ਨਵਤੇਜ ਸਿੰਘ ਏਕਲਗੱਡਾ ਨੇ ਕਿਹਾ ਕਿ ਅੱਜ ਟਰੈਕਟਰ ਮਾਰਚ ਨੂੰ ਮੁਲਤਵੀ ਕੀਤਾ ਜਾਂਦਾ ਹੈ।ਆਉਣ ਵਾਲੇ ਸਮੇਂ ਵਿੱਚ 1 ਫਰਵਰੀ ਤੋਂ ਲੈ ਕੇ 7 ਫਰਵਰੀ ਤੱਕ ਸਾਰੇ ਜ਼ਿਲ੍ਹੇ ਵਿੱਚ ਜ਼ਿਲ੍ਹਾ ਪੱਧਰੀ, ਜ਼ੋਨ ਪੱਧਰੀ, ਪਿੰਡ ਪੱਧਰੀ ਟਰੈਕਟਰ ਰੋਸ ਮਾਰਚ ਕੀਤਾ ਜਾਵੇਗਾ।

ਜ਼ਿਲ੍ਹਾ ਆਗੂ ਜਰਨੈਲ ਸਿੰਘ ਨੂਰਦੀ, ਦਿਆਲ ਸਿੰਘ ਮੀਆਂਵਿੰਡ, ਰੇਸ਼ਮ ਸਿੰਘ ਘੁਰਕਵਿੰਡ ਨੇ ਕਿਹਾ ਕਿ ਆਪਣੇ ਹੱਕੀ ਮੰਗਾਂ ਨੂੰ ਲੈ ਕੇ ਦਿੱਲੀ ਕੂਚ ਲਈ ਪਿੰਡੋਂ-ਪਿੰਡ ਟਰੈਕਟਰ ਮਾਰਚ ਕੀਤਾ ਜਾਵੇਗ ਜਿਸ ਵਿੱਚ ਹਜ਼ਾਰਾਂ ਬੀਬੀਆਂ, ਨੌਜਵਾਨ, ਕਿਸਾਨ, ਮਜ਼ਦੂਰ ਸ਼ਾਮਲ ਹੋਣਗੇ।ਲੋਕਾਂ ਨੂੰ ਟਰੈਕਟਰ ਮਾਰਚ ਰਾਹੀਂ ਦਿੱਲੀ ਕੂਚ ਲਈ ਸੁਨੇਹਾ ਦਿੱਤਾ ਜਾਵੇਗਾ। ਜ਼ਿਲ੍ਹਾ ਆਗੂ ਹਰਬਿੰਦਰਜੀਤ ਸਿੰਘ ਕੰਗ, ਫਤਿਹ ਸਿੰਘ ਪਿੰਦੀ, ਬਲਵਿੰਦਰ ਸਿੰਘ ਚੋਹਲਾ ਸਾਹਿਬ ਨੇ ਸਾਰੇ ਪੰਜਾਬੀਆਂ ਅਤੇ ਦੇਸ਼ ਵਾਸੀਆਂ ਨੂੰ ਐੱਮਐੱਸਪੀ ਗਰੰਟੀ ਕਨੂੰਨ ਬਣਵਾਉਣ ਅਤੇ ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਅਨੁਸਾਰ ਫ਼ਸਲਾਂ ਦੇ ਭਾਅ ਲੈਣ, ਕਿਸਾਨਾਂ ਮਜ਼ਦੂਰਾਂ ਦੀ ਕੁਲ ਕਰਜ਼ਾ ਮੁਕਤੀ, ਫ਼ਸਲੀ ਬੀਮਾ ਯੋਜਨਾ ਲਾਗੂ ਕਰਵਾਉਣ, ਕਿਸਾਨ ਮਜ਼ਦੂਰ ਲਈ ਪੈਨਸ਼ਨ ਸਕੀਮ, ਲਖੀਮਪੁਰ ਖੀਰੀ ਕਤਲਕਾਂਡ ਦਾ ਇਨਸਾਫ਼ ਲੈਣ, 2020 ਬਿਜਲੀ ਸੋਧ ਬਿੱਲ ਰੱਦ ਕਰਵਾਉਣ ਸਮੇਤ ਹੋਰ ਅਹਿਮ ਮੰਗਾਂ ਨੂੰ ਪੂਰਾ ਕਰਵਾਉਣ ਲਈ ਹੋਣ ਜਾ ਰਹੇ ਇਸ ਅੰਦੋਲਨ ਦਾ ਵੱਧ ਚੜ੍ਹ ਕੇ ਸਾਥ ਦੇਣ ਦੀ ਅਪੀਲ ਕੀਤੀ ।

# ਸੇਂਟ ਕਬੀਰ ਸਕੂਲ 'ਚ ਪ੍ਰਾਣ ਪ੍ਰਤਿਸ਼ਠਾ ਸਮਾਰੋਹ ਨੂੰ ਸਮਰਪਿਤ ਪ੍ਰੋਗਰਾਮ ਕਰਵਾਇਆ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ ਵਿਖੇ ਭਗਵਾਨ ਸ੍ਰੀ ਰਾਮ ਚੰਦਰ ਜੀ ਦੇ ਜਨਮ ਭੂਮੀ ਮੰਦਿਰ ਪ੍ਰਾਣ ਪ੍ਰਤਿਸ਼ਠਾ ਦੇ ਜ਼ਸਨਾਂ ਨੂੰ ਬੜੀ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ। ਇਸ ਸਬੰਧੀ ਸਕੂਲ ਦੇ ਪ੍ਰਿੰਸੀਪਲ ਐਸ.ਬੀ.ਨਾਯਰ ਅਤੇ ਪ੍ਰਬੰਧਕ ਮੈਡਮ ਨਵਦੀਪ ਕੌਰ ਤੇ ਕੁਲਦੀਪ ਕੌਰ ਦੇ ਪ੍ਰਬੰਧਾਂ ਹੇਠ ਪ੍ਰਭਾਵਸ਼ਾਲੀ ਪ੍ਰੋਗਰਾਮ ਕਰਵਾਇਆ। ਪ੍ਰੋਗਰਾਮ ਦੀ ਸ਼ੁਰੂਆਤ ਦਸਵੀਂ ਤੋਂ ਬਾਰ੍ਹਵੀਂ ਜਮਾਤ ਦੀਆਂ ਵਿਦਿਆਰਥਣਾਂ ਦੁਆਰਾ ਮਧੁਰ ਭਜਨ-ਕੀਰਤਨ ਕਰਕੇ ਕੀਤੀ। ਇਸ ਮੌਕੇ ਸਮੂਹ ਸਟਾਫ ਅਤੇ ਵਿਦਿਆਰਥੀਆਂ ਦੁਆਰਾ ਰਾਮ ਨਾਮ ਦੇ ਜਾਪ ਨਾਲ ਪੂਰਾ ਸਕੂਲ ਗੂੰਜ ਉਠਿਆ। ਨੌਵੀਂ ਜਮਾਤ ਦੀ ਵਿਦਿਆਰਥਣ ਅਨਮੋਲਦੀਪ ਕੌਰ ਨੇ ਸ਼੍ਰੀ ਰਾਮ ਜੀ ਦੀਆਂ ਸਿੱਖਿਆਵਾਂ ਤੇ ਭਗਤੀ ਭਾਵਾਂ ਸਬੰਧੀ ਵਿਚਾਰ ਸਾਂਝੇ ਕੀਤੇ। ਇਸ ਖੁਸ਼ੀ ਮੌਕੇ ਸਕੂਲ ਦੇ ਵਿਹੜੇ ਵਿੱਚ ਰੰਗੋਲੀਆਂ ਬਣਾਈਆਂ ਗਈਆਂ ਤੇ ਦੀਵਿਆਂ ਨਾਲ ਸਜਾਇਆ ਗਿਆ। ਇਸ ਤੋਂ ਇਲਾਵਾ ਸ਼ੁੱਭ ਮਹੂਰਤ ਮੌਕੇ ਅਯੁੱਧਿਆ ਪ੍ਰੋਗਰਾਮ ਨੂੰ ਲਾਈਵ ਦਿਖਾ ਕੇ ਸਮੁੱਚੇ ਸਕੂਲ ਦੇ ਸਨਮੁੱਖ ਰਾਮ ਜੀ ਦੀ ਉਸ਼ਤਤਿ ਕਰਦਿਆਂ ਸ਼ਮ੍ਹਾ ਰੌਸ਼ਨ ਕੀਤੀ ਗਈ। ਇਸ ਦੌਰਾਨ ਸਟਾਫ ਮੈਂਬਰਾਂ ਤੇ ਵਿਦਿਆਰਥੀਆਂ ਦੁਆਰਾ ਰਾਮ ਜੀ ਦੀ ਭਗਤੀ ਭਾਵ ਭਰੇ ਭਜਨ ਗਾਏ।

ਪ੍ਰੋਗਰਾਮ ਦੇ ਅੰਤ ਵਿੱਚ ਸਕੂਲ ਦੇ ਪ੍ਰਿੰਸੀਪਲ ਐੱਸ. ਬੀ. ਨਾਯਰ ਅਤੇ ਪ੍ਰਬੰਧਕ ਮੈਡਮ ਨਵਦੀਪ ਕੌਰ ਤੇ ਕੁਲਦੀਪ ਕੌਰ ਦੁਆਰਾ ਸਮੁਚੇ ਸਕੂਲ ਨੂੰ ਸ਼੍ਰੀ ਰਾਮ ਮੰਦਰ ਸਥਾਪਨਾ ਦੀਆਂ ਹਾਰਦਿਕ ਸ਼ੁੱਭਕਾਮਨਾਵਾਂ ਦਿੱਤੀਆਂ ਤੇ ਉਨਾਂ ਦੀਆਂ ਪ੍ਰੇਰਨਾਵਾਂ ਨੂੰ ਜ਼ਿੰਦਗੀ ਵਿੱਚ ਅਮਲ ਕਰਨ ਸਬੰਧੀ ਆਸ਼ ਪ੍ਰਗਟਾਈ।

# 26 ਨੂੰ ਸਾਰੇ ਪੰਜਾਬ 'ਚ ਹੋਣਗੇ ਟਰੈਕਟਰ ਮਾਰਚ: ਕੁਲਬੀਰ ਸਿੰਘ ਕਸੇਲ

ਝਬਾਲ (ਹਰਜਿੰਦਰ ਸਿੰਘ ਸੋਨੀ)-ਸੰਯੁਕਤ ਕਿਸਾਨ ਮੋਰਚਾ ਵਲੋਂ 26 ਜਨਵਰੀ ਨੂੰ ਤਰਨ ਤਾਰਨ ਵਿਖੇ ਕੀਤੇ ਜਾ ਰਹੇ ਟਰੈਕਟਰ ਤੇ ਮੋਟਰਸਾਈਕਲ ਮਾਰਚ ਵਿੱਚ ਕੁੱਲ ਹਿੰਦ ਕਿਸਾਨ ਸਭਾ ਵਧ ਚੜ੍ਹ ਕੇ ਹਿੱਸਾ ਲਵੇਗੀ।

ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਕੁੱਲ ਹਿੰਦ ਕਿਸਾਨ ਸਭਾ ਦੇ ਸੀਨੀਅਰ ਮੀਤ ਪ੍ਰਧਾਨ ਕੁਲਬੀਰ ਸਿੰਘ ਕਸੇਲ, ਮੋਤਾ ਸਿੰਘ ਸੋਹਲ, ਜਗਜੀਤ ਸਿੰਘ ਮੰਨਣ, ਹਰਬਿੰਦਰ ਸਿੰਘ ਕਸੇਲ ਤੇ ਦਵਿੰਦਰ ਸੋਹਲ ਨੇ ਕਿਹਾ ਕਿ ਹਰ ਫ਼ਸਲ ਤੇ ਐੱਮਐੱਸਪੀ ਦਾ ਕਾਨੂੰਨ ਬਣਾਉਣ, ਹਰ ਮਜ਼ਦੂਰ ਕਿਸਾਨ ਤੇ ਮਿਹਨਤਕਸ਼ ਲੋਕਾਂ ਨੂੰ ਦਸ ਹਜ਼ਾਰ ਰੁਪਏ ਬੁਢਾਪਾ ਪੈਨਸ਼ਨ ਦੀ ਗਰੰਟੀ, ਕਿਸਾਨਾਂ ਮਜ਼ਦੂਰਾਂ ਦੇ ਕਰਜ਼ੇ ਖਤਮ ਕਰਨ ਲਈ, ਹਰ ਬੱਚੇ ਲਈ ਮੁਫ਼ਤ ਲਾਜ਼ਮੀ ਵਿੱਦਿਆ ਦੀ ਗਰੰਟੀ, ਹਰ ਇੱਕ ਲਈ ਰੁਜ਼ਗਾਰ ਦੀ ਗਰੰਟੀ, ਪਾਣੀਆਂ ਸੰਭਾਲ, ਹੜ ਪੀੜ੍ਹਤਾਂ ਨੂੰ ਪੂਰਾ ਮੁਆਵਜ਼ਾ, ਘੱਟੋ ਘੱਟ 26000 ਮਹੀਨਾ ਮਿਹਨਤਾਨੇ ਦੀ ਗਰੰਟੀ ਦਾ ਕਾਨੂੰਨ ਬਣਾਉਣ ਦੀ ਮੰਗ ਲੈ ਕੇ ਸੰਯੁਕਤ ਕਿਸਾਨ ਮੋਰਚਾ ਅਤੇ ਟਰੇਡ ਯੂਨੀਅਨ ਮੋਰਚੇ ਵੱਲੋਂ ਟਰੈਕਟਰ ਤੇ ਮੋਟਰਸਾਈਕਲ ਮਾਰਚ ਗਣਤੰਤਰ ਦਿਵਸ ਮੌਕੇ ਖਡੂਰ ਸਾਹਿਬ ਦੀ ਦਾਣਾ ਮੰਡੀ ਤੋਂ ਸ਼ੁਰੂ ਕੀਤਾ ਜਾਵੇਗਾ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਸਾਥ ਦਿੱਤਾ ਜਾਵੇ ਤਾਂ ਕਿ ਕੇਂਦਰ ਸਰਕਾਰ ਨੂੰ ਇਹ ਕਾਨੂੰਨ ਬਣਾਉਣ ਲਈ ਮਜਬੂਰ ਕੀਤਾ ਜਾਵੇ।

# ਰਾਮ ਮੰਦਰ ਵਿਖੇ ਪ੍ਰਾਣ ਪ੍ਰਤਿਸ਼ਠਾ ਦੀ ਖੁਸ਼ੀ 'ਚ ਭੁੱਲਰ ਵੱਖ-ਵੱਖ ਮੰਦਰਾਂ 'ਚ ਹੋਏ ਨਤਮਸਤਕ

ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)— ਅਯੁੱਧਿਆ ਰਾਮ ਮੰਦਰ ਵਿੱਚ ਰਾਮ ਮੂਰਤੀ ਪ੍ਰਾਣ ਪ੍ਰਤਿਸ਼ਠਾ ਦੀ ਖੁਸ਼ੀ ਪੂਰੇ ਭਾਰਤ ਦੇ ਲੋਕ ਭਾਰੀ ਉਤਸ਼ਾਹ ਤੇ ਖੁਸ਼ੀ 'ਚ ਖੀਵੇ ਹੋ ਰਹੇ ਪੂਰਾ ਭਾਰਤ ਰਾਮ ਨਾਮ ਦੇ ਰੰਗ ਵਿਚ ਰੰਗਿਆ ਦਿਖਾਈ ਦੇ ਰਿਹਾ ਹੈ।ਮੂਰਤੀ ਪ੍ਰਾਣ ਪ੍ਰਤਿਸ਼ਠਾ 'ਚ ਰਾਮ ਭਗਤਾਂ ਵੱਲੋਂ ਸਥਾਨਕ ਸ਼ਹਿਰ ਦੇ ਬਾਬਾ ਆਨੰਦਗਿਰੀ ਮਹਾਰਾਜ ਦੀ ਅਗਵਾਈ ਹੇਠ ਰੇਲਵੇ ਰੋਡ ਸ਼ਾਂਤੀ ਸਵੀਟਸ ਤੋਂ ਝੰਡੇ ਲਹਿਰਾਉਂਦੇ ਹੋਏ ਸ਼ੋਭਾ ਯਾਤਰਾ ਕੱਢੀ ਗਈ।ਸ਼ਹਿਰ ਨਿਵਾਸੀਆਂ ਨੇ ਸ਼ੋਭਾ ਯਾਤਰਾ ਵਿਚ ਵੱਧ-ਚੜ੍ਹ ਕੇ ਹਿੱਸਾ ਲਿਆ ।ਇਹ ਸ਼ੋਭਾ ਯਾਤਰਾ ਪੱਟੀ ਸ਼ਹਿਰ ਵਿਚੋਂ ਹੁੰਦੀ ਹੋਈ ਹਰਿ ਹਰ ਰੋਹੀ ਮੰਦਰ ਪੱਟੀ ਪਹੁੰਚੀ।ਇਸ ਮੌਕੇ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ।ਕੈਬਨਿਟ ਮੰਤਰੀ ਭੁੱਲਰ ਨੇ ਰਾਮ ਭਗਤਾਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਅੱਜ ਇਤਿਹਾਸਕ ਦਿਨ ਹੈ ਜਿਸ ਦਿਨ ਅਯੁੱਧਿਆ ਵਿਚ ਸਥਿਤ ਰਾਮ ਮੰਦਰ ਲੋਕਾਂ ਨੂੰ ਸਮਰਪਿਤ ਹੋਇਆ ਹੈ।ਉਨ੍ਹਾਂ ਕਿਹਾ ਕਿ ਅਜਿਹੇ ਇਤਿਹਾਸਕ ਦਿਨ ਸਾਨੂੰ ਰਲ ਮਿਲ ਕੇ ਮਨਾਉਣੇ ਚਾਹੀਦੇ ਹਨ ਤਾਂ ਜੋ ਸਾਡੀ ਭਾਈਚਾਰਕ ਸਾਂਝ ਕਾਇਮ ਰਹਿ ਸਕੇ।ਭੁੱਲਰ ਨੇ ਇਸ ਤੋਂ ਇਲਾਵਾ ਸ਼ਿਵ ਸ਼ਕਤੀ ਗੁਪਤੇਸ਼ਵਰ ਮੰਦਰ ਘਾਟੀ ਬਜ਼ਾਰ ਵਿਚ ਵੀ ਹਾਜ਼ਰੀ ਲਗਾਈ।ਭਜਨ ਗਾਇਕ ਰਾਜਾ ਵੱਲੋਂ ਭਗਵਾਨ ਸ਼੍ਰੀ ਰਾਮ ਦੇ ਭਜਨਾਂ ਦਾ ਗੁਣਗਾਨ ਵੀ ਕੀਤਾ ਗਿਆ।ਇਸ ਮੌਕੇ ਬਾਬਾ ਆਨੰਦਗਿਰੀ ਜੀ ਮਹਾਰਾਜ ਨੇ ਆਈਆਂ ਸਾਰੀਆ ਸੰਗਤਾਂ ਨੂੰ ਮੰਦਰ ਦੇ ਨਿਰਮਾਣ ਤੇ ਵਧਾਈ ਦਿੱਤੀ ਅਤੇ ਅੱਜ ਦਿਨ ਘਰਾਂ ਵਿਚ ਦੀਪ ਮਾਲਾ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਦਿਲਬਾਗ ਸਿੰਘ ਪੀਏ, ਮੀਡੀਆ ਇੰਚਾਰਜ ਅਵਤਾਰ ਸਿੰਘ ਢਿ

23-JAN-PAGE-12.qxd 1/22/2024 10:32 PM Page 1



# ਸ਼ਰਧਾਵਾਨਾਂ ਲਈ ਰੂਹਾਨੀ ਜਲੌਅ, ਪਰ ਸਿਆਸਤਦਾਨਾਂ ਲਈ ...

**ਸ਼ਾਹਕੋਟ (ਗਿਆਨ ਸੈਦਪੁਰੀ)** ਸੋਮਵਾਰ ਸ਼ਾਹਕੋਟ ਵਿੱਚ ਸ੍ਰੀ ਅਯੁੱਧਿਆ ਧਾਮ ਅੰਦਰ ਭਗਵਾਨ ਸ੍ਰੀ ਰਾਮ ਲਲਾ ਜੀ ਦੀ ਪ੍ਰਾਣ ਪ੍ਰਤਿਸ਼ਠਾ ਦੀ ਖੁਸ਼ੀ ਵਿੱਚ ਹੋਏ ਸਮਾਗਮਾਂ ਦੌਰਾਨ ਜਿੱਥੇ ਮਾਹੌਲ 'ਰਾਮਮਈ' ਬਣਿਆ ਰਿਹਾ ਉੱਥੇ 'ਸਿਆਸੀ ਫੁੱਲਝੜੀਆ' ਚੱਲਦੀਆਂ ਵੀ ਨਜਰ ਆਈਆਂ। ਕੜਾਕੇ ਦੀ ਠੰਡ ਵਿੱਚ ਵੱਖ ਵੱਖ ਸਿਆਸੀ ਧਿਰਾਂ ਦੇ ਸਿਆਸੀ ਆਗੂ ਅਤੇ ਉਨ੍ਹਾਂ ਨਾਲ ਵਿਚਰਨ ਵਾਲੇ ਸਮਰਥੱਕਾਂ ਅੰਦਰ ਸਿਆਸਤ ਦੀਆਂ 'ਗਰਮ ਭਾਵਨਾਵਾਂ' ਦਾ ਪ੍ਰਗਟਾਵਾ ਹੁੰਦਾ ਵੇਖਿਆ ਗਿਆ। ਇੱਥੇ ਮੁੱਖ ਸਮਾਗਮ ਸਥਾਨਕ ਅਨਾਜ ਮੰਡੀ ਵਿੱਚ ਆੜ੍ਹਤੀ ਐਸੋਸੀਏਸਨ ਵੱਲੋਂ ਕਰਵਾਇਆ ਗਿਆ।

ਇਸ ਵਿੱਚ ਭਜਨ ਗਾਇਕ ਪੰਕਜ ਪਿੰਕਾ ਨੇ ਰਾਮ ਨਾਮ ਦੀ ਮਹਿਮਾ ਦਾ ਗੁਣ ਗਾਇਨ ਕੀਤਾ। ਇਸ ਕੀਰਤਨ ਸਮਾਰੋਹ ਵਿੱਚ ਵੱਖ ਵੱਖ ਸਿਆਸੀ ਪਾਰਟੀਆਂ ਹਲਕੇ ਵਿੱਚ ਵਿੱਚ ਵਿਚਰ ਰਹੇ ਸਰਗਰਮ ਆਗੂ ਪੂਰੇ ਧਾਰਮਿਕ 'ਜਲੌਅ' ਨਾਲ ਸ਼ਾਮਲ ਹੋਏ। ਇਹ ਆਗੂ ਤੇ ਸਮਰਥੱਕ ਵੱਖ ਵੱਖ ਥਾਵਾਂ 'ਤੇ ਇਕੱਤਰ ਹੋ ਕੇ ਆਪਸੀ ਸਲਾਹ ਮਸ਼ਵਰਾ ਕਰਕੇ ਸਮਾਗਮ ਵਿੱਚ ਸ਼ਿਰਕਤ ਕਰਨ ਲਈ ਰਵਾਨਾ ਹੁੰਦੇ ਰਹੇ। ਸਭ ਤੋਂ ਪਹਿਲਾਂ ਆਪ ਦੇ ਹਲਕਾ ਇੰਚਾਰਜ ਰਹੇ ਸਵਰਗੀ ਰਤਨ ਸਿੰਘ ਕਾਕੜ ਕਲਾਂ ਦੇ ਧਰਮ ਪਤਨੀ ਬੀਬੀ ਰਣਜੀਤ ਕੌਰ ਆਪਣੇ ਸਾਥੀਆਂ ਸਮੇਤ ਕੀਰਤਨ ਵਿੱਚ ਸ਼ਾਮਲ ਹੋਏ। ਇਨ੍ਹਾਂ ਸਾਥੀਆਂ ਵਿੱਚ ਸੀਨੀਅਰ ਆਗੂ ਬੂਟਾ ਸਿੰਘ ਕਲਸੀ, ਜਤਿੰਦਰ ਪਾਲ ਸਿੰਘ ਬੱਲ੍ਹਾ ਸਾਬਕਾ ਐਮ.ਸੀ, ਵੀਰ ਕੁਲਵੰਤ ਸਿੰਘ ਕੰਤਾ ਪ੍ਰਧਾਨ ਬੀ. ਆਰ ਅੰਬੇਡਕਰ ਆਰਮੀ, ਰਾਖੀ ਮੱਟੂ, ਪਰਮਜੀਤ ਪੰਮਾ ਅਤੇ ਮੰਗਾ ਮੱਟੂ ਆਦਿ ਸ਼ਾਮਲ ਹਨ। ਇਸ ਮੌਕੇ ਬੀਬੀ ਰਣਜੀਤ ਕੌਰ ਨੇ ਸਮੁੱਚੇ ਦੇਸ਼ ਵਾਸੀਆ ਨੂੰ ਵਧਾਈਆਂ ਦਿੰਦਿਆਂ ਆਪਸੀ ਸਦਭਾਵਨਾ ਨੂੰ ਹੋਰ ਮਜਬੂਤ ਕਰਨ ਦਾ ਸੱਦਾ ਦਿੱਤਾ।

ਇਸੇ ਤਰ੍ਹਾਂ ਕਾਂਗਰਸ ਪਾਰਟੀ ਦੇ ਕਾਰਕੁੰਨ ਨਗਰ ਪੰਚਾਇਤ ਸ਼ਾਹਕੋਟ ਦੇ ਸਾਬਕਾ ਪ੍ਰਧਾਨ ਸਤੀਸ਼ ਰਿਹਾਨ ਦੇ ਸ਼ੋਅ ਰੂਮ ਵਿਖੇ ਇਕੱਤਰ ਹੋਏ। ਇੱਥੇ ਕੀਰਤਨ ਸਮਾਰੋਹ ਵੱਲ ਤੁਰਨ ਤੋਂ ਪਹਿਲਾਂ ਸਾਹਕੋਟ

ਦੀ ਸਿਆਸਤ ਦੀ ਖੂਬ ਚੀਰ ਫਾੜ ਹੋਈ। ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਦੀ ਅਗਵਾਈ ਵਿੱਚ ਕਾਂਗਰਸ ਪਾਰਟੀ ਦਾ ਕਾਫਲਾ ਸਮਾਗਮ ਵਿੱਚ ਸ਼ਾਮਲ ਹੋਇਆ। ਇਸ ਮੌਕੇ ਇੱਕ ਸਵਾਲ ਪੁੱਛਣ 'ਤੇ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਨੇ ਕਿਹਾ ਕਿ ਸਿਆਸਤ ਨੂੰ ਹਰ ਰੋਜ ਦੇ ਸਮਾਜਕ ਵਰਤਾਰਿਆਂ ਤੋਂ ਅਣਭਿੱਜ ਨਹੀ ਰੱਖਿਆ ਜਾ ਸਕਦਾ। ਅਯੁੱਧਿਆ ਵਿੱਚ ਹੋ ਰਹੇ ਪ੍ਰਾਣ ਪ੍ਰਤਿਸ਼ਠਾ ਸਮਾਗਮ ਬੇਸ਼ੱਕ ਸਿਆਸਤ ਤੋਂ ਪ੍ਰੇਰਤ ਹੋਵੇ ਪਰ ਇੱਥੇ ਲੋਕ, ਧਾਰਮਿਕ ਅਕੀਦੇ ਦੇ ਮੱਦੇਨਜਰ ਪਹੁੰਚੇ ਹਨ। ਇਸ ਮੌਕੇ ਉਨ੍ਹਾਂ ਦੇ ਨਾਲ ਮਾਰਕਿਟ ਕਮੇਟੀ ਸ਼ਾਹਕੋਟ ਦੇ ਸਾਬਕਾ ਚੇਅਰਮੈਨ ਸੁਰਿੰਦਰਜੀਤ ਸਿੰਘ ਚੱਠਾ ਅਤੇ ਗੁਲਜਾਰ ਸਿੰਘ ਥਿੰਦ, ਨਗਰ ਪੰਚਾਇਤ ਸ਼ਾਹਕੋਟ ਦੇ ਸਾਬਕਾ ਪ੍ਰਧਾਨ ਸਤੀਸ਼ ਰਿਹਾਨ, ਨਗਰ ਪੰਚਾਇਤ ਸ਼ਾਹਕੋਟ ਦੇ ਸਾਬਕਾ ਵਾਇਸ ਪ੍ਰਧਾਨ ਪਰਮਜੀਤ ਕੌਰ ਬਜਾਜ, ਕੋਆਪ੍ਰੇਟਿਵ ਸੁਸਾਇਟੀ ਢੰਡੋਵਾਲ ਦੇ ਪ੍ਰਧਾਨ ਜਗਤਾਰ ਸਿੰਘ ਖਾਲਸਾ, ਸੁਖਦੀਪ ਸਿੰਘ ਕੰਗ ਪੀ.ਏ, ਰੋਮੀ ਗਿੱਲ ਸਾਬਕਾ ਐਮ. ਸੀ, ਪਵਨ ਜੁਨੇਜਾ, ਸੋਨੀ ਬਜਾਜ, ਬੰਟੀ ਬਠੱਲਾ, ਗਗਨ ਜਿੰਦਲ, ਲਛਮਣ ਸੋਬਤੀ, ਸੁਰਿੰਦਰ ਭੱਟੀ, ਡਾ ਅਰਵਿੰਦਰ ਸਿੰਘ ਰੂਪਰਾ, ਟਿੰਪੀ ਕੁਮਰਾ ਅਤੇ ਹੋਰ ਬਹੁਤ ਸਾਰੇ ਕਾਂਗਰਸੀ ਵਰਕਰ ਹਾਜਰ ਸਨ। ਇਸੇ ਦੌਰਾਨ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਰਾਣਾ ਹਰਦੀਪ ਸਿੰਘ ਆਪਣੇ ਹੋਰ ਅਨੇਕਾਂ ਸਾਥੀਆਂ ਸਮੇਤ ਸਮਾਗਮ ਦਾ ਹਿੱਸਾ ਬਣੇ। ਇਨ੍ਹਾਂ ਵਿੱਚ ਮਾਰਕਿਟ ਕਮੇਟੀ ਮਹਿਤਪੁਰ ਦੇ ਚੇਅਰਮੈਨ ਬਲਕਾਰ ਸਿੰਘ ਚੱਠਾ, ਕਮਲ ਕੁਮਾਰ ਨਾਹਰ ਸਾਬਕਾ ਐਮ. ਸੀ, ਪ੍ਰਵੀਨ ਗਰੋਵਰ, ਅਨਿਲ ਕੁਮਾਰ ਮਲਸੀਆ, ਸੁਬੇਗ ਸਿੰਘ ਧਰਮੀਵਾਲ ਅਤੇ ਅੰਮ੍ਰਿਤਪਾਲ ਸਿੰਘ ਜੋਨਾ ਸ਼ਾਮਲ ਹਨ। ਇਸ ਮੌਕੇ ਰਾਣਾ ਹਰਦੀਪ ਸਿੰਘ ਨੇ ਕਿਹਾ ਕਿ ਹਾਕਮ ਧਿਰ ਅਯੁੱਧਿਆ ਵਿੱਚ ਪ੍ਰਾਣ ਪ੍ਰਤਿਸ਼ਠਾ ਵਿੱਚ ਬੇਸ਼ੱਕ ਕੁਝ ਕਾਹਲੀ ਕਰ ਦਿੱਤੀ ਗਈ ਨਜਰ ਆਉਂਦੀ ਹੈ, ਪਰ ਇਹ ਧਾਰਮਿਕ ਪੱਖੋਂ ਬਹੁਤ ਵਧੀਆ ਹੋਇਆ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਲੱਗਦਾ ਹੈ ਕਿ ਇਸ ਕਾਰਜ ਨੂੰ ਮੁਸਲਿਮ ਭਾਈਚਾਰੇ ਨੇ ਵੀ ਸਵੀਕਾਰ ਲਿਆ ਹੈ। ਅਨਾਜ ਮੰਡੀ ਵਿੱਚ ਹੋਏ ਕੀਰਤਨ ਸਮਾਰੋਹ ਵਿੱਚ ਅਕਾਲੀ ਦਲ (ਬਾਦਲ) ਦੇ ਹਲਕਾ ਇੰਚਾਰਜ ਐਡਵੋਕੇਟ ਬਚਿੱਤਰ ਸਿੰਘ ਕੋਹਾੜ ਆਪਣੇ ਸਾਥੀਆਂ ਮਾਰਕਿਟ ਕਮੇਟੀ ਸ਼ਾਹਕੋਟ ਦੇ ਸਾਬਕਾ ਚੇਅਰਮੈਨ ਜਥੇਦਾਰ ਚਰਨ ਸਿੰਘ ਸਿੰਧੜ, ਠੇਕੇਦਾਰ ਰਣਬੀਰ ਸਿੰਘ ਰਾਣਾ ਆਦਿ ਨਾਲ ਸ਼ਾਮਲ ਹੋਏ। ਭਾਜਪਾ ਦੇ ਸੀਨੀਅਰ ਆਗੂ ਡਾ. ਅਮਰਜੀਤ ਸਿੰਘ ਥਿੰਦ ਵੀ ਆਪਣੇ ਹੋਰ ਸਾਥੀਆਂ ਸਮੇਤ ਧਾਰਮਿਕ ਸਮਾਗਮ ਵਿੱਚ ਹਾਜਰੀ ਭਰ ਕੇ ਗਏ।

ਪ੍ਰਬੰਧਕਾਂ ਨੇ ਐਲ. ਈ. ਡੀ. ਰਾਹੀ ਅਯੁੱਧਿਆਂ ਤੋਂ ਸਿੱਧਾ ਪ੍ਰਸਾਰਨ ਵੀ ਵਿਖਾਇਆ। ਇੰਝ ਇਹ ਸਮਾਗਮ ਜਿੱਥੇ ਸ਼ਰਧਾਵਾਨ ਲੋਕਾਂ ਲਈ ਰੂਹਾਨੀ ਜਲੌਅ ਵਾਲਾ ਸੀ, ਉੱਥੇ ਹੀ ਸਿਆਸੀ ਲੋਕਾਂ ਨੂੰ ਇਹ ਆਪਣੀ ਸਿਆਸੀ ਹੋਂਦ ਵਿਖਾਉਣ ਦਾ ਵੀ ਸਬੱਬ ਬਣ ਗਿਆ।

# ਸ੍ਰੀ ਰਾਮ ਜੀ ਦਾ ਕੀਤਾ ਗੁਣਗਾਨ

**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)** ਅਯੁੱਧਿਆ 'ਚ ਭਗਵਾਨ ਸ੍ਰੀ ਰਾਮ ਮੰਦਰ ਦੇ ਉਦਘਾਟਨ ਅਤੇ ਪ੍ਰਤਿਸ਼ਠਾ ਦੀ ਖੁਸੀ ਵਿੱਚ ਸ਼ਿਵ ਸੈਨਾ ਹਿੰਦੁਸਤਾਨ ਪ੍ਰਧਾਨ ਬੇਬੀ ਭਾਰਤੀ ਆਗਰਾ ਵਾਇਸ ਪ੍ਰਧਾਨ ਓਮ ਪਰਕਾਸ਼ ਸ਼ਰਧਾਲੂਆਂ ਵਲੋਂ ਜੈ ਸ੍ਰੀ ਰਾਮ ਦੇ ਜੈਕਾਰੇ ਲਾਉਂਦੇ ਹੋਏ ਸ੍ਰੀ ਰਾਮ ਜੀ ਦਾ ਗੁਣਗਾਨ ਕੀਤਾ ਗਿਆ। ਇਸ ਮੌਕੇ ਸਲੋਹ ਰੋਡ ਮੋਹਿਤ ਕਰਿਆਨਾ ਸਟੋਰ ਮੋਹਰੇ ਸਵੇਰ ਤੋਂ ਹੀ ਚਾਹ ਪਕੌੜੇ ਦਾ ਲੰਗਰ ਲਗਾਇਆ ਗਿਆ ਤੇ ਲੱਡੂ ਵੰਡੇ ਗਏ । ਸ਼ਹਿਰ ਵਾਸੀਆ ਵਲੋਂ ਸ੍ਰੀ ਰਾਮ ਦੇ ਜੈਕਾਰੇ ਲਾਉਂਦੇ ਹੋਏ ਲੰਗਰ ਛਕਿਆ ਗਿਆ।

# ਸ਼੍ਰੋਮਣੀ ਅਕਾਲੀ ਦਲ ਨੇ ਕੀਤੀ ਸ਼ਮੂਲੀਅਤ

**ਫਗਵਾੜਾ (ਇੰਦਰਜੀਤ ਸਿੰਘ ਮਠਾੜੂ )** ਇਥੇ ਸ਼੍ਰੀ ਰਾਮ ਜਨਮ ਭੂਮੀ ਮੰਦਰ ਦੇ ਉਦਘਾਟਨੀ ਸਮਾਰੋਹ ਨੂੰ ਲੈ ਕੇ ਕੱਢੀ ਗਈ ਵਿਸ਼ਾਲ ਸ਼ੋਭਾ ਯਾਤਰਾ ਅਤੇ ਵੱਖ ਵੱਖ ਪ੍ਰੋਗਰਾਮਾਂ ਵਿੱਚ ਸ਼੍ਰੋਮਣੀ ਅਕਾਲੀ ਦਲ (ਬਾਦਲ) ਹਲਕਾ ਫਗਵਾੜਾ ਦੀ ਸੀਨੀਅਰ ਲੀਡਰਸ਼ਿਪ ਵੱਲੋ ਸ਼ਮੂਲੀਅਤ ਕੀਤੀ ਗਈ ਅਤੇ ਸਮੂਹ ਹਿੰਦੂ ਸਮਾਜ ਅਤੇ ਦੇਸ਼ ਵਾਸੀਆਂ ਨੂੰ ਇਸ ਇਤਿਹਾਸਕ ਮੌਕੇ ਦਿਲ ਦੀਆਂ ਗਹਿਰਾਈਆਂ ਤੋਂ ਮੁਬਾਰਕਬਾਦ ਦਿੱਤੀ। ਗੁਰੂ ਸਾਹਿਬਾਨ ਨੇ ਸਾਨੂੰ ਸਾਰੇ ਧਰਮਾਂ ਦਾ ਅਦਬ ਸਤਿਕਾਰ ਕਰਨ ਦੀ ਸਿੱਖਿਆ ਦਿੱਤੀ ਹੈ। ਸਾਨੂੰ ਸਾਰਿਆਂ ਨੂੰ ਆਪਸੀ ਪ੍ਰੇਮ ਪਿਆਰ, ਧਾਰਮਿਕ ਸਦਭਾਵਨਾ, ਸਾਂਝੀਵਾਲਤਾ ਅਤੇ ਸਮਾਜਿਕ ਬਰਾਬਰਤਾ ਉਪਰ ਪਹਿਰਾ ਦੇਣਾ ਚਾਹੀਦਾ ਹੈ।ਇਸ ਮੌਕੇ ਰਣਜੀਤ ਖੁਰਾਣਾ ਹਾਜਰ ਸਨ।

# ਸ਼ਾਨਦਾਰ ਰਿਹਾ ਡਾ. ਜਸਵਿੰਦਰ ਸਿੰਘ ਤੇ ਡਾ. ਧਨਵੰਤ ਕੌਰ ਦਾ ਸਨਮਾਨ ਸਮਾਰੋਹ

**ਜਲੰਧਰ: (ਕੇਸਰ)**-ਸਾਹਿਤ ਕਲਾ ਕੇਂਦਰ ਜਲੰਧਰ ਵੱਲੋਂ ਇੰਡੋਜ਼ ਪੰਜਾਬੀ ਸਾਹਿਤ ਅਕੈਡਮੀ ਆਫ ਅਸਟਰੇਲੀਆ ਦੇ ਸਹਿਯੋਗ ਨਾਲ ਉੱਘੀ ਚਿੰਤਕ ਜੋੜੀ ਡਾ. ਜਸਵਿੰਦਰ ਸਿੰਘ ਤੇ ਡਾ. ਧਨਵੰਤ ਕੌਰ ਨੂੰ ਗ਼ਦਰੀ ਭਾਈ ਸੰਤੋਖ ਸਿੰਘ ਯਾਦਗਾਰੀ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ। ਜਲੰਧਰ ਦੇ ਦੇਸ਼ ਭਗਤ ਯਾਦਗਾਰ ਹਾਲ ਵਿਖੇ ਕਰਵਾਇਆ ਗਿਆ ਸਨਮਾਨ ਸਮਾਰੋਹ ਚਿੰਤਕ ਜੋੜੀ ਅਤੇ ਉਹਨਾਂ ਬਾਰੇ ਬੋਲਣ ਵਾਲੇ ਬੁਲਾਰਿਆਂ ਦੇ ਗਿਆਨ ਵਰਧਕ ਬੋਲਾਂ ਸਦਕਾ ਬੇਹੱਦ ਪ੍ਰਭਾਵਸ਼ਾਲੀ ਰਿਹਾ। ਸਮਾਗਮ ਵਿਚ ਪ੍ਰੋ. ਕੁਲਵੰਤ ਸਿੰਘ ਔਜਲਾ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ। ਉਹਨਾਂ ਦੇ ਨਾਲ ਪ੍ਰੋ. ਡਾ. ਬਲਜੀਤ ਕੌਰ, ਸ. ਦਰਸ਼ਨ ਸਿੰਘ ਮਾਹਲ ਖਾਲਸਾ ਦੀਵਾਨ ਸੁਸਾਇਟੀ ਐਬਟਸਫੋਰਡ, ਡਾ. ਮੱਖਣ ਸਿੰਘ ਗੁਜਰਾਂਵਾਲੀਆ ਬਤੌਰ ਵਿਸ਼ੇਸ਼ ਮਹਿਮਾਨ ਪ੍ਰਧਾਨਗੀ ਮੰਡਲ ਵਿਚ ਸੁਸ਼ੋਭਿਤ ਹੋਏ। ਵਰਣਨਯੋਗ ਹੈ ਮਹਾਨ ਗ਼ਦਰੀ ਦੇਸ਼ ਭਗਤ ਭਾਈ ਸੰਤੋਖ ਦੀ ਯਾਦ ਵਿਚ ਦਿੱਤੇ ਗਏ ਇਸ ਪੁਰਸਕਾਰ ਵਿਚ ਸਿਮਰਤੀ ਚਿੰਨ੍ਹ ਤੇ ਦੋਸ਼ਾਲੇ ਤੋਂ ਇਲਾਵਾ ਇੱਕੀ-ਇੱਕੀ ਹਜ਼ਾਰ ਰੁਪਏ ਦੀ ਨਕਦ ਰਾਸ਼ੀ ਸ਼ਾਮਿਲ ਹੈ। ਇਸ ਸਨਮਾਨਿਤ ਜੋੜੀ ਦੇ ਯੋਗਦਾਨ ਬਾਰੇ ਪ੍ਰੋ. ਔਜਲਾ, ਡਾ. ਬਲਜੀਤ ਕੌਰ, ਸ. ਦਰਸ਼ਨ ਸਿੰਘ ਮਾਹਲ ਅਤੇ ਡਾ. ਮੱਖਣ ਸਿੰਘ ਗੁਜਰਾਂਵਾਲੀਆ ਨੇ ਮੁੱਲਵਾਨ ਜਾਣਕਾਰੀ

ਸਾਂਝੀ ਕੀਤੀ। ਡਾ. ਜਸਵਿੰਦਰ ਸਿੰਘ ਤੇ ਡਾ. ਧਨਵੰਤ ਕੌਰ ਨੇ ਇਕ ਮਹਾਨ ਹਸਤੀ ਦੇ ਨਾਮ ਤੇ ਮਿਲੇ ਇਸ ਪੁਰਸਕਾਰ ਲਈ ਸਾਹਿਤ ਕਲਾ ਕੇਂਦਰ ਤੇ ਇਪਸਾ ਦੇ ਸੰਚਾਲਕਾਂ ਦਾ ਧੰਨਵਾਦ ਕੀਤਾ। ਪ੍ਰਧਾਨਗੀ ਮੰਡਲ ਤੋਂ ਇਲਾਵਾ ਨਕਾਸ਼ ਚਿਤੇਆਣੀ, ਸੁਰਿੰਦਰ ਸਿੰਘ ਸੁੰਨੜ, ਡਾ. ਹਰਜਿੰਦਰ ਸਿੰਘ ਅਟਵਾਲ, ਸੰਤੋਖ ਸਿੰਘ ਮਿਨਹਾਸ (ਯੂ ਐਸ ਏ) ਸ਼ੈਲਿੰਦਰਜੀਤ ਰਾਜਨ, ਮੱਖਣ ਭੈਣੀ ਵਾਲਾ, ਡਾ. ਲਖਵਿੰਦਰ ਜੌਹਲ, ਗੁਰਭਜਨ ਸਿੰਘ ਲਾਸਾਨੀ, ਨਰਿੰਦਰਪਾਲ ਸਿੰਘ ਕੰਗ, ਡਾ. ਸੁਖਵਿੰਦਰ ਸਿੰਘ ਸੰਘਾ ਡਾ. ਤੇਜਿੰਦਰ ਵਿਰਲੀ, ਬਲਜੀਤ ਕੌਰ ਬੱਲ ਡਾ. ਜਸਪਾਲ ਸਿੰਘ ਪ੍ਰਿੰਸੀਪਲ ਲਾਇਲਪੁਰ ਖਾਲਸਾ ਕਾਲਜ ਜਲੰਧਰ ਭੁਪਿੰਦਰ ਸਿੰਘ ਮੱਲ੍ਹੀ (ਕੈਨੇਡਾ) ਨੇ ਡਾ. ਜਸਵਿੰਦਰ ਸਿੰਘ ਤੇ ਡਾ. ਧਨਵੰਤ ਕੌਰ ਬਾਰੇ ਬੋਲਦਿਆਂ ਪ੍ਰਬੰਧਕਾਂ ਨੂੰ ਪੁਰਸਕਾਰਿਤ ਜੋੜੀ ਦੀ ਸੁਚੱਜੀ ਚੋਣ ਲਈ ਪ੍ਰਬੰਧਕਾਂ ਨੂੰ ਵਧਾਈ ਦਿੱਤੀ। ਇਸ ਅਵਸਰ 'ਤੇ ਕੈਨੇਡਾ ਦੇ ਬਰੈਮਪਟਨ ਵਾਸੀ ਲੇਖਕ ਕੁਲਵਿੰਦਰ ਖਹਿਰਾ ਦੀ ਕਾਵਿ ਪੁਸਤਕ 'ਹਨੇਰੇ ਦੀ ਤਲ੍ਹੀ 'ਤੇ' ਅਤੇ ਸਰਬਜੀਤ ਸੋਹੀ ਦੀ ਕਵਿਤਾ ਬਾਰੇ ਡਾ. ਗੋਪਾਲ ਸਿੰਘ ਬੁੱਟਰ ਦੁਆਰਾ ਸੰਪਾਦਿਤ ਪੁਸਤਕ ਸਰਬਜੀਤ ਸੋਹੀ ਦੀ ਕਾਵਿ ਸੰਵੇਦਨਾ' ਨੂੰ ਰੀਲੀਜ਼ ਕੀਤਾ ਗਿਆ। ਇਸ ਮੌਕੇ 'ਤੇ ਭਾਈ ਸੰਤੋਖ ਸਿੰਘ ਦੇ ਨਗਰ ਧਰਦਿਓ (ਅੰਮ੍ਰਿਤਸਰ) ਤੋਂ ਨੌਜਵਾਨ ਆਗੂ ਮਨਦੀਪ ਧਰਦਿਓ ਨੇ ਵੀ ਆਪਣੇ ਨਗਰ ਵੱਲੋਂ ਡਾ. ਜਸਵਿੰਦਰ ਸਿੰਘ, ਡਾ. ਧਨਵੰਤ ਕੌਰ ਨੂੰ ਸਿਰੋਪਾਓ ਨਾਲ ਸਨਮਾਨਤ ਕੀਤਾ। ਮਨਦੀਪ ਧਰਦਿਓ ਨੇ ਇਸ ਅਵਸਰ 'ਤੇ ਭਾਈ ਸੰਤੋਖ ਸਿੰਘ ਦੀ ਪ੍ਰੇਰਣਾਦਾਇਕ ਸ਼ਖ਼ਸੀਅਤ ਬਾਰੇ ਵਿਚਾਰ ਸਾਂਝੇ ਕਰਦਿਆਂ ਸਨਮਾਨਿਤ ਜੋੜੀ ਨੂੰ ਵਧਾਈ ਦਿੱਤੀ। ਸਮਾਗਮ ਦਾ ਮੰਚ ਸੰਚਾਲਨ ਕੇਂਦਰ ਪ੍ਰਧਾਨ ਪ੍ਰੋਫੈਸਰ ਗੋਪਾਲ ਸਿੰਘ ਬੁੱਟਰ ਨੇ ਬਾਖੂਬੀ ਕੀਤਾ। ਇਸੇ ਦੌਰਾਨ ਜਸਵਿੰਦਰ ਸਿੰਘ ਅਤੇ ਧਨਵੰਤ ਕੌਰ ਨੇ ਆਪਣੀਆਂ ਰਚੀਆਂ ਪੁਸਤਕਾਂ ਭਾਈ ਸੰਤੋਖ ਸਿੰਘ ਕਿਰਤੀ ਲਾਇਬ੍ਰੇਰੀ, ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਨੂੰ ਭੇਂਟ ਕੀਤੀਆਂ। ਲਾਇਬ੍ਰੇਰੀ ਕਮੇਟੀ ਦੇ ਕਨਵੀਨਰ ਡਾ. ਗੋਪਾਲ ਸਿੰਘ ਬੁੱਟਰ ਨੂੰ ਕਿਤਾਬਾਂ ਸੌਂਪਦਿਆਂ ਇਸ ਚਿੰਤਕ ਜੋੜੀ ਨੇ ਆਪਣੇ ਪਿਤਾ ਕਾ. ਚਰਨ ਸਿੰਘ ਤੇ ਉਨ੍ਹਾਂ ਦੇ ਨਜ਼ਦੀਕੀ ਸਾਥੀ ਬਾਬਾ ਬਚਨ ਸਿੰਘ ਮਹਿਤਪੁਰ, ਦੇਸ਼ ਭਗਤ ਯਾਦਗਾਰ ਕਮੇਟੀ ਨਾਲ ਭਾਵਨਾਤਮਕ ਸਬੰਧਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਾਡਾ ਇਸ ਅਜ਼ੀਮ ਅਦਾਰੇ ਨਾਲ ਬਹੁਤ ਡੂੰਘਾ ਸਨੇਹ ਅਤੇ ਸਤਿਕਾਰ ਦਾ ਰਿਸ਼ਤਾ ਹੈ। ਪ੍ਰੋ. ਬੁੱਟਰ ਨੇ ਇਸ ਚਿੰਤਕ ਜੋੜੀ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਉਹਨਾਂ ਦਾ ਧੰਨਵਾਦ ਕੀਤਾ।

# ਲਾਇਲਪੁਰ ਖ਼ਾਲਸਾ ਕਾਲਜ ਦਾ ਕੈਡਿਟ ਗਣਤੰਤਰ ਦਿਵਸ ਪਰੇਡ ਲਈ ਚੁਣਿਆ

**ਜਲੰਧਰ ( ਸ਼ੈਲੀ ਐਲਬਰਟ)**:- ਲਾਇਲਪੁਰ ਖ਼ਾਲਸਾ ਕਾਲਜ ਦੇ ਬੀਏ ਦੂਜੇ ਸਾਲ ਦੇ ਵਿਦਿਆਰਥੀ ਅਭਿਸ਼ੇਕ ਕੁਮਾਰ ਦੀ 26 ਜਨਵਰੀ ਨੂੰ ਨਵੀਂ ਦਿੱਲੀ ਵਿਖੇ ਕਰਤਵਿਆ ਪੱਥ 'ਤੇ ਹੋਣ ਵਾਲੀ ਪਰੇਡ ਵਿੱਚ ਚੋਣ ਹੋਈ ਹੈ।। ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਪ੍ਰੈਸ ਰਿਲੀਜ਼ ਵਿੱਚ ਦੱਸਿਆ ਕਿ ਇਹ ਕਾਲਜ ਲਈ ਮਾਣ ਵਾਲੀ ਗੱਲ ਹੈ ਕਿ 75ਵੇਂ ਗਣਤੰਤਰ ਦਿਵਸ 'ਤੇ ਸਾਡੇ ਕਾਲਜ ਦਾ ਐਨ.ਸੀ.ਸੀ. ਕੈਡਿਟ ਸ਼ਮੂਲੀਅਤ ਕਰ ਰਿਹਾ ਹੈ।। ਉਹਨਾਂ ਅੱਗੇ ਕਿਹਾ ਕਿ ਕਾਲਜ ਦੇ ਐਨ.ਸੀ.ਸੀ. ਯੂਨਿਟ ਲੈਫਟੀਨੈਂਟ ਕਰਨਬੀਰ ਸਿੰਘ ਦੀ ਅਗਵਾਈ ਵਿੱਚ ਪਿਛਲੇ ਤਿੰਨ ਸਾਲਾਂ ਤੋਂ ਰਾਸ਼ਟਰੀ ਪੱਧਰ 'ਤੇ ਗਣਤੰਤਰ ਦਿਵਸ ਅਤੇ ਸੁਤੰਤਰਤਾ ਦਿਵਸ ਤੇ ਜਸ਼ਨਾਂ ਵਿੱਚ ਹਿੱਸਾ ਲੈ ਰਿਹਾ ਹੈ।

ਕਾਲਜ ਦਾ ਐਨ.ਸੀ.ਸੀ. ਯੂਨਿਟ, 2 ਪੰਜਾਬ ਐਨ.ਸੀ.ਸੀ. ਬਟਾਲੀਅਨ ਨਾਲ ਜੁੜਿਆ ਹੋਇਆ ਹੈ। ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਐਨ.ਸੀ.ਸੀ. ਬਟਾਲੀਅਨ ਦੇ ਕਮਾਂਡਿੰਗ ਅਫਸਰ ਕਰਨਲ ਵਿਨੋਦ ਜੋਸ਼ੀ ਦਾ ਕੈਡਿਟਾਂ ਨੂੰ ਮਿਆਰੀ ਮਾਰਗਦਰਸ਼ਨ ਪ੍ਰਦਾਨ ਕਰਨ ਵਿੱਚ ਸਹਾਇਤਾ ਲਈ ਧੰਨਵਾਦ ਕੀਤਾ।। ਉਨ੍ਹਾਂ ਇਸ ਮੌਕੇ ਦੱਸਿਆ ਕਿ ਰਾਸ਼ਟਰੀ ਪੱਧਰ ਦੇ ਇਸ ਕੈਂਪ ਦੀ ਚੋਣ ਲਈ ਐਨ.ਸੀ.ਸੀ. ਕੈਡਿਟਾਂ ਵਿਚਕਾਰ ਸਖਤ ਮੁਕਾਬਲਾ ਹੁੰਦਾ ਹੈ।

ਇਸ ਦੀ ਸ਼ੁਰੂਆਤੀ ਚੋਣ 2 ਪੰਜਾਬ ਐਨ.ਸੀ.ਸੀ. ਬਟਾਲੀਅਨ ਦੁਆਰਾ ਕੀਤੀ ਗਈ ਸੀ। ਪੰਜਾਬ, ਹਰਿਆਣ